ਬਿਜ਼ਨੈੱਸ ਡੈਸਕ 22 ਜੂਨ। ਕੇਂਦਰੀ ਕਰਮਚਾਰੀਆਂ ਅਤੇ ਪੈਨਸ਼ਨਰਾਂ ਲਈ ਇੱਕ ਵੱਡਾ ਅਪਡੇਟ ਆਇਆ ਹੈ। ਭਾਰਤ ਸਰਕਾਰ ਦੁਆਰਾ ਅਕਤੂਬਰ 2025 ਵਿੱਚ ToR ਨੂੰ ਮਨਜ਼ੂਰੀ ਦਿੱਤੇ ਜਾਣ ਤੋਂ ਬਾਅਦ ਕਮਿਸ਼ਨ ਲਗਭਗ ਅੱਠ ਮਹੀਨਿਆਂ ਤੋਂ ਕੰਮ ਕਰ ਰਿਹਾ ਹੈ। ਹੁਣ ਕਰਮਚਾਰੀਆਂ ਦੇ ਮਹਿੰਗਾਈ ਭੱਤੇ ਸੰਬੰਧੀ ਇੱਕ ਨਵਾਂ ਅਪਡੇਟ ਸਾਹਮਣੇ ਆਇਆ ਹੈ। ਹੁਣ 41 ਅਤੇ 8ਵੇਂ ਤਨਖਾਹ ਕਮਿਸ਼ਨ ਸੰਬੰਧੀ ਨਵੀਨਤਮ ਅਪਡੇਟਸ ਸਾਹਮਣੇ ਆਏ ਹਨ। ਕੇਂਦਰ ਸਰਕਾਰ ਮਹਿੰਗਾਈ ਭੱਤੇ (41) ਅਤੇ ਪੈਨਸ਼ਨਰਾਂ ਦੀ ਮਹਿੰਗਾਈ ਰਾਹਤ ਵਿੱਚ ਸਾਲ ਵਿੱਚ ਦੋ ਵਾਰ ਵਾਧੇ ਦਾ ਐਲਾਨ ਕਰਦੀ ਹੈ। ਪਹਿਲਾਂ, 41 ਵਿੱਚ 2% ਦਾ ਵਾਧਾ ਕੀਤਾ ਗਿਆ ਸੀ, ਜੋ ਜਨਵਰੀ 2026 ਤੋਂ ਲਾਗੂ ਹੁੰਦਾ ਹੈ, ਜਿਸ ਨਾਲ ਕੁੱਲ ਦਰ 60% ਹੋ ਜਾਂਦੀ ਹੈ। ਇਸਦਾ ਅਧਿਕਾਰਤ ਤੌਰ 'ਤੇ ਐਲਾਨ 18 ਅਪ੍ਰੈਲ, 2026 ਨੂੰ ਕੀਤਾ ਗਿਆ ਸੀ। ਜੁਲਾਈ ਤੋਂ ਦਸੰਬਰ ਤੱਕ ਦੇ ਡੀਏ ਦਾ ਐਲਾਨ ਆਮ ਤੌਰ 'ਤੇ ਸਤੰਬਰ-ਅਕਤੂਬਰ ਵਿੱਚ ਕੀਤਾ ਜਾਂਦਾ ਹੈ ਡੀਏ ਦੀ ਗਣਨਾ ਲੇਬਰ ਬਿਊਰੋ ਦੁਆਰਾ ਜਾਰੀ ਕੀਤੇ ਗਏ ਆਲ ਇੰਡੀਆ ਕੰਜ਼ਿਊਮਰ ਪ੍ਰਾਈਸ ਇੰਡੈਕਸ ਫਾਰ ਇੰਡਸਟਰੀਅਲ ਵਰਕਰਜ਼ ਡੇਟਾ ਦੇ ਅਧਾਰ 'ਤੇ ਕੀਤੀ ਜਾਂਦੀ ਹੈ। ਅਪ੍ਰੈਲ 2026 ਲਈ ਅੰਕੜਾ 0.8 ਅੰਕ ਵਧ ਕੇ 149.9 ਹੋ ਗਿਆ। ਹੁਣ, ਜੁਲਾਈ 2026 ਤੋਂ ਲਾਗੂ ਹੋਣ ਵਾਲਾ ਡੀਏ ਮੁੱਖ ਤੌਰ 'ਤੇ ਮਈ ਅਤੇ ਜੂਨ 2026 ਦੇ ਡੇਟਾ 'ਤੇ ਨਿਰਭਰ ਕਰੇਗਾ। 8ਵੇਂ ਤਨਖਾਹ ਕਮਿਸ਼ਨ ਨੂੰ ਮੈਮੋਰੰਡਮ ਜਮ?ਹਾਂ ਕਰਨ ਦੀ ਆਖਰੀ ਮਿਤੀ 15 ਜੂਨ, 2026 ਸੀ, ਜੋ ਹੁਣ ਖਤਮ ਹੋ ਗਈ ਹੈ। ਕਮਿਸ਼ਨ ਨੇ ਆਪਣੀ ਅਧਿਕਾਰਤ ਵੈੱਬਸਾਈਟ 'ਤੇ ਸਰਕਾਰੀ ਅਧਿਕਾਰੀਆਂ, ਕਰਮਚਾਰੀਆਂ ਅਤੇ ਪੈਨਸ਼ਨਰਾਂ ਦੀਆਂ ਵੱਖ-ਵੱਖ ਸ਼੍ਰੇਣੀਆਂ ਲਈ ਤਨਖਾਹ, ਭੱਤਿਆਂ ਅਤੇ ਪੈਨਸ਼ਨ ਢਾਂਚੇ 'ਤੇ ਸਿਫ਼ਾਰਸ਼ਾਂ ਕਰਨ ਲਈ ਮੈਮੋਰੰਡਮ ਜਮ?ਹਾਂ ਕਰਨ ਵਾਲੀ ਵਿੰਡੋ ਖੋਲ੍ਹੀ ਸੀ। ਕੇਂਦਰੀ ਕਰਮਚਾਰੀ ਸੰਗਠਨਾਂ ਅਤੇ ਯੂਨੀਅਨਾਂ ਦੁਆਰਾ ਕਮਿਸ਼ਨ ਨੂੰ ਸੌਂਪੇ ਗਏ ਮੈਮੋਰੰਡਮ ਮੁੱਖ ਤੌਰ 'ਤੇ ਤਨਖਾਹਾਂ, ਪੈਨਸ਼ਨਾਂ ਅਤੇ ਰਿਟਾਇਰਮੈਂਟ ਲਾਭਾਂ ਨੂੰ ਬਿਹਤਰ ਬਣਾਉਣ 'ਤੇ ਕੇਂਦ੍ਰਿਤ ਸਨ: ਘੱਟੋ-ਘੱਟ ਮੁੱਢਲੀ ਤਨਖਾਹ ਅਤੇ ਫਿਟਮੈਂਟ ਫੈਕਟਰ: ਯੂਨੀਅਨਾਂ ਘੱਟੋ-ਘੱਟ ਮੁੱਢਲੀ ਤਨਖਾਹ ਵਿੱਚ ਮਹੱਤਵਪੂਰਨ ਵਾਧੇ ਅਤੇ ਫਿਟਮੈਂਟ ਫੈਕਟਰ ਵਿੱਚ ਵਾਧੇ ਦੀ ਮੰਗ ਕਰ ਰਹੀਆਂ ਹਨ। 15 ਜੂਨ ਨੂੰ ਮੈਮੋਰੰਡਮ ਜਮ?ਹਾਂ ਕਰਨ ਦੀ ਪ੍ਰਕਿਰਿਆ ਦੇ ਪੂਰਾ ਹੋਣ ਦੇ ਨਾਲ, ਕਮਿਸ਼ਨ ਨੇ ਹਿੱਸੇਦਾਰਾਂ ਨਾਲ ਵਿਚਾਰ-ਵਟਾਂਦਰੇ ਦਾ ਇੱਕ ਮਹੱਤਵਪੂਰਨ ਪੜਾਅ ਪੂਰਾ ਕਰ ਲਿਆ ਹੈ। ਕਮਿਸ਼ਨ ਹੁਣ ਕਰਮਚਾਰੀਆਂ, ਪੈਨਸ਼ਨਰਾਂ ਅਤੇ ਨਿਆਂਇਕ ਅਧਿਕਾਰੀਆਂ ਤੋਂ ਪ੍ਰਾਪਤ ਸੁਝਾਵਾਂ ਦਾ ਡੂੰਘਾਈ ਨਾਲ ਅਧਿਐਨ ਕਰੇਗਾ ਅਤੇ ਬਾਕੀ ਵਿਚਾਰ-ਵਟਾਂਦਰੇ ਨੂੰ ਤੇਜ਼ ਕਰੇਗਾ। 8ਵਾਂ ਤਨਖਾਹ ਕਮਿਸ਼ਨ ਹਿੱਸੇਦਾਰਾਂ ਨਾਲ ਸਿੱਧੇ ਤੌਰ 'ਤੇ ਗੱਲਬਾਤ ਕਰਨ ਲਈ ਵੱਖ-ਵੱਖ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਦੌਰੇ ਜਾਰੀ ਰੱਖ ਰਿਹਾ ਹੈ।

## ਰਾਜਿੰਦਰ ਸੈਣੀ ਕਤਲਕਾਂਡ 'ਚ 2 ਦੋਸ਼ੀਆਂ ਨੂੰ ਫਾਂਸੀ ਦੀ ਸਜ਼ਾ

ਮੁਜ਼ੱਫਰਨਗਰ 22 ਜੂਨ। ਮੁਜ਼ੱਫਰਨਗਰ ਦੇ ਚਰਚਿਤ ਰਾਜਿੰਦਰ ਸੈਣੀ ਕਤਲਕਾਂਡ ਵਿਚ 8 ਸਾਲ ਬਾਅਦ ਅਦਾਲਤ ਨੇ ਵੱਡਾ ਫੈਸਲਾ ਸੁਣਾਉਂਦੇ ਹੋਏ 2 ਦੋਸ਼ੀਆਂ ਨੂੰ ਫਾਂਸੀ ਦੀ ਸਜ਼ਾ ਸੁਣਾਈ ਹੈ। ਅਡੀਸ਼ਨਲ ਸੈਸ਼ਨ ਜੱਜ (ਫਾਸਟ ਟ?ਰੈਕ ਕੋਰਟ-3) ਰਵੀ ਕੁਮਾਰ ਦਿਵਾਕਰ ਦੀ ਅਦਾਲਤ ਨੇ ਗਜੇਂਦਰ ਉਰਫ਼ ਗੀਲੂ ਤੇ ਰਾਮਕਿਰਨ ਉਰਫ਼ ਸਾਵਨ ਨੂੰ ਦੋਸ਼ੀ ਕਰਾਰ ਦਿੰਦਿਆਂ ਫਾਂਸੀ ਅਤੇ ਇਕ-ਇਕ ਲੱਖ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ। ਇਸਤਗਾਸਾ ਅਨੁਸਾਰ ਸਾਲ 2018 'ਚ ਨਾਜਾਇਜ਼ ਸਬੰਧਾਂ ਦੇ ਸ਼ੱਕ ਵਿਚ ਰਾਜਿੰਦਰ ਸੈਣੀ ਦਾ ਕਤਲ ਕਰ ਦਿੱਤਾ ਗਿਆ ਸੀ। ਕਤਲ ਤੋਂ ਬਾਅਦ ਮੁਲਜ਼ਮਾਂ ਨੇ ਲਾਸ਼ ਨੂੰ ਸਾੜ ਕੇ ਉਸ ਦੀ ਪਛਾਣ ਮਿਟਾਉਣ ਅਤੇ ਸਬੂਤ ਖਤਮ ਕਰਨ ਦੀ ਕੋਸ਼ਿਸ਼ ਕੀਤੀ ਸੀ। ਪੁਲਸ ਜਾਂਚ ਤੋਂ ਬਾਅਦ ਚਾਰਜਸ਼ੀਟ ਦਾਖਲ ਕੀਤੀ ਗਈ ਸੀ, ਜਿਸ ਤੋਂ ਬਾਅਦ ਮਾਮਲੇ ਦੀ ਸੁਣਵਾਈ ਅਦਾਲਤ ਵਿਚ ਚੱਲ ਰਹੀ ਸੀ। ਸਜ਼ਾ 'ਤੇ ਸੁਣਵਾਈ ਕਰਦੇ ਹੋਏ ਅਦਾਲਤ ਨੇ ਇਸ ਮਾਮਲੇ ਨੂੰ 'ਰੇਅਰੈਸਟ ਆਫ਼ ਰੇਅਰ' ਸ਼੍ਰੇਣੀ ਦਾ ਮੰਨਦੇ ਹੋਏ ਮੌਤ ਦੀ ਸਜ਼ਾ ਸੁਣਾਉਣ ਦਾ ਫੈਸਲਾ ਕੀਤਾ। ਜੱਜ ਰਵੀ ਕੁਮਾਰ ਦਿਵਾਕਰ ਨੇ ਕਿਹਾ ਕਿ ਅਜਿਹੇ ਘਿਨਾਉਣੇ ਅਪਰਾਧਾਂ ਦੇ ਮਾਮਲਿਆਂ ਵਿਚ ਕਾਨੂੰਨ ਦਾ ਡਰ ਬਣਿਆ ਰਹਿਣਾ ਚਾਹੀਦਾ ਹੈ ਅਤੇ ਸਮਾਜ ਵਿਚ ਸਖ਼ਤ ਸੰਦੇਸ਼ ਜਾਣਾ ਬਹੁਤ ਜ਼ਰੂਰੀ ਹੈ।

# ਪੰਜਾਬ ਕਾਂਗਰਸ 'ਚ ਵੱਡੇ ਫੇਰਬਦਲ ਦੀ ਆਹਟ ! ਰਾਹੁਲ-ਸੋਨੀਆ ਨਾਲ ਮੰਥਨ ਮਗਰੋਂ ਫ਼ੈਸਲੇ ਦੀ ਉਡੀਕ

ਕੌਮੀ ਪਤ੍ਰਿਕਾ
ਤੇਜਿੰਦਰ ਕੌਰ ਬੱਬਰ

ਚੰਡੀਗੜ੍ਹ/ਨਵੀਂ ਦਿੱਲੀ 22 ਜੂਨ। ਪੰਜਾਬ ਕਾਂਗਰਸ ਦੀ ਲੀਡਰਸ਼ਿਪ ਅਤੇ ਸੰਗਠਨਾਤਮਕ ਢਾਂਚੇ ਨੂੰ ਲੈ ਕੇ ਪਿਛਲੇ ਕਈ ਮਹੀਨਿਆਂ ਤੋਂ ਚੱਲ ਰਿਹਾ ਮੰਥਨ ਹੁਣ ਅੰਤਿਮ ਪੜਾਅ 'ਚ ਪਹੁੰਚ ਗਿਆ ਹੈ। ਦਿੱਲੀ 'ਚ ਐਤਵਾਰ ਨੂੰ ਕਾਂਗਰਸ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਅਤੇ ਸੋਨੀਆ ਗਾਂਧੀ ਦੀ ਮੌਜੂਦਗੀ 'ਚ ਪੰਜਾਬ ਦੇ ਪ੍ਰਮੁੱਖ ਆਗੂਆਂ ਨਾਲ ਕਰੀਬ ਡੇਢ ਤੋਂ ਦੋ ਘੰਟੇ ਤੱਕ ਅਹਿਮ ਬੈਠਕ ਹੋਈ। ਇਸ ਮੀਟਿੰਗ ਤੋਂ ਬਾਅਦ ਪੰਜਾਬ ਕਾਂਗਰਸ 'ਚ ਸੰਭਾਵਿਤ ਬਦਲਾਅ ਨੂੰ ਲੈ ਕੇ ਸਿਆਸੀ ਚਰਚਾਵਾਂ ਹੋਰ ਤੇਜ਼ ਹੋ ਗਈਆਂ ਹਨ। ਬੈਠਕ 'ਚ ਪੰਜਾਬ ਕਾਂਗਰਸ ਪ੍ਰਧਾਨ ਰਾਜਾ ਵੜਿੰਗ, ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਅਤੇ ਸੀਨੀਅਰ ਆਗੂ ਵਿਜੇਇੰਦਰ ਸਿੰਗਲਾ ਸ਼ਾਮਲ ਰਹੇ। ਮੀਟਿੰਗ ਦੇ ਖ਼ਤਮ ਹੋਣ ਮਗਰੋਂ ਭਾਵੇਂ ਜ਼ਿਆਦਾਤਰ ਆਗੂਆਂ ਨੇ ਮੀਡੀਆ ਨਾਲ ਕੋਈ ਵਿਸਥਾਰਤ ਗੱਲਬਾਤ ਨਹੀਂ ਕੀਤੀ ਪਰ ਪ੍ਰਤਾਪ ਸਿੰਘ ਬਾਜਵਾ ਨੇ ਇੰਨਾ ਜ਼ਰੂਰ ਕਿਹਾ ਕਿ ਹਾਈਕਮਾਨ ਦਾ ਜੋ ਵੀ ਫ਼ੈਸਲਾ ਹੋਵੇਗਾ, ਉਹ ਸਾਰਿਆਂ ਨੂੰ ਮਨਜ਼ੂਰ ਹੋਵੇਗਾ। ਮੀਟਿੰਗ ਤੋਂ ਬਾਹਰ ਆਉਣ ਮਗਰੋਂ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਕਾਂਗਰਸ ਅਤੇ ਪੰਜਾਬ ਦੋਵੇਂ ਹੀ ਉਨ੍ਹਾਂ ਲਈ ਮਹੱਤਵਪੂਰਨ ਹਨ। ਉਨ੍ਹਾਂ ਕਿਹਾ ਕਿ ਪਾਰਟੀ ਦੀ ਕੇਂਦਰੀ ਲੀਡਰਸ਼ਿਪ ਪਹਿਲਾਂ ਵੀ ਫ਼ੈਸਲੇ ਕਰਦੀ ਰਹੀ ਹੈ ਅਤੇ ਅੱਗੇ ਵੀ ਕਰੇਗੀ। ਜੋ ਵੀ ਜ਼ਿੰਮੇਵਾਰੀ ਦਿੱਤੀ ਜਾਵੇਗੀ, ਉਸ ਨੂੰ ਪੂਰੀ ਤਨਦੇਹੀ ਨਾਲ ਨਿਭਾਇਆ ਜਾਵੇਗਾ। ਬਾਜਵਾ ਨੇ ਕਿਹਾ ਕਿ ਕਾਂਗਰਸ ਦੇ ਸਾਰੇ ਆਗੂਆਂ ਦੀ ਪਛਾਣ ਪਾਰਟੀ ਨਾਲ ਹੈ ਅਤੇ ਪੰਜਾਬ 'ਚ ਕਾਂਗਰਸ ਕੋਲ ਮਜ਼ਬੂਤ ਕੈਡਰ ਅਤੇ ਸਿਆਸੀ ਆਧਾਰ ਮੌਜੂਦ ਹੈ। ਉਨ੍ਹਾਂ ਨੇ 2024 ਦੀਆਂ ਲੋਕ ਸਭਾ ਚੋਣਾਂ 'ਚ ਪਾਰਟੀ ਦੇ ਪ੍ਰਦਰਸ਼ਨ ਦਾ ਜ਼ਿਕਰ ਕਰਦਿਆਂ ਕਿਹਾ ਕਿ ਕਾਂਗਰਸ ਨੇ ਪੰਜਾਬ ਅਤੇ ਚੰਡੀਗੜ੍ਹ 'ਚ ਵਧੀਆ ਨਤੀਜੇ ਦਿੱਤੇ ਹਨ ਅਤੇ ਆਉਣ ਵਾਲੇ ਸਮੇਂ 'ਚ ਵੀ ਪਾਰਟੀ ਇੱਕ ਮਜ਼ਬੂਤ ਦਾਅਵੇਦਾਰ ਵਜੋਂ ਉੱਭਰ ਸਕਦੀ ਹੈ। ਦਿੱਲੀ 'ਚ ਹੋਈ ਇਹ ਬੈਠਕ ਕਈ ਮਾਇਨਿਆਂ 'ਚ ਅਹਿਮ ਮੰਨੀ ਜਾ ਰਹੀ ਹੈ। ਪਿਛਲੇ ਕੁੱਝ ਮਹੀਨਿਆਂ ਤੋਂ ਪੰਜਾਬ ਕਾਂਗਰਸ ਦੀ ਅੰਦਰੂਨੀ ਸਥਿਤੀ, ਸੰਗਠਨ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੀ ਰਣਨੀਤੀ ਨੂੰ ਲੈ ਕੇ ਲਗਾਤਾਰ ਮੀਟਿੰਗਾਂ ਦਾ ਦੌਰ ਚੱਲ ਰਿਹਾ ਸੀ। ਇਸੇ ਸਿਲਸਿਲੇ ਤਹਿਤ ਪਾਰਟੀ ਹਾਈਕਮਾਨ ਵੱਲੋਂ ਸੂਬੇ ਦੇ ਵੱਖ-ਵੱਖ ਆਗੂਆਂ ਨਾਲ ਵੱਖ-ਵੱਖ ਪੱਧਰਾਂ 'ਤੇ ਗੱਲਬਾਤ ਕੀਤੀ ਗਈ। ਸੂਤਰਾਂ ਮੁਤਾਬਕ ਬੈਠਕ 'ਚ ਪੰਜਾਬ ਕਾਂਗਰਸ ਦੇ ਸੰਗਠਨਾਤਮਕ ਢਾਂਚੇ, ਸੰਭਾਵਿਤ ਬਦਲਾਅ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਪਾਰਟੀ ਦੀ ਰਣਨੀਤੀ ਬਾਰੇ ਵਿਸਥਾਰ ਨਾਲ ਚਰਚਾ ਹੋਈ। ਹਾਲਾਂਕਿ ਮੀਟਿੰਗ 'ਚ ਕੀ ਫ਼ੈਸਲੇ ਲਏ ਗਏ, ਇਸ ਬਾਰੇ



ਅਧਿਕਾਰਿਕ ਤੌਰ 'ਤੇ ਕੁੱਝ ਵੀ ਸਾਹਮਣੇ ਨਹੀਂ ਆਇਆ। ਪੰਜਾਬ ਕਾਂਗਰਸ ਨੂੰ ਲੈ ਕੇ ਹਾਈਕਮਾਨ ਨੇ ਪਿਛਲੇ ਸਮੇਂ 'ਚ ਇੱਕ ਵਿਸ਼ੇਸ਼ ਪ੍ਰਕਿਰਿਆ ਅਪਣਾਈ ਸੀ। ਪਾਰਟੀ ਵੱਲੋਂ ਨਿਯੁਕਤ ਅਬਜ਼ਰਵਰਾਂ ਨੇ ਸੂਬੇ ਦੇ ਮੌਜੂਦਾ ਅਤੇ ਸਾਬਕਾ ਸੰਸਦ ਮੈਂਬਰਾਂ, ਵਿਧਾਇਕਾਂ, ਜ਼ਿਲ੍ਹਾ ਪ੍ਰਧਾਨਾਂ ਅਤੇ ਹੋਰ ਸੀਨੀਅਰ ਆਗੂਆਂ ਸਮੇਤ 70 ਤੋਂ ਵੱਧ ਨੇਤਾਵਾਂ ਨਾਲ ਵੱਖ-ਵੱਖ ਮੀਟਿੰਗਾਂ ਕੀਤੀਆਂ ਸਨ। ਇਨ੍ਹਾਂ ਮੀਟਿੰਗਾਂ ਦੌਰਾਨ ਸੰਗਠਨ ਦੀ ਮੌਜੂਦਾ ਸਥਿਤੀ, ਚੁਣੌਤੀਆਂ, ਸਿਆਸੀ ਮਾਹੌਲ ਅਤੇ ਆਉਣ ਵਾਲੀਆਂ ਚੋਣਾਂ ਲਈ ਸੁਝਾਅ ਇਕੱਠੇ ਕੀਤੇ ਗਏ ਸਨ। ਇਸ ਪੂਰੀ ਕਵਾਇਦ ਤੋਂ ਬਾਅਦ ਇੱਕ ਵਿਸਤ੍ਰਿਤ ਰਿਪੋਰਟ ਤਿਆਰ ਕਰਕੇ ਹਾਈਕਮਾਨ ਨੂੰ ਸੌਂਪੀ ਗਈ ਸੀ। ਮੰਨਿਆ ਜਾ ਰਿਹਾ ਹੈ ਕਿ ਐਤਵਾਰ ਦੀ ਬੈਠਕ 'ਚ ਇਸੇ ਰਿਪੋਰਟ ਦੇ ਆਧਾਰ 'ਤੇ ਅੰਤਿਮ ਮੰਥਨ ਕੀਤਾ ਗਿਆ। ਦਿੱਲੀ ਦੀ ਬੈਠਕ ਦਾ ਇੱਕ ਹੋਰ ਅਹਿਮ ਪੱਖ ਪੰਜਾਬ ਕਾਂਗਰਸ ਨੂੰ ਇੱਕਜੁੱਟਤਾ ਦਾ ਸੰਦੇਸ਼ ਦੇਣਾ ਵੀ ਮੰਨਿਆ ਜਾ ਰਿਹਾ ਹੈ। ਪਾਰਟੀ ਹਾਈਕਮਾਨ ਵੱਲੋਂ ਇਹ ਸਪੱਸ਼ਟ ਸੰਕੇਤ ਦਿੱਤੇ ਗਏ ਹਨ ਕਿ ਆਉਣ ਵਾਲੀਆਂ ਚੋਣਾਂ 'ਚ ਸਫਲਤਾ ਲਈ ਸਾਰੇ ਆਗੂਆਂ ਨੂੰ ਮਿਲ ਕੇ ਕੰਮ ਕਰਨਾ ਹੋਵੇਗਾ। ਕਾਂਗਰਸ ਪਿਛਲੇ ਕੁੱਝ ਸਾਲਾਂ ਦੌਰਾਨ ਅੰਦਰੂਨੀ ਖਿੱਚੋਤਾਣ ਅਤੇ ਧੜੇਬੰਦੀ ਦੇ ਮੁੱਦਿਆਂ ਨਾਲ ਜੂਝਦੀ ਰਹੀ ਹੈ। ਅਜਿਹੇ 'ਚ ਪਾਰਟੀ ਲੀਡਰਸ਼ਿਪ ਦੀ ਕੋਸ਼ਿਸ਼ ਹੈ ਕਿ ਕਿਸੇ ਵੀ ਸੰਭਾਵਿਤ ਫ਼ੈਸਲੇ ਤੋਂ ਪਹਿਲਾਂ ਸਾਰੇ ਸੀਨੀਅਰ ਆਗੂਆਂ ਨੂੰ ਭਰੋਸੇ 'ਚ ਲਿਆ ਜਾਵੇ ਅਤੇ ਇੱਕ ਸਾਂਝੀ ਰਣਨੀਤੀ ਤਿਆਰ ਕੀਤੀ ਜਾਵੇ। ਬੈਠਕ ਦੌਰਾਨ ਸਾਹਮਣੇ ਆਈਆਂ ਤਸਵੀਰਾਂ ਵੀ ਸਿਆਸੀ ਚਰਚਾ ਦਾ ਕੇਂਦਰ ਬਣੀਆਂ ਰਹੀਆਂ। ਕਈ ਆਗੂ ਆਪਸ 'ਚ ਗੱਲਬਾਤ ਕਰਦੇ ਅਤੇ ਇਕੱਠੇ ਬੈਠਕ ਲਈ ਜਾਂਦੇ ਨਜ਼ਰ ਆਏ। ਸਿਆਸੀ ਮਾਹਿਰ ਇਨ੍ਹਾਂ ਤਸਵੀਰਾਂ ਨੂੰ ਪਾਰਟੀ ਦੇ ਅੰਦਰ ਏਕਤਾ ਦੇ ਸੰਦੇਸ਼ ਵਜੋਂ ਦੇਖ ਰਹੇ ਹਨ, ਹਾਲਾਂਕਿ ਇਸ ਨੂੰ ਲੈ ਕੇ ਵੱਖ-ਵੱਖ ਸਿਆਸੀ ਅਰਥ ਵੀ ਕੱਢੇ ਜਾ ਰਹੇ ਹਨ। ਫਿਲਹਾਲ, ਪਾਰਟੀ ਵੱਲੋਂ ਕਿਸੇ ਵੀ ਅਹੁਦੇ 'ਚ ਤਬਦੀਲੀ ਜਾਂ ਨਵੀਂ ਨਿਯੁਕਤੀ ਬਾਰੇ ਕੋਈ ਅਧਿਕਾਰਿਕ ਐਲਾਨ ਨਹੀਂ ਕੀਤਾ ਗਿਆ ਹੈ। ਇਸ ਕਰਕੇ ਸਾਰੀਆਂ ਅਟਕਲਾਂ ਸਿਰਫ਼ ਚਰਚਾਵਾਂ ਦੇ ਪੱਧਰ 'ਤੇ ਹੀ ਹਨ। ਦਿੱਲੀ ਦੀ ਇਸ ਬੈਠਕ ਤੋਂ ਬਾਅਦ ਹੁਣ ਪੰਜਾਬ ਕਾਂਗਰਸ ਦੇ ਆਗੂਆਂ ਅਤੇ ਵਰਕਰਾਂ ਦੀਆਂ ਨਜ਼ਰਾਂ ਹਾਈਕਮਾਨ ਦੇ ਅਗਲੇ ਕਦਮ 'ਤੇ ਟਿਕੀਆਂ ਹੋਈਆਂ ਹਨ। ਸਿਆਸੀ ਹਲਕਿਆਂ 'ਚ ਇਹ ਚਰਚਾ ਹੈ ਕਿ ਪੰਜਾਬ ਕਾਂਗਰਸ ਨਾਲ ਜੁੜੇ ਸੰਗਠਨਾਤਮਕ ਫ਼ੈਸਲਿਆਂ ਦਾ ਐਲਾਨ ਜਲਦੀ ਕੀਤਾ ਜਾ ਸਕਦਾ ਹੈ। ਹਾਲਾਂਕਿ ਇਹ ਸਪੱਸ਼ਟ ਹੈ ਕਿ ਪਾਰਟੀ ਹਾਈਕਮਾਨ ਪੰਜਾਬ ਨੂੰ ਸਿਆਸੀ ਤੌਰ 'ਤੇ ਅਹਿਮ ਸੂਬਾ ਮੰਨਦੀ ਹੈ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ 'ਚ ਰੱਖਦਿਆਂ ਹਰ ਫ਼ੈਸਲਾ ਸੋਚ-ਵਿਚਾਰ ਤੋਂ ਬਾਅਦ ਲੈਣਾ ਚਾਹੁੰਦੀ ਹੈ। ਇਸੇ ਕਰਕੇ ਦਿੱਲੀ 'ਚ ਹੋਈ ਇਹ ਬੈਠਕ ਸਿਰਫ਼ ਇੱਕ ਰੂਟੀਨ ਮੀਟਿੰਗ ਨਹੀਂ, ਸਗੋਂ ਪੰਜਾਬ ਕਾਂਗਰਸ ਦੇ ਭਵਿੱਖੀ ਸਿਆਸੀ ਰਾਹ ਨੂੰ ਤੈਅ ਕਰਨ ਵਾਲੇ ਮਹੱਤਵਪੂਰਨ ਪੜਾਅ ਵਜੋਂ ਦੇਖੀ ਜਾ ਰਹੀ ਹੈ। ਹੁਣ ਦੇਖਣਾ ਇਹ ਹੋਵੇਗਾ ਕਿ ਹਾਈਕਮਾਨ ਆਉਣ ਵਾਲੇ ਦਿਨਾਂ 'ਚ ਕੀ ਫ਼ੈਸਲਾ ਕਰਦੀ ਹੈ ਅਤੇ ਉਸ ਦਾ ਪੰਜਾਬ ਦੀ ਸਿਆਸਤ 'ਤੇ ਕੀ ਅਸਰ ਪੈਂਦਾ ਹੈ।

# ਰੂਹਾਨੀ ਰੁਤਬੇ ਦੀ ਬਾਤ ਹੈ ਜੁਗਨੀ



**ਮਰਦ ਅਤੇ ਔਰਤਾਂ ਜੁਗਨੀ ਨੂੰ ਇਕ ਗਹਿਣੇ ਵਜੋਂ ਵੀ ਪਹਿਨਦੇ ਹਨ। ਨਾਮ ਜਪਣ ਵੇਲੇ ਹੱਥ ਨਾਲ ਫੇਰਨ ਵਾਰੀ ਤਸਬੀਹ ਨੂੰ ਵੀ ਕਈ ਵਾਰ ਜੁਗਨੀ ਕਹਿ ਲਿਆ ਜਾਂਦਾ ਹੈ...**

ਸੁਖਵੀਰ ਸਿੰਘ ਕੰਗ

ਜੁਗਨੀ ਪੰਜਾਬੀ ਲੋਕ ਗੀਤਾਂ ਦੀ ਇਕ ਪ੍ਰਮੁੱਖ ਸ਼ੈਲੀ ਹੈ ਜੋ ਪੰਜਾਬੀ ਗੀਤ ਅਤੇ ਸੰਗੀਤ ਪ੍ਰੇਮੀਆਂ ਵਿਚ ਬਹੁਤ ਹਰਮਨ ਪਿਆਰੀ ਹੈ। ਇਸ ਨੂੰ ਚੜ੍ਹਦੇ ਅਤੇ ਲਹਿੰਦੇ ਪੰਜਾਬ ਵਿਚ ਚਾਹ ਕੇ ਗਾਇਆ ਅਤੇ ਸੁਣਿਆ ਜਾਂਦਾ ਹੈ। ਅਲਗੋਜ਼ਿਆਂ ਦੇ ਸੁਰ ਦੀ ਚਾਸ਼ਣੀ 'ਚ ਭਿੱਜੀ ਜੁਗਨੀ ਹਰ ਸੰਗੀਤ ਰਸੀਏ ਦਾ ਮਨ ਮੋਹ ਲੈਂਦੀ ਹੈ। ਪੰਜਾਬੀ ਗਾਇਕੀ ਦੇ ਇਸ ਸੂਹੇ ਰੰਗ ਦਾ ਪਿਛੋਕੜ ਅਤੇ ਇਤਿਹਾਸ ਬਹੁਤ ਪੁਰਾਣਾ ਹੈ। ਇਹ ਪੰਜਾਬੀ ਤੋਂ ਇਲਾਵਾ, ਮੁਲਤਾਨੀ, ਫ਼ਾਰਸੀ, ਅਰਬੀ ਆਦਿ ਭਾਸ਼ਾਵਾਂ ਵਿਚ ਵੀ ਪ੍ਰਚੱਲਿਤ ਹੈ। ਜੁਗਨੀ ਗਾਉਣ ਵਾਲੇ ਪੁਰਾਣੇ ਅਤੇ ਜੱਦੀ-ਪੁਸ਼ਤੀ ਗਾਇਕਾਂ ਨੂੰ ਸੁਣਨ ਤੇ ਇਹ ਆਭਾਸ ਸਹਿਜੇ ਹੀ ਹੋ ਜਾਂਦਾ ਹੈ ਕਿ ਜੁਗਨੀ ਇਨਸਾਨੀ ਰੂਹ ਦੀ ਗੱਲ ਹੈ, ਇਹ ਜ਼ਿੰਦਗੀ ਦਾ ਸਾਰ ਹੈ ਅਤੇ ਰੱਬ ਦੇ ਨਾਂ ਦੀ ਤਸ਼ਬੀਹ ਹੈ :

ਅਵਲ ਨਾਮ ਅੱਲਾ ਦਾ ਲਈਏ,
ਫੇਰ ਦਰੂਦ ਨਬੀ ਨੂੰ ਕਹੀਏ,
ਹਰ ਦਮ ਅਜਿਜ਼ੀ ਵਿਚ ਰਹੀਏ,
ਓ ਪੀਰ ਮੇਰਿਆ ਜੁਗਨੀ ਰਹਿੰਦੀ ਆ
ਨਾਮ ਅਲੀ ਦਾ ਲੈਂਦੀ ਆ...

## ਦੰਦ ਕਥਾਵਾਂ ਵਿਚ ਸਾਂਭੀ ਜੁਗਨੀ

ਗੀਤਾਂ ਅਤੇ ਦੰਦ ਕਥਾਵਾਂ ਵਿਚ ਸਾਂਭੀ ਜੁਗਨੀ ਦੇ ਅਰੰਭ ਅਤੇ ਪਿਛੋਕੜ ਬਾਰੇ ਕੋਈ ਪ੍ਰਮਾਣਿਕ ਤੱਥ ਤਾਂ ਨਹੀਂ ਮਿਲਦੇ ਪਰ ਇਸ ਦੀ ਪੁਰਾਣੀ ਗਾਇਕੀ ਦੇ ਕੇਂਦਰੀ ਭਾਵ ਨੂੰ ਮਹਿਸੂਸ ਕਰ ਕੇ ਅਤੇ ਇਸ ਸਬੰਧੀ ਪੜ੍ਹੇ-ਸੁਣੇ ਬਿਰਤਾਤਾਂ ਦੇ ਅਧਾਰ 'ਤੇ ਕਿਹਾ ਜਾ ਸਕਦਾ ਹੈ ਕਿ ਜੁਗਨੀ ਹਜ਼ਾਰਾਂ ਸਾਲ ਪਹਿਲਾਂ ਹੋਂਦ ਵਿਚ ਆ ਚੁੱਕੀ ਸੀ। ਪੁਰਾਤਨ ਸਮੇਂ ਤੋਂ ਸਿੱਧ, ਯੋਗੀ, ਪੀਰ ਅਤੇ ਫ਼ਕੀਰ ਆਪਣੇ ਗਲ਼ੇ ਵਿਚ ਧਾਤ ਦਾ ਕੈਪਸੂਲ-ਨੁਮਾ ਤਵੀਤ ਧਾਗੇ ਜਾਂ ਮਾਲ਼ਾ ਵਿਚ ਪਰੋ ਕੇ ਧਾਰਨ ਕਰ ਕੇ ਰੱਖਦੇ ਸਨ ਜੋ ਉਨ੍ਹਾਂ ਦੀ ਸਾਧਨਾ, ਯੋਗ ਅਤੇ ਫ਼ਕੀਰੀ ਦੀ ਕਮਾਈ ਅਤੇ ਰੂਹ ਹੁੰਦਾ ਸੀ। ਇਸ ਨੂੰ ਯੋਗ-ਗ੍ਰਹਿਣੀ ਕਿਹਾ ਜਾਂਦਾ ਸੀ ਜੋ ਅੱਗੇ ਚੱਲ ਕੇ ਯੋਗਿਨੀ ਅਤੇ ਫਿਰ ਜੁਗਨੀ ਬਣ ਗਈ। ਕੁਝ ਯੋਗੀ ਜਾਂ ਫ਼ਕੀਰ ਇਸ ਨੂੰ ਡੌਲ਼ੇ ਨਾਲ ਵੀ ਬੰਨ ਲੈਂਦੇ ਸਨ।

## ਜੁਬਲੀ ਸ਼ਬਦ

ਇਸ ਤੋਂ ਬਿਨ੍ਹਾਂ ਇਕ ਹੋਰ ਦੰਦ ਕਥਾ ਸੁਣਨ ਨੂੰ ਮਿਲਦੀ ਹੈ ਕਿ ਭਾਰਤ ਵਿਚ ਆਪਣੇ ਸਾਮਰਾਜ ਦੇ ਪੰਜਾਹ ਵਰ੍ਹੇ ਪੂਰੇ ਹੋਣ ਤੇ 1887 ਵਿਚ ਬਰਤਾਨਵੀ ਰਾਣੀ ਵਿਕਟੋਰੀਆ ਨੇ ਗੋਲਡਨ ਜੁਬਲੀ ਦੇ ਜਸ਼ਨਾਂ ਵਜੋਂ ਇਕ ਮਸ਼ਾਲ ਪੂਰੇ ਭਾਰਤ ਦੇ ਪ੍ਰਮੁੱਖ ਸ਼ਹਿਰਾਂ ਵਿਚ ਘੁੰਮਾਈ ਸੀ ਇਹ ਮਸ਼ਾਲ ਜਿਸ ਸ਼ਹਿਰ ਜਾਂਦੀ ਤਾਂ ਉੱਥੇ ਇਕੱਠ ਕਰ ਕੇ ਅੰਗਰੇਜ਼ ਅਫ਼ਸਰਾਂ ਅਤੇ ਉਨ੍ਹਾਂ ਦੇ ਹਮਾਇਤੀਆਂ ਵੱਲੋਂ ਜਸ਼ਨ ਮਨਾਇਆ ਜਾਂਦਾ ਸੀ। ਇਸ ਦੇ ਵਿਰੋਧ ਵਜੋਂ ਪੰਜਾਬ ਦੇ ਸੁਤੰਤਰਤਾ ਸੰਗਰਾਮੀਆਂ ਨੇ ਅੰਗਰੇਜ਼ਾਂ ਦੇ ਜਸ਼ਨ ਦੇ ਮੁਕਾਬਲੇ ਵਜੋਂ ਉਸੇ ਸ਼ਹਿਰ, ਉਸੇ ਸਮੇਂ ਬਰਾਬਰ ਇਕੱਠ ਕਰ ਕੇ ਆਪਣਾ ਗੁੱਸਾ ਜ਼ਾਹਰ ਕਰਨ ਦਾ ਫ਼ੈਸਲਾ ਕੀਤਾ। ਇਕੱਠ ਕਰਨ ਅਤੇ ਵਧੇਰੇ ਲੋਕਾਂ ਨੂੰ ਬਿਠਾਈ ਰੱਖਣ ਲਈ ਅੰਮ੍ਰਿਤਸਰ ਜ਼ਿਲ੍ਹੇ ਦੇ ਦੋ ਕਵੀਸ਼ਰਾਂ ਨੂੰ ਬੁਲਾ ਕੇ ਹਰ ਪ੍ਰੋਗਰਾਮ ਉੱਤੇ ਜੁਬਲੀ ਵਿਰੋਧੀ ਗੀਤ ਗਾਉਣ ਲਈ ਕਿਹਾ ਗਿਆ। ਬਿਸ਼ਨਾ ਅਤੇ ਮਾਂਦਾ ਨਾਂ ਦੇ ਇਨ੍ਹਾਂ ਅਨਪੜ੍ਹ ਗਾਇਕਾਂ ਨੇ 'ਜੁਬਲੀ' ਸ਼ਬਦ ਨੂੰ 'ਜੁਗਨੀ' ਸਮਝਦਿਆਂ ਆਪਣੇ ਹਿਸਾਬ ਨਾਲ ਮੌਕੇ 'ਤੇ ਸਬੰਧਤ ਸ਼ਹਿਰ ਦਾ ਨਾਂ ਲੈ ਕੇ ਗੀਤ ਜੋੜ ਲਏ :

ਜੁਗਨੀ ਜਾ ਵੜੀ ਮਜੀਠੇ,
ਕੋਈ ਰੰਨ ਨਾ ਚੱਕੀ ਪੀਠੇ,
ਪੁੱਤ ਗੱਭਰੂ ਮੁਲਕ ਵਿਚ ਮਾਰੇ,
ਰੋਵਣ ਅੱਖੀਆਂ ਪਰ ਬੁੱਲ੍ਹ ਸੀਤੇ,

### *ਨਿਪੁੰਨ ਯੋਗੀ ਦਾ ਚਿੰਨ੍ਹ*

*ਯੋਗੀ ਆਪਣੇ ਚੇਲਿਆਂ ਨੂੰ ਯੋਗ ਵਿੱਦਿਆ ਵਿਚ ਨਿਪੁੰਨ ਹੋ ਜਾਣ ਤੇ ਉਨ੍ਹਾਂ ਨੂੰ ਯੋਗ ਦੇਣ ਵੇਲੇ ਉਨ੍ਹਾਂ ਦੇ ਗਲ਼ ਵਿਚ ਇਹ ਯੋਗਿਨੀ ਧਾਰਨ ਕਰਾਉਂਦੇ ਸਨ, ਭਾਵ ਇਹ ਯੋਗ ਗ੍ਰਹਿਣ ਅਤੇ ਨਿਪੁੰਨ ਯੋਗੀ ਦੇ ਚਿੰਨ੍ਹ ਵਜੋਂ ਪ੍ਰਚੱਲਿਤ ਹੋਈ। ਇਸੇ ਤਰ੍ਹਾਂ ਹੀ ਇਸਲਾਮ ਦੀ ਸੰਗੀਤ ਪ੍ਰੇਮੀ ਸੰਪਰਦਾਏ ਸੂਫ਼ੀ ਮਤ ਵਿਚ ਵੀ ਇਸੇ ਤਰ੍ਹਾਂ ਪੀਰ-ਮੁਰਸ਼ਦ ਆਪਣੇ ਸਭ ਤੋਂ ਕਾਬਲ ਸ਼ਾਗਿਰਦ ਨੂੰ ਜਦੋਂ ਆਪਣੀ ਗੱਦੀ ਦਿੰਦੇ ਜਾਂ ਖ਼ਾਸ ਅਵਸਥਾ ਵਿਚ ਪੁੱਜਣ ਵਾਲੇ ਦਰਵੇਸ਼ ਨੂੰ ਫ਼ਕੀਰੀ ਬਖ਼ਸ਼ਦੇ ਤਾਂ ਉਹ ਵੀ ਆਪਣੀ ਯੋਗਿਨੀ ਭਾਵ ਰੂਹ ਉਸ ਨੂੰ ਧਾਰਨ ਕਰਵਾ ਦਿੰਦੇ ਸਨ। ਇਸ ਤਰ੍ਹਾਂ ਯੋਗਿਨੀ ਅੱਗੇ ਤੋਂ ਅੱਗੇ ਚਲਦੀ ਰਹਿੰਦੀ ਸੀ। ਕਠਿਨ ਸਾਧਨਾ ਅਤੇ ਚਿੱਲ੍ਹੇ ਕੱਟ ਕੇ ਮਿਲੀ ਯੋਗਿਨੀ ਇਕ ਰੁਤਬਾ ਮੰਨੀ ਜਾਂਦੀ ਸੀ। ਇਸ ਅਵਸਰ 'ਤੇ ਜਸ਼ਨ ਵੀ ਮਨਾਏ ਜਾਂਦੇ ਸਨ, ਜਿਨ੍ਹਾਂ ਵਿਚ ਰੱਬ, ਅੱਲਾ, ਪੀਰ, ਮੁਰਸ਼ਦ ਜਾਂ ਗੁਰੂ ਦੀ ਸਿਫ਼ਤ ਸਲਾਹ ਦਾ ਗਾਇਨ ਵੀ ਹੁੰਦਾ ਸੀ। ਇਸ ਤਰ੍ਹਾਂ ਜੁਗਨੀ ਵਰਗਾ ਪਾਕ-ਪਵਿੱਤਰ ਗਹਿਣਾ ਕਦੇ ਸਿੱਧਾਂ, ਯੋਗੀਆਂ ਅਤੇ ਪੀਰਾਂ ਦੀ ਕਮਾਈ ਹੁੰਦਾ ਸੀ ਜਿਸ ਨੂੰ ਧਾਰਨ ਕਰ ਕੇ ਉਹ ਲੋਕਾਈ ਦੀ ਸੇਵਾ ਅਤੇ ਸੁਧਾਰ ਕਰਦੇ ਸਨ। ਇਹ ਪੰਜਾਬੀ ਲੋਕ ਗੀਤਾਂ ਵਿਚਲੀ ਯੋਗਿਨੀ ਤੋਂ ਬਣੀ ਜੁਗਨੀ ਦਾ ਅਰੰਭ ਅਤੇ ਅਸਲ ਵਜੂਦ ਹੈ।*

### ਯੋਗੀ ਫ਼ਕੀਰ

ਇਕ ਦੰਦ ਕਥਾਂ ਅਨੁਸਾਰ ਕਿਹਾ ਜਾਂਦਾ ਹੈ ਕਿ ਪੁਰਾਤਨ ਸਮੇਂ ਤੋਂ ਸਿੱਧ, ਯੋਗੀ, ਪੀਰ ਅਤੇ ਫ਼ਕੀਰ ਆਪਣੇ ਗਲ਼ੇ ਵਿਚ ਧਾਤ ਦਾ ਕੈਪਸੂਲ-ਨੁਮਾ ਤਵੀਤ ਧਾਗੇ ਜਾਂ ਮਾਲ਼ਾ ਵਿਚ ਪਰੋ ਕੇ ਧਾਰਨ ਕਰ ਕੇ ਰੱਖਦੇ ਸਨ ਜੋ ਉਨ੍ਹਾਂ ਦੀ ਸਾਧਨਾ, ਯੋਗ ਅਤੇ ਫ਼ਕੀਰੀ ਦੀ ਕਮਾਈ ਅਤੇ ਰੂਹ ਹੁੰਦਾ ਸੀ। ਇਸ ਨੂੰ ਯੋਗ-ਗ੍ਰਹਿਣੀ ਕਿਹਾ ਜਾਂਦਾ ਸੀ ਜੋ ਅੱਗੇ ਚੱਲ ਕੇ ਯੋਗਿਨੀ ਅਤੇ ਫਿਰ ਜੁਗਨੀ ਬਣ ਗਈ।



ਪੀਰ ਮੇਰਿਆ ਓਏ ਜੁਗਨੀ ਆਈ ਆ,
ਇਨ੍ਹਾਂ ਕਿਹੜੀ ਜੋਤ ਜਗਾਈ ਆ।
ਜੁਗਨੀ ਜਾ ਵੜੀ ਲੁਧਿਆਣੇ,
ਉਹਨੂੰ ਪੈ ਗਏ ਅੰਨੇ ਕਾਣੇ
ਮਾਰਨ ਮੁੱਕੀਆਂ ਮੰਗਣ ਦਾਣੇ,
ਪੀਰ ਮੇਰਿਆ ਉਏ ਜੁਗਨੀ ਕਹਿੰਦੀ ਆ
ਜਿਹੜੀ ਨਾਮ ਸਾਈਂ ਦਾ ਲੈਂਦੀ ਆ।

## ਜੁਗਨੀ ਦੇ ਸਫ਼ਰ ਦਾ ਇਕ ਮੋੜ

ਕਈ ਜੁਗਨੀ ਦੀ ਉਪਜ ਆਜ਼ਾਦੀ ਦੀ ਲੜਾਈ ਨਾਲ ਜੋੜ ਦਿੰਦੇ ਹਨ ਪਰ ਇਹ ਸਹੀ ਨਹੀਂ ਹੈ। ਇਸ ਨੂੰ ਅਸੀਂ ਜੁਗਨੀ ਦੇ ਸਫ਼ਰ ਦਾ ਇਕ ਮੋੜ ਹੀ ਕਹਿ ਸਕਦੇ ਹਾਂ। ਜਿਸ ਨੇ ਜੁਗਨੀ ਨੂੰ ਸ਼ਹਿਰਾਂ ਅਤੇ ਕਸਬਿਆਂ ਨਾਲ ਜੋੜ ਦਿੱਤਾ। ਕਈ ਵਾਰ ਜੁਗਨੀ ਤੋਂ ਸੋਹਣੀ ਮੁਟਿਆਰ ਦਾ ਭਾਵ ਵੀ ਲੈ ਲਿਆ ਜਾਂਦਾ ਹੈ। ਕਾਫ਼ੀ ਗਾਇਕਾਂ ਨੇ ਇਸ ਭਾਵ ਵਿਚ ਵੀ ਗਾਇਆ ਹੈ। ਰਾਤ ਨੂੰ ਉੱਡਦੇ ਹੋਏ ਰੋਸ਼ਨੀ ਬਿਖੇਰਨ ਵਾਲੇ ਜੀਵ ਜੁਗਨੂੰ ਦੀ ਮਾਦਾ ਨੂੰ ਵੀ ਕਈ ਜੁਗਨੀ ਕਹਿ ਦਿੰਦੇ ਹਨ। ਮਰਦ ਅਤੇ ਔਰਤਾਂ ਜੁਗਨੀ ਨੂੰ ਇਕ ਗਹਿਣੇ ਵਜੋਂ ਵੀ ਪਹਿਨਦੇ ਹਨ। ਨਾਮ ਜਪਣ ਵੇਲੇ ਹੱਥ ਨਾਲ ਫੇਰਨ ਵਾਰੀ ਤਸਬੀਹ ਨੂੰ ਵੀ ਕਈ ਵਾਰ ਜੁਗਨੀ ਕਹਿ ਲਿਆ ਜਾਂਦਾ ਹੈ।

ਜੁਗਨੀ ਨੂੰ ਸੰਗੀਤਕ ਰੂਪ ਵਿਚ ਗਾਉਣ ਵਾਲਿਆਂ ਦੀ ਗੱਲ ਕਰੀਏ ਤਾਂ ਸਭ ਤੋਂ ਪਹਿਲਾਂ ਦੋ ਨਾਂ ਉੱਭਰਦੇ ਹਨ, ਪਹਿਲਾ ਪਿੰਡ ਕੋਟ ਇਨਾਇਤ ਖਾਂ (ਪਾਕਿਸਤਾਨ) ਵਾਲਾ ਨਵਾਬ ਹੈ, ਜੋ ਨੈਬ ਕੋਟੀਆ ਘੁਮਿਆਰ ਦੇ ਨਾਂ ਨਾਲ ਮਸ਼ਹੂਰ ਹੈ ਅਤੇ ਦੂਸਰਾ ਵੀ ਪਾਕਿਸਤਾਨ ਦੇ ਕਸਬੇ ਲਾਲਾ ਮੂਸਾ ਦਾ ਆਲਮ ਲੁਹਾਰ ਹੈ, ਜੋ ਚਿਮਟੇ ਵਾਲਾ ਤਖ਼ੱਲਸ ਨਾਲ ਮਸ਼ਹੂਰ ਹੈ। ਨੈਬ ਕੋਟੀਆ ਜਦੋਂ ਆਪਣੇ ਪੁੱਤਰਾਂ ਸਰਜਾ, ਮਿਰਜਾ, ਬੂਟੇ ਅਤੇ ਜਾਨੇ ਨਾਲ ਗਾਉਂਦਿਆ ਜਦੋਂ 'ਪੀਰ ਮੇਰਿਆ ਜੁਗਨੀ' ਤੋਂ ਬਾਅਦ ਜਦੋਂ 'ਉਏ' ਕਹਿੰਦਾ ਹੈ ਤਾਂ ਸੰਗੀਤ ਰਸੀਆਂ ਦੇ ਕਾਲਜੇ ਧੂ ਪਾ ਦਿੰਦਾ ਹੈ, ਉਹ ਜੁਗਨੀ ਲੋਰੀ ਵਾਂਗ ਗਾਉਂਦਾ ਹੈ :

ਅਵੱਲ ਸਿਫ਼ਤ ਖ਼ੁਦਾ ਦੀ ਆਖਾਂ
ਜਿਹੜਾ ਪਰਵਰਦਿਗਾਰ,
ਦੂਜੀ ਸਿਫ਼ਤ ਰਸੂਲ ਇਲ-ਲਿਲਹਾ ਦੀ,
ਆਖਾਂ ਹਮਦ ਹਜ਼ਾਰ,
ਤੀਜੀ ਸਿਫ਼ਤ ਉਨ੍ਹਾਂ ਦੀ ਆਖਾਂ,
ਜਿਹੜੇ ਪਿਆਰੇ ਯਾਰ,
ਨਾਮ ਨਵਾਬ ਤੇ ਜਾਤ ਕੰਮੀ ਦੀ,
ਜੁਗਨੀ ਕਰਾਂ ਤਿਆਰ
ਪੀਰ ਮੇਰਿਆ ਜੁਗਨੀ ਉਏ,
ਪੀਰ ਮੇਰਿਆ ਜੁਗਨੀ ਕਹਿੰਦੀ ਆ
ਜਿਹੜੀ ਨਾਮ ਅੱਲਾ ਦਾ ਲੈਂਦੀ ਆ।

ਇਸੇ ਤਰ੍ਹਾਂ ਆਲਮ ਲੁਹਾਰ ਨੇ ਜਿੱਥੇ ਬਹੁਤ ਸਾਰੀਆਂ ਲੋਕ-ਕਥਾਵਾਂ ਅਤੇ ਗੀਤਾਂ ਨੂੰ ਪੰਜਾਬੀ ਲੋਕ ਗਾਇਕੀ ਦੀ ਝੋਲੀ ਪਾਇਆ ਉੱਥੇ ਉਸ ਨੇ ਜੁਗਨੀ ਨੂੰ ਵੀ ਬੜੀ ਰੂਹ ਨਾਲ ਗਾਇਆ :

ਅਲੀ ਵਾਕ ਇਮਾਮ ਦਾ,
ਮੈਂ ਬਿਰਦ ਕਰਾਂ ਦਮ ਦਮ,
ਇਹਨੂੰ ਪੈਣ ਉਜੱਲੇ ਨੂਰ ਦੇ,
ਜਿਉਂ ਕਤਰੇ ਸ਼ਬਨਮ,
ਮੈਂ ਪੜ੍ਹੀ ਨਮਾਜ਼ ਐ ਇਸ਼ਕ ਦੀ,
ਦੂਰ ਹੋਏ ਸਭ ਗ਼ਮ,
ਓ ਮੈਂ ਗਾਵਾਂ ਜੁਗਨੀ।

ਇੱਥੇ ਬੁੱਢਾ ਸ਼ੇਖ ਦੀ ਜੁਗਨੀ ਦਾ ਵੀ ਜਿਕਰ ਕਰਨਾ ਬਣਦਾ ਹੈ :

ਇਹ ਜਿੱਤਣ ਨਾਲੋਂ ਹਾਰਨ ਚੰਗਾ ਜੇ,
ਤੂੰ ਸੁਣ ਮਸਤ ਫ਼ਕੀਰਾ,
ਜਿੱਤ ਜਾਏਂ ਤੇ ਛੱਲਾ ਕੱਚ ਦਾ,
ਹਾਰ ਜਾਏਂ ਤੇ ਹੀਰਾ,
ਓ ਪੀਰ ਮੇਰਿਆ ਤੇਰੀ ਜੁਗਨੀ
ਸਾਈਂ ਬੋਹੜਾਂ ਵਾਲਿਆਂ ਤੇਰੀ ਜੁਗਨੀ।

## ਪੰਜਾਬੀ ਗਾਇਕੀ ਅਤੇ ਜੁਗਨੀ

ਜੇਕਰ ਪੰਜਾਬੀ ਗਾਇਕੀ ਅਤੇ ਜੁਗਨੀ ਦਾ ਦਮ ਦੇਖਣਾ ਹੋਵੇ ਤਾਂ ਬੀਬਾ ਗੁਰਮੀਤ ਬਾਵਾ ਜੀ ਦੀ ਜੁਗਨੀ ਸੁਣੀ ਜਾ ਸਕਦੀ ਹੈ। ਆਪਣੀ ਬੁਲੰਦ ਆਵਾਜ਼ ਨਾਲ ਹੱਥ ਦੀ ਉਂਗਲ ਅਤੇ ਬਾਂਹ ਖੜ੍ਹੀ ਕਰਕੇ ਅਤੇ ਕਦੇ ਹੱਥ ਕੰਨ ਵੱਲ ਕਰ ਕੇ ਤੇ ਕੂਹਣੀ ਉਤਾਂਹ ਵੱਲ ਕਰ ਕੇ ਜਦੋਂ ਉਹ ਲੰਬੀ ਹੇਕ ਲਾਉਂਦੇ ਹਨ ਤਾਂ ਸੁਣਨ ਵਾਲਿਆਂ ਦੇ ਸਾਹ ਰੁਕ ਜਾਂਦੇ ਹਨ ਅਤੇ ਲੂੰ ਕੰਡੇ ਖੜ੍ਹੇ ਹੋ ਜਾਂਦੇ ਹਨ। 45 ਸੈਕਿੰਡ ਤਕ ਦੀ ਲੰਬੀ ਹੇਕ ਦੀ ਮਲਿਕਾ ਜਦੋਂ ਜੁਗਨੀ ਗਾਉਂਦੀ ਹੈ ਅਤੇ ਕਚੀਚੀ ਲੈ ਕੇ ਬੰਦ ਦੀ ਆਖ਼ਰੀ ਸਤਰ ਕਹਿੰਦੀ ਹੈ ਤਾਂ ਲੋਕ ਅਸ਼-ਅਸ਼ ਕਰ ਉੱਠਦੇ ਹਨ। ਗੀਤ ਦਾ ਬੰਦ ਮੁਕਾ ਕੇ ਸਟੈਂਡ ਵਾਲੇ ਮਾਈਕ ਤੋਂ ਝੁਕ ਕੇ ਪਿੱਛੇ ਹੱਟਣ ਦਾ ਉਨ੍ਹਾਂ ਦਾ ਆਪਣਾ ਹੀ ਅੰਦਾਜ਼ ਰਿਹਾ ਹੈ।

ਜੁਗਨੀ ਨੂੰ ਆਲਮੀ ਪ੍ਰਸਿੱਧੀ ਦੇਣ ਵਿਚ ਆਲਮ ਲੁਹਾਰ ਦੇ ਪੁੱਤਰ ਆਰਿਫ਼ ਲੁਹਾਰ ਦਾ ਵੀ ਅਹਿਮ ਯੋਗਦਾਨ ਹੈ। ਅੱਜ ਦੀ ਪੰਜਾਬੀ ਲੋਕ ਗਾਇਕੀ ਦੇ ਨਾਮਵਰ ਤੇ ਦਮਦਾਰ ਫ਼ਨਕਾਰ ਨੇ ਕੋਕ ਸਟੂਡੀਓ ਵਿਚ ਮੀਸ਼ਾ ਸ਼ਫੀ ਨਾਲ ਇਕ ਨਿਵੇਕਲੇ ਸੰਗੀਤ ਵਿਚ ਜੁਗਨੀ ਗਾ ਕੇ ਇਸ ਨੂੰ ਹੋਰ ਪ੍ਰਸਿੱਧੀ ਅਤੇ ਵਧੇਰੇ ਹਰਮਨ ਪਿਆਰਤਾ ਦਿਵਾਈ :

ਏ ਵੇ ਅੱਲਾ ਵਾਲਿਆਂ ਦੀ ਜੁਗਨੀ ਜੀ,
ਏ ਵੇ ਨਬੀ ਪਾਕ ਦੀ ਜੁਗਨੀ ਜੀ,
ਏ ਵੇ ਮੌਲਾ ਅਲੀ ਵਾਲੀ ਜੁਗਨੀ ਜੀ,
ਏ ਵੇ ਮੇਰੇ ਪੀਰ ਦੀ ਜੁਗਨੀ ਜੀ,
ਦਮ ਗੁਟਕੂੰ, ਦਮ ਗੁਟਕੂੰ, ਕਰੇ ਸਾਈਂ,
ਇਹ ਕਲਮਾਂ ਨਬੀ ਦਾ ਪੜ੍ਹੇ ਸਾਈਂ।

ਨੈਬ ਕੋਟੀਆ ਘੁਮਿਆਰ, ਆਲਮ ਲੁਹਾਰ ਅਤੇ ਗੁਰਮੀਤ ਬਾਵਾ ਨੇ ਜੁਗਨੀ ਅਲਗੋਜ਼ਿਆ ਨਾਲ ਗਾਈ। ਇਨ੍ਹਾਂ ਨੇ ਜੁਗਨੀ ਦੇ ਵੱਖੋ-ਵੱਖ ਬੰਦ ਗਾਏ ਹਨ ਅਤੇ ਭਾਸ਼ਾ ਦਾ ਵੀ ਫ਼ਰਕ ਹੈ, ਫਿਰ ਵੀ ਇਨ੍ਹਾਂ ਦੇ ਕੁਝ ਬੰਦ ਸਾਂਝੇ ਹਨ :

ਮੇਰੀ ਜੁਗਨੀ ਦੇ ਧਾਗੇ ਬੱਗੇ,
ਜੁਗਨੀ ਓਹਦੇ ਮੂੰਹੋਂ ਫੱਬੇ,
ਜਿਸ ਨੂੰ ਸੱਟ ਇਸ਼ਕ ਦੀ ਲੱਗੇ,
ਓ ਪੀਰ ਮੇਰਿਆ ਜੁਗਨੀ ਕਹਿੰਦੀ ਆ,
ਜਦ ਨਾਮ ਅਲੀ ਦਾ ਲੈਂਦੀ ਆ।
ਔਖੀ ਕਾਰ ਫ਼ਕੀਰੀ ਵਾਲੀ,
ਚੜ੍ਹ ਸੂਲੀ 'ਤੇ ਬਹਿਣਾ,
ਦਰ-ਦਰ 'ਤੇ ਨੇ ਟੁੱਕੜ ਮੰਗਣੇ,
ਮਾਈਏ ਭੈਣੇ ਕਹਿਣਾ,
ਭਾਵੇਂ ਲੱਖਾਂ ਹੀਲੇ ਕਰੀਏ,
ਇੱਥੇ ਜੋ ਬਣਿਆ ਸੋ ਰਹਿਣਾ
ਓ ਪੀਰ ਮੇਰਿਆ ਜੁਗਨੀ।

ਇਸ ਤੋਂ ਬਿਨ੍ਹਾਂ ਹੋਰ ਵੀ ਗਾਇਕਾਂ ਨੇ ਜੁਗਨੀ ਗਾਈ, ਜਿਸ ਵਿੱਚੋਂ ਬਹੁਤੇ ਗਾਇਕਾਂ ਦੀ ਜੁਗਨੀ ਅਸਲ ਸਿਧਾਂਤ ਤੋਂ ਦੂਰ ਹੈ। ਜੁਗਨੀ ਤਾਂ ਰੂਹ ਅਤੇ ਰਹਿਬਰ ਦੇ ਰਿਸ਼ਤੇ ਦੀ ਪਾਕ-ਪਵਿੱਤਰ ਨਿਸ਼ਾਨੀ ਦੀ ਬਾਤ ਹੈ। •

85678-72291

# ਰੁੱਖਾਂ ਤੇ ਮਨੁੱਖਾਂ ਦੀ ਨੇੜਤਾ

ਤ੍ਰਿਵੈਣੀ ਨਿੰਮ, ਪਿੱਪਲ ਤੇ ਬੋਹੜ ਦੇ ਇੱਕੋਂ ਥਾਂ ਲੱਗੇ ਦਰੱਖਤਾਂ ਦੇ ਝੁੰਡ ਨੂੰ ਕਿਹਾ ਜਾਂਦਾ ਸੀ। ਪੁਰਾਣੇ ਸਮਿਆਂ ਵਿਚ ਮੰਨਿਆਂ ਜਾਂਦਾ ਸੀ ਕਿ ਇਸ ਨੂੰ ਲਗਾਉਣ ਨਾਲ ਸਵਰਗ ਦੀ ਪ੍ਰਾਪਤੀ ਹੁੰਦੀ ਹੈ ਜਦਕਿ ਅਜਿਹਾ ਕੁਝ ਵੀ ਨਹੀਂ ਸੀ। ਕੀ ਸੀ ਤ੍ਰਿਵੈਣੀ ਤੇ ਸਵਰਗ ਦੀ ਸਚਾਈ ਆਓ ਇਸ ਵਾਰੇ ਚਰਚਾ ਕਰੀਏ। ਵਿਗਿਆਨ ਦਾ ਆਰੰਭ ਤਾਂ ਉਦੋਂ ਹੀ ਹੋ ਗਿਆ ਸੀ ਜਦੋਂ ਮਨੁੱਖ ਨੇ ਪੱਥਰਾਂ ਨੂੰ ਰਗੜ ਕੇ ਅੱਗ ਬਾਲਣੀ ਸਿੱਖ ਲਈ ਸੀ। ਵਿਗਿਆਨ ਦੀ ਪਹਿਲੀ ਖੋਜ ਜੇਕਰ ਪਹੀਏ ਦੀ ਖੋਜ ਨੂੰ ਮੰਨ ਲਿਆ ਜਾਵੇ ਤਾਂ ਕੁਝ ਗ਼ਲਤ ਨਹੀਂ ਹੋਵੇਗਾ। ਪੁਰਾਣੇ ਸਮਿਆਂ ਦੇ ਸਿਆਣੇ ਬਜ਼ੁਰਗ ਵਿਗਿਆਨ ਦੀ ਸੋਚ ਜਾਣ ਚੁੱਕੇ ਸਨ ਉਸ ਇਸ ਨੂੰ ਅਪਣਾਉਣਾ ਵੀ ਚਾਹੁੰਦੇ ਸਨ ਪਰ ਉਸ ਸਮੇਂ ਦੇ ਲੋਕਾਂ ਦਾ ਬੌਧਿਕ ਪੱਧਰ ਵਿਗਿਆਨ ਦਾ ਹਾਣੀ ਨਹੀਂ ਸੀ। ਇਹ ਸਭ ਗੱਲਾਂ ਉਨ੍ਹਾਂ ਦੀ ਸਮਝ ਤੋਂ ਬਾਹਰ ਸਨ। ਉਨ੍ਹਾਂ ਦੇ ਦਿਮਾਗ਼ 'ਚ ਸਿਰਫ਼ ਧਰਮ ਹੀ ਫਿੱਟ ਬੈਠਦਾ ਸੀ ਕਿਉਂਕਿ ਜ਼ਿਆਦਾ ਧਰਮੀ ਹੋਣ 'ਤੇ ਕਮਲੇ ਹੋਣ 'ਚ ਜ਼ਿਆਦਾ ਫ਼ਰਕ ਨਹੀਂ ਹੁੰਦਾ ਸੋ ਬਜ਼ੁਰਗਾਂ ਨੇ ਲੋਕਾਂ ਦਾ ਮਾਨਸਿਕ ਪੱਧਰ ਵਾਚਦੇ ਹੋਏ ਉਨ੍ਹਾਂ ਵਿਗਿਆਨਕ ਸਚਾਈਆਂ ਨੂੰ ਧਰਮ ਨਾਲ ਜੋੜ ਦਿੱਤਾ ਕਿਉਂਕਿ ਲੋਕ ਸਿਰਫ਼ ਧਰਮ ਦੀ ਭਾਸ਼ਾ ਨੂੰ ਸਮਝਦੇ ਸਨ। ਨਿੰਮ ਇਕ ਡਾਕਟਰੀ ਪੌਦਾ ਹੈ ਜਿਸ ਦੀ ਵਰਤੋਂ ਚਮੜੀ ਦੀਆਂ ਬਿਮਾਰੀਆਂ ਲਈ ਬਣਨ ਵਾਲੀਆਂ ਦਵਾਈਆਂ, ਕਰੀਮਾਂ ਅਤੇ ਸਾਬਣਾਂ 'ਚ ਕੀਤੀ ਜਾਂਦੀ ਹੈ, ਪਿੱਪਲ ਸਭ ਤੋਂ ਵੱਧ ਕਾਰਬਨ ਡਾਈਅਕਸਾਈਡ ਸੋਖਦਾ ਹੈ। ਬੋਹੜ ਦੁਆਰਾ ਛੱਡੀ ਗਈ ਆਕਸੀਜਨ ਸਾਰੇ ਰੁੱਖਾਂ ਤੋਂ ਜ਼ਿਆਦਾ ਮਾਤਰਾਂ 'ਚ ਹੁੰਦੀ ਹੈ ਹੁਣ ਵਿਗਿਆਨਕ ਤੱਥ ਉਨ੍ਹਾਂ ਲੋਕਾਂ ਦੀ ਸਮਝ ਤੋਂ ਬਾਹਰ ਦੀਆਂ ਗੱਲਾਂ ਸਨ, ਇਸ ਲਈ ਉਨ੍ਹਾਂ ਨੂੰ ਸਮਝਾਉਣ ਲਈ ਇਸ ਨਾਲ ਸਵਰਗ ਮਿਲਣ ਦੀ ਮਨਘੜਤ ਕਹਾਣੀ ਜੋੜ ਦਿੱਤੀ ਗਈ। ਧਰਮੀ ਲੋਕ ਇੱਥੇ ਨਰਕ ਵਰਗੇ ਮਾਹੌਲ 'ਚ ਰਹਿਣ ਲਈ ਤਿਆਰ ਸਨ ਪਰ ਮੌਤ ਤੋਂ ਬਾਅਦ ਸਵਰਗ ਹੀ ਜਾਣਾ ਚਾਹੁੰਦੇ ਹਨ। ਬੱਸ ਫਿਰ ਕੀ ਸੀ ਹਰ ਬੰਦਾ ਸਵਰਗ ਜਾਣ ਲਈ ਕਾਹਲਾ ਸੀ। ਫਿਰ ਕੀ ਚਾਰੇ ਪਾਸੇ ਤ੍ਰਿਵੈਣੀਆਂ ਹੀ ਤ੍ਰਿਵੈਣੀਆਂ ਇਸ ਤਰ੍ਹਾਂ ਸਾਰਾ ਵਾਤਾਵਰਨ ਹਰਿਆ ਭਰਿਆ ਹੋ ਗਿਆ। ਇਸੇ ਤਰ੍ਹਾਂ ਭੂਤਾਂ ਪ੍ਰੇਤਾਂ ਤੋਂ ਘਰ ਦੀ ਸੁਰੱਖਿਆ ਲਈ ਦਰਵਾਜ਼ੇ ਤੇ ਦੁਕਾਨਾਂ 'ਤੇ ਮਿਰਚਾਂ ਅਤੇ ਨਿੰਬੂ ਲਟਕਾਏ ਜਾਂਦੇ ਸੀ ਪਰ ਜੇਕਰ ਵਿਗਿਆਨ ਪੱਖੋਂ ਵਾਚੀਏ ਤਾਂ ਨਿੰਬੂ ਤੇ ਮਿਰਚਾਂ ਕਈ ਤਰ੍ਹਾਂ ਦੇ ਜਿਵਾਣੂਆਂ ਦਾ ਖ਼ਾਤਮਾ ਕਰਦੇ ਹਨ ਅਤੇ ਘਰ 'ਚੋਂ ਬਦਬੂ ਨੂੰ ਦੂਰ ਕਰ ਕੇ ਖੁਸ਼ਬੂ ਫੈਲਾਉਂਦੇ ਹਨ। ਜਿਸ ਘਰ 'ਚ ਨਵ ਜੰਮਿਆਂ ਬੱਚਾ ਹੁੰਦਾ ਹੈ ਉਸ ਬੱਚੇ ਦੀ ਜਿੰਨ ਪ੍ਰੇਤ ਤੋਂ ਰੱਖਿਆ ਲਈ ਦਰਵਾਜ਼ੇ ਕੋਲ ਪਾਥੀ ਬਾਲ ਕੇ ਰੱਖੀ ਜਾਂਦੀ ਸੀ। ਬਾਹਰੋਂ ਆਉਣ ਵਾਲੇ ਇਨਸਾਨ ਦੇ ਹੱਥ ਧੁਵਾਏ ਜਾਂਦੇ ਸਨ। ਘਰ ਦੇ ਦਰਵਾਜ਼ੇ ਅੱਗੇ ਨਿੰਮ ਬੰਨ੍ਹਿਆਂ ਜਾਂਦਾ ਸੀ। ਆਪਣੇ ਤੇ ਦੂਜੇ ਘਰਾਂ ਦੇ ਦਰਵਾਜ਼ਿਆਂ ਅੱਗੇ ਵੀ ਨਿੰਮ ਬੰਨ੍ਹ ਦਿੱਤਾ ਜਾਂਦਾ ਸੀ। ਇਹ ਸਾਰੇ ਵਹਿਮ ਭੂਤਾਂ ਪ੍ਰੇਤਾਂ ਤੋਂ ਬੱਚੇ ਦੀ ਰੱਖਿਆ ਲਈ ਕੀਤੇ ਜਾਂਦੇ ਸਨ ਅਤੇ ਜਣੇਪੇ ਵਾਲੀ ਔਰਤ ਦਾ ਖ਼ਾਸ ਖ਼ਿਆਲ ਰੱਖਿਆ ਜਾਂਦਾ ਸੀ। ਮੰਨਿਆ ਜਾਂਦਾ ਸੀ ਕਿ ਜਣੇਪੇ ਵਿਚ ਮਰੀ ਔਰਤ ਕਚੀਲ (ਚੁੜੇਲ)ਬਣ ਜਾਂਦੀ ਹੈ ਉਸ ਦੀ ਗਤੀ ਨਹੀਂ ਹੁੰਦੀ। ਇਸ ਲਈ ਜਣੇਪੇ ਵਾਲੀ ਔਰਤ ਦਾ ਖ਼ਾਸ ਖ਼ਿਆਲ ਰੱਖਿਆ ਜਾਂਦਾ ਸੀ। ਇਸ ਦੀ ਵਿਗਿਆਨਕ ਸਚਾਈ ਇਹ ਸੀ ਕਿ ਜਣੇਪੇ 'ਚ ਔਰਤ ਕਮਜ਼ੋਰ ਹੋ ਜਾਂਦੀ ਸੀ। ਉਸ ਨੂੰ ਬਿਮਾਰੀਆਂ ਜਲਦੀ ਪਕੜ 'ਚ ਲੈ ਲੈਂਦੀਆਂ ਸਨ। ਪਾਥੀ ਬਾਲਣ ਦਾ ਮਤਲਬ ਇਹ ਸੀ ਕਿ ਘਰ ਵਿਚ ਮੱਛਰ ਮੱਖੀ ਅਤੇ ਹੋਰ ਜ਼ਹਿਰੀਲੇ ਕਿਸਮ ਦੇ ਕੀੜੇ ਦਾਖ਼ਲ ਹੋ ਕੇ ਬੱਚੇ ਨੂੰ ਕੱਟ ਸਕਦੇ ਹਨ, ਉਨ੍ਹਾਂ ਨੂੰ ਭਜਾਉਣ ਲਈ ਪਾਥੀ ਬਾਲ ਕੇ ਧੂੰਆਂ ਕੀਤਾ ਜਾਂਦਾ ਸੀ। ਘਰ ਦੇ ਦਰਵਾਜ਼ੇ ਉੱਤੇ ਨਿੰਮ ਇਸ ਲਈ ਬੰਨ੍ਹਿਆ ਜਾਂਦਾ ਸੀ ਕਿ ਇਹ ਇਕ ਜੀਵਾਣੂ ਨਾਸ਼ਕ ਰੁੱਖ ਹੈ ਇਸ ਦੇ ਟਾਹਣੀ, ਪੱਤੇ ਅਤੇ ਨਿਮੋਲੀਆਂ ਉਹ ਕਈ ਕਿਸਮ ਦੀਆਂ ਛੂਤ ਦੀਆਂ ਬਿਮਾਰੀਆਂ ਦੇ ਕਿਟਾਣੂਆਂ ਨੂੰ ਖ਼ਤਮ ਕਰਦੇ ਹਨ ਇਸ ਲਈ ਮੰਨਿਆ ਜਾਂਦਾ ਸੀ ਜੋ ਕੋਈ ਬਿਮਾਰੀ ਜਾਂ ਕਿਟਾਣੂ ਬੱਚੇ ਕੋਲ ਨਾ ਆਵੇ। ਇਸ ਲਈ ਨਿੰਮ ਦਰਵਾਜ਼ੇ ਅੱਗੇ ਬੰਨ੍ਹ ਦਿੱਤਾ ਜਾਂਦਾ ਸੀ ਕਿਉਂਕਿ ਸ਼ਰੀਕੇ ਦੇ ਲੋਕ ਬੱਚੇ ਨੂੰ ਮਿਲਣ ਆਉਣਗੇ ਉਨ੍ਹਾਂ ਨੂੰ ਮਨ੍ਹਾਂ ਤਾਂ ਨਹੀਂ ਕੀਤਾ ਜਾ ਸਕੇਗਾ ਕਿ ਛੋਟੇ ਬੱਚੇ ਦੀ ਸੁਰੱਖਿਆ ਦਾ ਸਵਾਲ ਹੈ, ਤੁਸੀ ਨਾ ਆਓ। ਸੋ ਨਿੰਮ ਬੰਨ੍ਹ ਕੇ ਸੁਰੱਖਿਅਤ ਮਹਿਸੂਸ ਕੀਤਾ ਜਾਂਦਾ ਸੀ। ਸਿਰਫ਼ ਉਨ੍ਹਾਂ ਲੋਕਾਂ ਲਈ ਇਸ ਸਚਾਈ ਨੂੰ ਵਹਿਮ ਨਾਲ ਜੋੜਨਾਂ ਪੈਂਦਾ ਹੈ ਜਿਹੜੇ ਲੋਕ ਅੰਧਵਿਸ਼ਵਾਸੀ ਹੁੰਦੇ ਹਨ। ਵਾਤਾਵਰਨ ਸ਼ੁੱਧ ਤੇ ਸਾਫ਼ ਹੋਵੇਗਾ ਤਾਂ ਧਰਤੀ ਸਵਰਗ ਬਣ ਜਾਵੇਗੀ। ਮਰਨ ਤੋਂ ਬਾਅਦ ਵਾਲਾ ਸਵਰਗ ਤਾਂ ਪਤਾ ਨਹੀਂ ਮਿਲੇਗਾ ਜਾਂ ਨਹੀਂ ਪਰ ਜਿਉਂਦੇ ਜੀ ਸਵਰਗ ਜ਼ਰੂਰ ਮਿਲ ਸਕੇਗਾ। ਸੋ ਵਹਿਮਾਂ ਤੋਂ ਬਚੋਂ ਵਿਗਿਆਨ ਸੋਚ ਅਪਣਾਓ।

• ਹਰਚਰਨ ਕੌਰ
99158-65550





### *ਦਰਵਾਜ਼ੇ 'ਤੇ ਨਿੰਮ ਬੰਨ੍ਹਣਾ*

*ਘਰ ਦੇ ਦਰਵਾਜ਼ੇ ਉੱਤੇ ਨਿੰਮ ਇਸ ਲਈ ਬੰਨ੍ਹਿਆ ਜਾਂਦਾ ਸੀ ਕਿ ਇਹ ਜੀਵਾਣੂ ਨਾਸ਼ਕ ਰੁੱਖ ਹੈ। ਇਸ ਦੇ ਟਾਹਣੀ, ਪੱਤੇ ਤੇ ਨਿਮੋਲੀਆਂ ਕਈ ਕਿਸਮ ਦੀਆਂ ਛੂਤ ਦੀਆਂ ਬਿਮਾਰੀਆਂ ਦੇ ਕਿਟਾਣੂਆਂ ਨੂੰ ਖ਼ਤਮ ਕਰ ਦਿੰਦੇ ਹਨ। ਮੰਨਿਆ ਜਾਂਦਾ ਸੀ ਜੋ ਕੋਈ ਬਿਮਾਰੀ ਜਾਂ ਕਿਟਾਣੂ ਨਵ-ਜਨਮੇ ਬੱਚੇ ਕੋਲ ਨਾ ਆਵੇ। ਇਸ ਲਈ ਨਿੰਮ ਦਰਵਾਜ਼ੇ 'ਤੇ ਬੰਨ੍ਹ ਦਿੱਤਾ ਜਾਂਦਾ ਸੀ ਕਿਉਂਕਿ ਸ਼ਰੀਕੇ ਦੇ ਲੋਕ ਬੱਚੇ ਨੂੰ ਮਿਲਣ ਆਉਣਗੇ ਉਨ੍ਹਾਂ ਨੂੰ ਮਨ੍ਹਾਂ ਤਾਂ ਨਹੀਂ ਕੀਤਾ ਜਾ ਸਕੇਗਾ ਕਿ ਛੋਟੇ ਬੱਚੇ ਦੀ ਸੁਰੱਖਿਆ ਦਾ ਸਵਾਲ ਹੈ।*

# ਮੇਲ ਮਿਲਾਪ ਦਾ ਦਾਇਰਾ ਵਧਾਉਂਦੇ ਹਨ ਮੇਲੇ

ਤਰਸੇਮ ਸਿੰਘ 'ਭੰਗੂ'

ਜੰਗਲਾਂ ਵਿੱਚੋਂ ਨਿਕਲ ਕੇ ਮਨੁੱਖ ਨੇ ਜਦੋਂ ਆਲੇ-ਦੁਆਲੇ ਵਿਚਰਨਾ ਸ਼ੁਰੂ ਕੀਤਾ ਤਾਂ ਮਨੁੱਖੀ ਮੇਲ-ਮਿਲਾਪ ਦਾ ਦਾਇਰਾ ਵਧਿਆ। ਵੱਖ-ਵੱਖ ਸਮਾਜਾਂ ਵਿਚ ਬੱਝਣ ਤੋਂ ਬਾਅਦ ਹੀ ਸ਼ਾਇਦ ਮਨੁੱਖ ਨੂੰ ਸੱਭਿਅਕ ਅਤੇ ਸਮਾਜਿਕ ਪ੍ਰਾਣੀ ਦਾ ਦਰਜਾ ਮਿਲਿਆ। ਹੌਲੀ-ਹੌਲੀ ਮਨੁੱਖ ਰਿਸ਼ਤਿਆਂ ਵਿਚ ਬੱਝ ਗਿਆ। ਸਮਾਜ ਰੂਪੀ ਮਜ਼ਬੂਤ ਸੰਗਲ ਨੂੰ ਜੋੜੀ ਰੱਖਣ ਲਈ ਰਿਸ਼ਤੇ ਅਹਿਮ ਕੜੀ ਵਜੋਂ ਕੰਮ ਕਰਦੇ ਹਨ। ਮੇਲ-ਮਿਲਾਪ ਨਾਲ ਹੀ ਸਮਾਜਿਕ ਸਰਗਰਮੀਆਂ ਵਧਦੀਆਂ ਹਨ ਅਤੇ ਸੱਭਿਆਚਾਰ ਵਿਗਸਦਾ ਹੈ ਤੇ ਅੱਗੇ ਵਧਦਾ ਹੈ। ਸੱਥਾਂ 'ਚ ਬੈਠਣਾ, ਦੋਸਤਾਂ ਦਾ ਮੇਲ-ਮਿਲਾਪ, ਰਹੁ-ਰੀਤਾਂ ਅਤੇ ਤਮਾਮ ਸਰਗਰਮੀਆਂ ਸਾਡੇ ਸੱਭਿਆਚਾਰ ਦੀਆਂ ਚੂਲਾਂ ਹਨ। ਵਿਕਾਸ ਇਸ ਦੇ ਇਰਦ-ਗਿਰਦ ਹੀ ਘੁੰਮਦਾ ਹੈ।

## ਮੇਲਿਆਂ ਦੀ ਧਰਤੀ


ਭਾਰਤ ਨੂੰ ਮੇਲਿਆਂ ਦੀ ਧਰਤੀ ਵੀ ਕਹਿ ਲਿਆ ਜਾਵੇ ਤਾਂ ਵੀ ਕੋਈ ਅਤਿ ਕਥਨੀ ਨਹੀਂ। 365 ਦਿਨਾਂ ਵਿੱਚੋਂ ਕੋਈ ਅਜਿਹਾ ਦਿਨ ਨਹੀਂ ਹੋਵੇਗਾ ਜਿਸ ਦਿਨ ਕਿਧਰੇ ਕੋਈ ਮੇਲਾ ਨਾ ਲੱਗਦਾ ਹੋਵੇ।

ਪੰਜਾਬ ਵਿਚ ਗੁਰੂਆਂ, ਪੀਰਾਂ, ਫ਼ਕੀਰਾਂ, ਸਾਧੂ-ਸੰਤਾਂ ਅਤੇ ਹੋਰ ਰੱਬ ਦੇ ਭਗਤਾਂ ਦੇ ਨਾਂ 'ਤੇ ਅਨੇਕਾਂ ਮੇਲੇ ਲੱਗਦੇ ਹਨ। ਵਿਸਾਖੀ, ਦੀਵਾਲੀ, ਰੱਖੜ-ਪੁੰਨਿਆਂ, ਜਗਰਾਵਾਂ ਦੀ ਰੌਸ਼ਨੀ, ਹੋਲਾ ਮੱਹਲਾ, ਜਰਗ ਦਾ ਮੇਲਾ, ਚੋਲ੍ਹੇ ਦਾ ਮੇਲਾ, ਸ਼ਹੀਦੀ ਜੋੜ ਮੇਲਾ, ਛਪਾਰ ਦਾ ਮੇਲਾ, ਮੁਕਤਸਰ ਦਾ ਮਾਘੀ ਮੇਲਾ, ਲੌਂਗੋਵਾਲ ਦੀਆਂ ਤੀਆਂ, ਮਾਝੇ ਵਿਚ ਬੱਬੇ ਹਾਲੀ, ਘੋਨੇਵਾਲਾ ਅਤੇ ਮਾਕੋਵਾਲ ਦੀਆਂ ਛਿੰਝਾਂ ਬਹੁਤ ਮਸ਼ਹੂਰ ਹਨ। ਮੇਲੇ ਸਾਡੀ ਵਿਰਾਸਤ ਹਨ। ਜਿਹੜੀਆਂ ਕੌਮਾਂ ਆਪਣੀ ਵਿਰਾਸਤ ਨਹੀਂ ਸੰਭਾਲਦੀਆਂ ਉਹ ਜ਼ਿਆਦਾ ਦੇਰ ਜ਼ਿੰਦਾ ਨਹੀਂ ਰਹਿੰਦੀਆਂ।

## ਪੰਜਾਬੀਆਂ ਦੇ ਸੁਭਾਅ

ਮੇਲੇ ਮਿਲਣ ਦਾ ਸਬੱਬ ਹੁੰਦੇ ਹਨ। ਪੰਜਾਬੀਆਂ ਦੇ ਸੁਭਾਅ ਵਿਚ ਹੀ ਮਿਲਾਪ ਹੈ। ਅਖੇ, 'ਮੇਲਾ ਮੇਲੀਆਂ ਦਾ, ਯਾਰਾਂ ਬੇਲੀਆਂ ਦਾ।' ਮੇਲੇ ਤੋਂ ਕਈ ਸ਼ਬਦ ਪੈਦਾ ਹੋਏ ਹਨ। ਮੇਲ ਲਫ਼ਜ਼ ਵੀ ਮਿਲਣ ਤੋਂ ਬਣਿਆ ਹੈ। ਵਿਆਹ ਸ਼ਾਦੀ ਵਿਚ ਨਾਨਕਾ ਮੇਲ ਦੀ ਖ਼ਾਸ ਅਹਿਮੀਅਤ ਹੁੰਦੀ ਹੈ। ਮੇਲ ਵਿਚ ਆਈਆਂ ਔਰਤਾਂ ਨੂੰ ਮੇਲਣਾਂ ਕਿਹਾ ਜਾਂਦਾ ਹੈ। ਚਾਰ ਦਹਾਕੇ ਪਹਿਲਾਂ ਵਿਆਹ ਤੋਂ ਦੋ ਦਿਨ ਪਹਿਲਾਂ ਮੇਲ ਆਉਣਾ ਸ਼ੁਰੂ ਹੋ ਜਾਂਦਾ ਸੀ ਪਰ ਅਜੋਕੇ ਪਦਾਰਥਵਾਦੀ ਅਤੇ ਵਪਾਰਕ ਬਿਰਤੀਆਂ ਵਾਲੇ ਯੁੱਗ ਵਿਚ ਸਾਡੇ ਸੱਭਿਆਚਾਰ ਦਾ ਰੰਗ ਵੀ ਫਿੱਕਾ ਪੈ ਗਿਆ ਹੈ। ਹੁਣ ਤਾਂ ਪੈਲਸਾਂ ਵਿਚ ਕੁਝ ਘੰਟਿਆਂ ਦਾ ਹੀ ਮੇਲ ਹੁੰਦਾ ਹੈ। ਜਗ ਜਿਉਂਦਿਆਂ ਦੇ ਮੇਲੇ ਤਾਂ ਹੁੰਦੇ ਹੀ ਨੇ ਪਰ ਅਸਲ ਮੇਲੇ ਮਿਲਦਿਆਂ ਦੇ ਹੁੰਦੇ ਹਨ।

**ਤੈਨੂੰ ਭਾਲਦਿਆਂ ਥੱਕ ਗਈਆਂ ਅੱਖੀਆਂ ਵੇ*
*ਮੇਲਾ ਮੈਨੂੰ ਦੱਖ ਨਾ ਦੇਵੇ।'*
**ਕਿਤੇ ਮੇਲੇ 'ਚ ਨਜ਼ਰ ਨਾ ਆਇਆ ਵੇ*
*ਸਾਰਾ ਮੇਲਾ ਛਾਣ ਮਾਰਿਆ।*
**ਮੇਲੇ ਮੁਕਸਰ ਦੇ ਚੱਲ ਚੱਲੀਏ*
*ਨਣਦ ਦਿਆ ਵੀਰਾ।*
**ਚੱਲ ਚੱਲੀਏ ਜਰਗ ਦੇ ਮੇਲੇ ਨੀ*
*ਮੁੰਡਾ ਤੇਰਾ ਮੈਂ ਚੱਕ ਲਊਂ।*



**ਮੇਲ-ਮਿਲਾਪ ਨਾਲ ਸਮਾਜਿਕ ਸਰਗਰਮੀਆਂ ਵਧਦੀਆਂ ਹਨ, ਵਿਰਸਾ ਵਿਗਸਦਾ ਤੇ ਅੱਗੇ ਵਧਦਾ ਹੈ। ਸੱਥਾਂ 'ਚ ਬੈਠਣਾ, ਦੋਸਤਾਂ ਦਾ ਮੇਲ-ਮਿਲਾਪ, ਰਹੁ-ਰੀਤਾਂ, ਮੇਲੇ ਅਤੇ ਤਮਾਮ ਸਰਗਰਮੀਆਂ ਸਾਡੇ ਸੱਭਿਆਚਾਰ ਦੀਆਂ ਚੂਲਾਂ ਹਨ...**

### ਬਾਪੂ ਦੀ ਭਾਲ

ਛੋਟੇ ਹੁੰਦਿਆਂ ਆਪਣੇ ਪਿੰਡ ਦਾ ਮੇਲਾ ਤੇ ਕਈ ਹੋਰ ਮੇਲੇ ਬਾਪੂ ਦੇ ਮੋਢਿਆਂ 'ਤੇ ਚੜ੍ਹ ਕੇ ਵੇਖੇ ਸਨ। ਅੱਜ ਪੂਰੇ ਪੰਜਾਹ ਸਾਲਾਂ ਬਾਅਦ ਰੁਪਈਏ ਤੋਂ ਦੋ ਹਜ਼ਾਰ ਤਕ ਦੇ ਨੋਟ ਜੇਬ ਵਿਚ ਪਾਈ ਨਵੀਂ ਕਾਰ ਦੇ ਲਾਗੇ ਖਲੋਤਾ ਹਾਂ। ਇਸ ਵੇਲੇ ਬਾਪੂ ਬਣਿਆ ਆਪਣੇ-ਆਪ ਨੂੰ ਬਾਲ ਤਸੱਵਰ ਕਰਦਾ ਆਪਣੇ ਪਿੰਡ ਦੇ ਮੇਲੇ 'ਚੋਂ ਬਾਪੂ ਨੂੰ ਭਾਲ ਰਿਹਾ ਹਾਂ ਪਰ ਬਾਪੂ ਦਿੱਸ ਨਹੀਂ ਰਿਹਾ, ਕਿਹਦੇ ਮੋਢਿਆਂ 'ਤੇ ਚੜ੍ਹ ਕੇ ਮੇਲਾ ਵੇਖਿਆ ਜਾਵੇ! ਕਾਰ ਮਾਲਕ ਹੋਣ ਦੀ ਕੋਈ ਖ਼ੁਸ਼ੀ ਨਹੀਂ ਹੈ ਕਿਉਂਕਿ ਕੋਈ ਹਾਣੀ ਨਜ਼ਰ ਨਹੀਂ ਆ ਰਿਹਾ। ਜੋ ਕਹਿ ਸਕੇ, 'ਉਏ ਧਰਮਿਆਂ ਤੂੰ ਗੱਡੀ ਲੈ ਲਈ ?

## ਲੋਕ ਸਾਹਿਤ ਦਾ ਹਿੱਸਾ

ਮੇਲਿਆਂ ਦੇ ਸਬੰਧ ਵਿਚ ਅਜਿਹੇ ਅਨੇਕਾਂ ਹੀ ਲੋਕ ਗੀਤਾਂ ਦੇ ਮੁੱਖੜੇ ਅਤੇ ਬੋਲੀਆਂ ਸਾਡੇ ਲੋਕ ਸਾਹਿਤ ਦਾ ਹਿੱਸਾ ਹਨ। ਜੋ ਮਿਲਣ ਲਈ ਤੜਪਦੀਆਂ ਰੂਹਾਂ ਦੇ ਦਿਲਾਂ ਦੀ ਤਰਜਮਾਨੀ ਕਰਦੀਆਂ ਹਨ। ਪੰਜਾਬ ਵਿਚ ਮੱਸਿਆ ਤਾਂ ਹਰ ਮਹੀਨੇ ਕਈ ਜਗ੍ਹਾ ਲੱਗਦੀ ਹੈ। ਅਵਿੱਦਤ ਮਨ ਧਾਰਮਿਕ ਥਾਂ 'ਤੇ ਸੁੱਖਣਾ ਸੁੱਖ ਕੇ ਮਨ ਦੀ ਮੁਰਾਦ ਪੂਰੀ ਕਰਨਾ ਲੋਚਦਾ ਹੈ। ਹਰ ਮੱਸਿਆ ਜਾਣ ਵਾਲੀ ਨੂੰ ਕੋਈ ਮਸਖਰਾ ਇੰਜ ਕਾਨੀ ਵੀ ਕੱਸਦਾ ਹੈ :

ਸੁੱਖ ਲਈਆਂ ਪੰਜ ਮੱਸਿਆ
ਪਹਿਲੀ ਮੱਸਿਆ ਕੰਨਾਂ ਨੂੰ ਹੱਥ ਲਾਵੇ।

ਮੱਧ ਵਰਗੀ ਕਿਸਾਨ ਆਪਣੀ ਔਰਤ ਨੂੰ ਮੱਸਿਆ ਜਾਣ ਦੀ ਤਿਆਰੀ ਖਿੱਚਦੀ ਵੇਖ, ਖੇਤੀ ਦੇ ਕੰਮ ਨੂੰ ਪਹਿਲ ਦਿੰਦਾ ਇਸ ਬੋਲੀ ਰਾਹੀਂ ਰੋਕਦਾ, ਇੰਜ ਆਖਦਾ ਹੈ,

ਤੈਨੂੰ ਮੱਸਿਆ ਜਾਣ ਦੀ ਪੈ ਗਈ
ਇੱਥੇ ਮੇਰਾ ਚੱਲੇ ਵੇਲਣਾ ਭਾਨੋ
ਹੋ ਕੇ ਤਿਆਰ ਵੇਖ ਲੈ ਮਾਰੂ ਜਾਨੋਂ।

### ਸਮਰੱਥਾ

ਪੰਜਾਬ ਦੇ ਹਰੇਕ ਪਿੰਡ ਵਿਚ ਕੋਈ ਨਾ ਕੋਈ ਛੋਟਾ-ਵੱਡਾ ਮੇਲਾ ਜ਼ਰੂਰ ਲੱਗਦਾ ਹੈ। ਕੋਈ ਸਮਾਂ ਸੀ, ਜਦੋਂ ਮੇਲੇ ਵਿਚ ਖ਼ਰਚਣ ਵਾਸਤੇ ਰੁਪਈਆ ਲੈਣ ਲਈ ਬਾਪੂ ਦੀਆਂ ਕਈ ਈਨਾਂ ਮੰਨਣੀਆਂ ਪੈਂਦੀਆਂ ਸਨ। ਜਿਵੇਂ ਡੰਗਰ ਚਾਰਨੇ, ਪਾਣੀ ਪਿਲਾਉਣਾ, ਪੱਠੇ ਵੱਢਲੇ, ਕੁਤਰਨੇ, ਪੜ੍ਹਨਾ ਆਦਿ। ਸ਼ਾਇਦ ਉਸ ਸਮੇਂ ਬਾਪੂ ਰੁਪਈਆ ਦੇਣ ਦੇ ਸਮਰੱਥ ਵੀ ਨਹੀਂ ਸੀ ਪਰ ਬਾਪੂ ਦੇਵੇ ਜਾਂ ਨਾ ਬਾਪੂ ਤੋਂ ਚੋਰੀ ਬੇਬੇ ਜ਼ਰੂਰ ਮੁੱਠੀ 'ਚ ਰੁਪਈਆ ਫੜਾ ਦਿੰਦੀ ਸੀ।

## ਜਵਾਨ ਹੋਣ ਦਾ ਭਰਮ

ਡੰਗਰ ਚਾਰਦਿਆਂ ਤਾਂ ਝੋਟਾ ਹੀ ਕਿਸੇ ਜਹਾਜ਼ ਤੋਂ ਘੱਟ ਨਹੀਂ ਹੁੰਦਾ ਸੀ। ਹੋ ਸਕਦੈ ਮੇਰੇ ਹਾਣੀ ਵੀ ਮੇਰੇ ਵਾਂਗ ਦਾਹੜੀਆਂ ਕਾਲੀਆਂ ਕਰ ਕੇ ਜਵਾਨ ਹੋਣ ਦਾ ਭਰਮ ਪਾਲਦੇ ਮੇਰੇ ਨੇੜਿਓਂ ਹੀ ਗੁਜ਼ਰ ਰਹੇ ਹੋਣ ਜਾਂ ਕਬੀਲਦਾਰੀਆਂ ਨਜਿੱਠਦੇ ਉਮਰੋਂ ਪਹਿਲਾਂ ਹੀ ਬੁੱਢੇ ਹੋ ਗਏ ਹੋਣ ਪਰ ਪਛਾਣਨ ਤੋਂ ਅਸਮਰਥ ਹਾਂ।

ਮੇਲੇ ਦੇ ਸ਼ੋਰ ਵਿਚ ਇਕ ਪਾਸੇ ਸੱਭਿਆਚਾਰਕ ਪ੍ਰੋਗਰਾਮ ਚੱਲ ਰਿਹਾ ਹੈ। ਗਾਇਕ ਜੋੜੀ ਗਾ ਰਹੀ ਹੈ ਲੋਕ ਨੋਟ ਵਾਰ ਰਹੇ ਹਨ। ਰੁਪਈਏ ਨਹੀਂ, ਵੱਖ-ਵੱਖ ਕਈ ਛੋਟੇ-ਵੱਡੇ ਨੋਟ ਉੱਡ ਰਹੇ ਹਨ। ਕੋਈ ਬਜ਼ੁਰਗ ਖਲੋਤਿਆਂ ਤੋਂ ਪੁੱਛ ਰਿਹਾ ਹੈ, 'ਕੌਣ ਆਇਆ ਗਾਉਣ ਐਤਕੀਂ ਬੱਲਿਆ ?

'ਹੱਛਾ, ਅਣਖ-ਉਣਖ ਤਾਂ ਮੈਨੂੰ ਦੀਹਦੀ ਨ੍ਹੀਂ ਇਹਦੇ 'ਚ, ਕਿਹੋ ਜਿਹੇ ਗੌਣ ਗਾਈ ਜਾਂਦਾ, ਮੇਲੇ ਆਈਆਂ ਧੀਆਂ ਭੈਣਾਂ ਦੀ ਵੀ ਭੋਰਾ ਸ਼ਰਮ ਨਈ, ਸਹੁਰੀ ਦੇ ਅਣਖੀ ਬਣੇ ਫਿਰਦੇ ਐ! ਕੁੜੀ ਸੁਹਣੀ ਲਈ ਫਿਰਦਾ ਕਾਲਾ ਜਿਹਾ।' ਬੁੜ-ਬੁੜ ਕਰਦਾ ਬਾਬਾ ਅੱਗੇ ਤੁਰ ਜਾਂਦਾ ਹੈ।

## ਅੱਗੇ ਹੋਣ ਦੀ ਕੋਸ਼ਿਸ਼

ਮੈਂ ਗੱਡੀ ਇਕ ਪਾਸੇ ਲਾ ਕੇ ਜਿੱਧਰ ਕੁਸ਼ਤੀਆਂ ਹੋਣੀਐ ਉਧਰ ਨੂੰ ਅਹੁਲਦਾ ਹਾਂ। ਤਿੰਨ ਢੋਲੀ ਡੱਗੇ 'ਤੇ ਡੱਗਾ ਮਾਰਦੇ ਕੁਝ ਸੁਣਨ ਨਹੀਂ ਦੇ ਰਹੇ। ਪਹਿਲੇ ਮੇਲਿਆਂ ਵਰਗਾ ਇਕੱਠ ਨਹੀਂ ਹੈ। ਵਾਹਣ ਦੇ ਚਾਰ-ਚੁਫੇਰੇ ਲੋਕ ਇਕ ਦੂਜੇ ਤੋਂ ਅੱਗੇ ਹੋਣ ਦੀ ਕੋਸ਼ਿਸ਼ ਕਰ ਰਹੇ ਹਨ। ਘੁਲਣ ਆਏ ਭਲਵਾਨਾਂ ਨੇ ਬੈਠਕਾਂ ਮਾਰਨੀਆਂ ਸ਼ੁਰੂ ਕਰ ਦਿੱਤੀਆਂ ਹਨ ਪਰ ਮੈਨੂੰ ਬੱਚੋ ਮਾਕੋਵਾਲੀਆ, ਜੀਤਾ, ਸੰਹਿਸਰਾ ਅਤੇ ਫੱਤੂ ਭੀਲੀਏ ਵਰਗਾ ਦਰਸ਼ਨੀ ਜਵਾਨ ਇਨ੍ਹਾਂ 'ਚੋਂ ਕੋਈ ਵੀ ਨਜ਼ਰ ਨਹੀਂ ਆ ਰਿਹਾ। ਇਕ ਪਾਸੇ ਢਿਲਕੇ ਪਰ ਮਜ਼ਬੂਤ ਸਰੀਰ ਵਾਲਾ ਬਜ਼ੁਰਗ ਮੁੰਗਲੀਆਂ ਫੇਰਦਾ ਕੈਪਸੂਲਾਂ ਦੀ ਪਦਾਇਸ਼ ਭਲਵਾਨਾਂ ਨਾਲੋਂ ਜਵਾਨ ਲੱਗ ਰਿਹਾ ਹੈ। ਗੱਡੀ ਹੋਈ ਮਾਲੀ ਦੀ ਝੰਡੀ ਨੇੜੇ ਨਰੋਏ ਸਰੀਰ ਦਾ ਇਕ ਗੱਭਰੂ ਬੈਠਕਾਂ ਮਾਰ ਰਿਹਾ ਹੈ। ਲਾਗੋਂ ਸੁਣਨ 'ਤੇ ਪਤਾ ਲੱਗਾ ਹੈ ਕਿ ਆਪਣੇ ਪਿੰਡ ਦਾ ਈ ਐ, ਕਿਸ ਲਾਣੇ 'ਚੋਂ ਆ ਪਤਾ ਨਹੀਂ। ਇਹ ਵੀ ਸੁਣਨ ਨੂੰ ਮਿਲਿਆ ਕਿ ਪ੍ਰਬੰਧਕਾਂ 'ਚੋਂ ਪਿੰਡ ਪੱਖੀ ਮੁਹਤਬਰ ਦੀ ਕੁਸ਼ਤੀ ਕਿਸੇ ਮਾੜੇ ਪਹਿਲਵਾਨ ਨਾਲ ਪਾਉਣੀ ਚਾਹੁੰਦਾ ਹੈ ਤਾਂ ਕਿ ਮੇਜ਼ਬਾਨ ਪਿੰਡ ਦੀ ਝੰਡੀ ਬਣੀ ਰਹੇ ਪਰ ਇਕ ਪਾਸਿਓਂ ਸੱਚ 'ਤੇ ਪਹਿਰਾ ਦੇਣ ਵਾਲੇ ਪ੍ਰਬੰਧਕ ਨੇ ਬਾਹਰੋਂ ਆਏ ਕਿਸੇ ਭਲਵਾਨ ਨਾਲ ਕੁਸ਼ਤੀ ਲੜਨ ਦਾ ਐਲਾਨ ਕਰ ਦਿੱਤਾ ਹੈ। ਸਾਰੇ ਘੋਲ਼ਾਂ ਵਿਚ ਏਹੀ ਘੋਲ਼ ਲੱਗ ਰਿਹਾ ਹੈ। ਬਾਕੀ ਤਾਂ ਬਸ ਸਾਹ ਰੋਕੀ ਲੋਕ ਕੁਸ਼ਤੀ ਵੇਖਦੇ ਇਹੀ ਕਿਆਫ਼ੇ ਲਾ ਰਹੇ ਸਨ ਕਿ ਐਤਕੀਂ ਮਾਲੀ ਬਾਹਰਲੇ ਨੇ ਲੈ ਜਾਣੀ ਆ। ਏਹ ਕੀ, ਪੈਂਤੀ ਮਿੰਟ ਤਕ ਥੱਲਿਓਂ ਨਾ ਨਿਕਲ ਸਕਣ ਵਾਲਾ ਮੇਜ਼ਬਾਨ ਪਿੰਡ ਦਾ ਗੱਭਰੂ ਬਾਹਰਲੇ ਗੱਭਰੂ ਦੀਆਂ ਬਾਹਾਂ ਜਕੜ ਕੇ ਉੱਤੋਂ ਦੀ ਬਾਜ਼ੀ ਲਵਾ ਮੋਢੇ ਲਾ ਦਿੰਦਾ ਹੈ। ਢਹਿ ਗਿਆ, ਢਹਿ ਗਿਆ ਦਾ ਰੌਲਾ ਪੈ ਜਾਂਦਾ ਹੈ। ਢਾਹੁਣ ਵਾਲਾ ਇਕ ਲੱਤ 'ਤੇ ਇਕ ਬਾਂਹ ਚੁੱਕ ਕੇ ਭੰਗੜੇ ਦੇ ਅੰਦਾਜ਼ 'ਚ ਗੇੜੀ ਦਿੰਦਾ ਹੈ।

## ਭੁਲੇਖਾ ਪੈਣਾ

ਚਾਚੇ ਦੇ ਪੁੱਤ ਭਰਾ ਦੇ ਘਰ ਪੰਹੁਚਦਾ ਹਾਂ। ਘਰ 'ਚ ਮੇਲਾ ਵੇਖਣ ਆਏ ਰਿਸ਼ਤੇਦਾਰਾਂ ਦਾ ਵਿਆਹ ਵਿਚ ਆਏ ਮੇਲ ਵਾਂਗ ਭੁਲੇਖਾ ਪੈਂਦਾ ਹੈ। 'ਓ ਆ ਭਾਊ, ਤੂੰ ਤਾਂ ਸ਼ਹਿਰੀਆ ਬਣ ਕੇ ਮਿਲਣੋ-ਗਿਲਣੋ ਈ ਗਿਆ।' ਚਾਚੇ ਦਾ ਪੁੱਤ ਬਾਹਾਂ 'ਚ ਘੁੱਟਦਿਆਂ ਆਖਦਾ ਹੈ। ਕਈ ਹਾਣੀ ਰਿਸ਼ਤੇਦਾਰ ਬੱਗੇ ਹੋਏ ਪਛਾਣੇ ਨਹੀਂ ਗਏ, ਇਵੇਂ ਹੀ ਉਹ ਵੀ ਨਹੀਂ ਪਛਾਣ ਸਕੇ। ਗਈ ਰਾਤ ਤਕ ਖ਼ੂਬ ਯਾਦਾਂ ਤਾਜ਼ੀਆਂ ਹੋਈਆਂ ਹਨ। ਰਿਸ਼ਤੇਦਾਰਾਂ ਨਾ ਮਿਲਣ ਦੇ ਗਿਲੇ ਵੀ ਕੀਤੇ ਹਨ। ਮਹਿਸੂਸ ਹੋਇਆ ਕਿ ਰਿਸ਼ਤੇਦਾਰੀਆਂ ਤੇ ਮੇਲੇ ਮਿਲਦਿਆਂ ਦੇ ਹੀ ਹੁੰਦੇ ਹਨ। ਖਲੋਤੇ ਤਾਂ ਪਾਣੀ ਵੀ ਬੋਅ ਮਾਰ ਜਾਂਦੇ ਹਨ। ਰਿਸ਼ਤਿਆਂ 'ਚ ਆਈ ਖੜੋਤ ਵੀ ਸਾਡੇ ਅਮੀਰ ਸੱਭਿਆਚਾਰ ਨੂੰ ਢਾਹ ਲਾਉਂਦੀ ਹੈ। ਕਿਸੇ ਠੀਕ ਕਿਹਾ ਹੈ, 'ਪਾਣੀ ਵਗਦਿਆਂ ਦੇ ਤੇ ਰਿਸ਼ਤੇ ਮਿਲਦਿਆਂ ਦੇ।' ਆਓ, ਮੇਲ ਮਿਲਾਪ ਦਾ ਦਾਇਰਾ ਵਧਾਅ ਕੇ ਆਪਣੀ ਅਮੀਰ ਵਿਰਾਸਤ ਨੂੰ ਸੰਭਾਲੀਏ ਤਾਂ ਜੋ ਸਾਡੀਆਂ ਗੁਆਚ ਰਹੀਆਂ ਕਦਰਾਂ ਕੀਮਤਾਂ ਜਿੰਦਾ ਰਹਿ ਸਕਣ। •

94656-56214

# ਅੰਮ੍ਰਿਤਸਰੀ ਕੁਲਚੇ ਨੂੰ GI ਟੈਗ ਦਿਵਾਉਣ ਲਈ ਡੀਸੀ ਦਫ਼ਤਰ ਵਿਖੇ ਅਹਿਮ ਮੀਟਿੰਗ, ਵਪਾਰੀਆਂ ਨੇ ਕੀਤਾ ਸਵਾਗਤ

**ਅੰਮ੍ਰਿਤਸਰ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਅੰਮ੍ਰਿਤਸਰ ਦੀ ਵਿਸ਼ਵ ਪ੍ਰਸਿੱਧ ਪਛਾਣ ਅਤੇ ਪੰਜਾਬ ਦੀ ਖਾਣ-ਪੀਣ ਵਿਰਾਸਤ ਦਾ ਅਹਿਮ ਹਿੱਸਾ ਮੰਨੇ ਜਾਂਦੇ Amritsari Kulcha ਅੰਮ੍ਰਿਤਸਰੀ ਕੁਲਚੇ ਨੂੰ ਜੀਓਗ੍ਰਾਫਿਕਲ ਇੰਡੀਕੇਸ਼ਨ (GI) ਟੈਗ ਦਿਵਾਉਣ ਦੇ ਮਕਸਦ ਨਾਲ ਅੱਜ ਡਿਪਟੀ ਕਮਿਸ਼ਨਰ ਦਫ਼ਤਰ ਅੰਮ੍ਰਿਤਸਰ ਵਿਖੇ ਇੱਕ ਅਹਿਮ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਦੀ ਅਗਵਾਈ ਪੰਜਾਬ ਸਰਕਾਰ ਦੇ ਫੂਡ ਪ੍ਰੋਸੈਸਿੰਗ ਵਿਭਾਗ ਦੇ ਵਿਸ਼ੇਸ਼ ਸਕੱਤਰ ਸ੍ਰੀ ਸੰਦੀਪ ਹੰਸ ਨੇ ਕੀਤੀ। ਮੀਟਿੰਗ ਵਿੱਚ ਅੰਮ੍ਰਿਤਸਰ ਦੇ ਵੱਖ-ਵੱਖ ਕੁਲਚਾ ਨਿਰਮਾਤਾਵਾਂ ਅਤੇ ਵਪਾਰੀਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਅਤੇ 79 ਟੈਗ ਸਬੰਧੀ ਚੱਲ ਰਹੀ ਪ੍ਰਕਿਰਿਆ ਪ੍ਰਤੀ ਆਪਣਾ ਉਤਸ਼ਾਹ ਜਤਾਇਆ।




ਮੀਟਿੰਗ ਦੌਰਾਨ ਵਿਸ਼ੇਸ਼ ਸਕੱਤਰ ਸੰਦੀਪ ਹੰਸ ਨੇ ਕਿਹਾ ਕਿ ਅੰਮ੍ਰਿਤਸਰੀ ਕੁਲਚਾ ਸਿਰਫ਼ ਇੱਕ ਖਾਣ-ਪੀਣ ਦੀ ਵਸਤੂ ਨਹੀਂ, ਸਗੋਂ ਅੰਮ੍ਰਿਤਸਰ ਦੀ ਸੱਭਿਆਚਾਰਕ ਪਛਾਣ ਅਤੇ ਵਿਰਾਸਤ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ 79 ਟੈਗ ਮਿਲਣ ਨਾਲ ਅੰਮ੍ਰਿਤਸਰੀ ਕੁਲਚੇ ਨੂੰ ਇੱਕ ਵਿਲੱਖਣ ਅਤੇ ਕਾਨੂੰਨੀ ਪਛਾਣ ਪ੍ਰਾਪਤ ਹੋਵੇਗੀ, ਜਿਸ ਨਾਲ ਦੇਸ਼ ਅਤੇ ਵਿਦੇਸ਼ ਵਿੱਚ ਇਸ ਦੀ ਅਸਲ ਪਛਾਣ ਹੋਰ ਮਜ਼ਬੂਤ ਹੋਵੇਗੀ।

ਉਨ੍ਹਾਂ ਨੇ ਦੱਸਿਆ ਕਿ GI ਟੈਗ ਮਿਲਣ ਤੋਂ ਬਾਅਦ ਅੰਮ੍ਰਿਤਸਰੀ ਕੁਲਚੇ ਦੇ ਨਾਮ ਹੇਠ ਨਕਲੀ ਉਤਪਾਦ ਵੇਚਣ ਵਾਲਿਆਂ ਅਤੇ ਇਸ ਦੇ ਅਸਲੀ ਸਵਾਦ ਨਾਲ ਖਿਲਵਾੜ ਕਰਨ ਵਾਲਿਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾ ਸਕੇਗੀ। ਇਸ ਨਾਲ ਸਿਰਫ਼ ਉਪਭੋਗਤਾਵਾਂ ਨੂੰ ਅਸਲੀ ਉਤਪਾਦ ਮਿਲੇਗਾ, ਸਗੋਂ ਸਥਾਨਕ ਵਪਾਰੀਆਂ ਅਤੇ ਕਾਰੀਗਰਾਂ ਦੇ ਹੱਕ ਵੀ ਸੁਰੱਖਿਅਤ ਰਹਿਣਗੇ।

ਇਸ ਮੌਕੇ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ (Punjab State Council for Science and Technology PSCST) ਦੀ ਜਾਇੰਟ ਸਕੱਤਰ ਡਾ. ਦਪਿੰਦਰ ਕੌਰ ਬਖਸ਼ੀ ਨੇ ਕਿਹਾ ਕਿ ਅੰਮ੍ਰਿਤਸਰੀ ਕੁਲਚੇ ਨੂੰ ਗਲੋਬਲ ਪੱਧਰ 'ਤੇ ਲਿਜਾਣ ਦੀ ਬਹੁਤ ਲੋੜ ਹੈ ਅਤੇ ਇਸ ਲਈ ਉਨ੍ਹਾਂ ਦਾ ਵਿਭਾਗ ਤੇਜ਼ੀ ਨਾਲ ਕੰਮ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਪੰਜਾਬ ਦੀ ਰਵਾਇਤੀ ਕਲਾ ਫੁਲਕਾਰੀ ਨੂੰ ਵਿਸ਼ਵ ਪੱਧਰ ਤੱਕ ਪਹੁੰਚਾਉਣ ਲਈ ਸਫਲ ਯਤਨ ਕੀਤੇ ਜਾ ਚੁੱਕੇ ਹਨ।

ਉਨ੍ਹਾਂ ਨੇ ਵਪਾਰੀਆਂ ਨੂੰ ਅਪੀਲ ਕੀਤੀ ਕਿ GI ਟੈਗ ਦੀ ਪ੍ਰਕਿਰਿਆ ਨੂੰ ਅੱਗੇ ਵਧਾਉਣ ਲਈ ਸਭ ਤੋਂ ਪਹਿਲਾਂ ਇੱਕ ਸੰਗਠਨ ਜਾਂ ਐਸੋਸੀਏਸ਼ਨ ਦਾ ਗਠਨ ਕੀਤਾ ਜਾਵੇ, ਕਿਉਂਕਿ ਇਹ ਐਸੋਸੀਏਸ਼ਨ ਹੀ 79 ਟੈਗ ਲਈ ਅਧਿਕਾਰਕ ਅਰਜ਼ੀ ਦਾਖਲ ਕਰ ਸਕੇਗੀ। ਮੀਟਿੰਗ ਵਿੱਚ ਸ਼ਾਮਲ ਵਪਾਰੀਆਂ ਨੇ ਪ੍ਰਸ਼ਾਸਨ ਦੀ ਇਸ ਪਹਿਲ ਦਾ ਸਵਾਗਤ ਕਰਦਿਆਂ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਸਰਕਾਰ ਅਤੇ ਪ੍ਰਸ਼ਾਸਨ ਨੇ ਉਨ੍ਹਾਂ ਦੇ ਰਵਾਇਤੀ ਕਾਰੋਬਾਰ ਨੂੰ ਗੰਭੀਰਤਾ ਨਾਲ ਲਿਆ ਹੈ। ਉਨ੍ਹਾਂ ਕਿਹਾ ਕਿ ਇਹ ਕਦਮ ਅੰਮ੍ਰਿਤਸਰ ਦੀ ਵਿਰਾਸਤ ਨੂੰ ਸਾਂਭਣ ਅਤੇ ਅਸਲੀ ਅੰਮ੍ਰਿਤਸਰੀ ਕੁਲਚੇ ਦੀ ਪਛਾਣ ਨੂੰ ਬਰਕਰਾਰ ਰੱਖਣ ਵੱਲ ਇੱਕ ਇਤਿਹਾਸਕ ਪਹਿਲ ਸਾਬਤ ਹੋਵੇਗਾ।

ਅਧਿਕਾਰੀਆਂ ਨੇ ਜਾਣਕਾਰੀ ਦਿੱਤੀ ਕਿ 79 ਟੈਗ ਪ੍ਰਾਪਤ ਕਰਨ ਲਈ ਭਾਰਤ ਦੇ Geographical Indications of Goods (Registration and Protection) Act, 1999 79 ਐਕਟ 1999 ਤਹਿਤ ਲੋੜੀਂਦੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਇਸ ਉਦੇਸ਼ ਨੂੰ ਪੂਰਾ ਕਰਨ ਲਈ PSCST, ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਫੂਡ ਟੈਕਨਾਲੋਜੀ ਵਿਭਾਗ, ਜ਼ਿਲ੍ਹਾ ਪ੍ਰਸ਼ਾਸਨ ਅਤੇ ਫੂਡ ਪ੍ਰੋਸੈਸਿੰਗ ਵਿਭਾਗ ਦੀ ਇੱਕ ਤਾਲਮੇਲ ਕਮੇਟੀ ਬਣਾਈ ਜਾਵੇਗੀ।

ਇਹ ਕਮੇਟੀ ਕੁਲਚਾ ਨਿਰਮਾਤਾਵਾਂ ਦੀ ਐਸੋਸੀਏਸ਼ਨ ਦੇ ਗਠਨ ਤੋਂ ਲੈ ਕੇ GI ਟੈਗ ਲਈ ਦਸਤਾਵੇਜ਼ੀ ਕਾਰਵਾਈ ਤੱਕ ਸਾਰਾ ਪ੍ਰਕਿਰਿਆਤਮਕ ਕੰਮ ਸੰਭਾਲੇਗੀ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਨੂੰ ਇਸ ਕਾਰਜ ਲਈ ਨੋਡਲ ਅਫ਼ਸਰ ਨਿਯੁਕਤ ਕੀਤਾ ਗਿਆ ਹੈ।

ਇਸ ਮੀਟਿੰਗ ਨੂੰ ਅੰਮ੍ਰਿਤਸਰੀ ਕੁਲਚੇ ਦੀ ਅਸਲੀ ਪਛਾਣ ਨੂੰ ਸੰਭਾਲਣ, ਉਸਨੂੰ ਵਿਸ਼ਵ ਪੱਧਰ 'ਤੇ ਮਜ਼ਬੂਤ ਬਣਾਉਣ ਅਤੇ ਸਥਾਨਕ ਵਪਾਰ ਨੂੰ ਨਵੀਂ ਦਿਸ਼ਾ ਦੇਣ ਵੱਲ ਇੱਕ ਮਹੱਤਵਪੂਰਨ ਕਦਮ ਵਜੋਂ ਦੇਖਿਆ ਜਾ ਰਿਹਾ ਹੈ।

ਮੀਟਿੰਗ ਵਿੱਚ ਸਹਾਇਕ ਕਮਿਸ਼ਨਰ ਮੈਡਮ ਪ੍ਰਗਤੀ ਸੇਠੀ, ਪ੍ਰੋਫੈਸਰ ਦਲਬੀਰ ਸਿੰਘ, ਡਾ. ਦੀਪਕ ਪੂਰ, ਸਹਾਇਕ ਫੂਡ ਕਮਿਸ਼ਨਰ ਰਜਿੰਦਰ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਅੰਮ੍ਰਿਤਸਰ ਦੇ ਕੁਲਚਾ ਨਿਰਮਾਤਾ ਹਾਜ਼ਰ ਸਨ।

# ਪਿੰਡ ਕਾਉਂਕੇ ਵਿਖੇ ਪੀਰ ਬਾਬਾ ਰੌਸ਼ਨ ਸ਼ਾਹ ਜੀ ਦੇ ਮੇਲਾ ਤੇ ਕਰਵਾਇਆ ਭੰਡਾਰਾ



**ਮਾਛੀਵਾੜਾ ਸਾਹਿਬ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਨੇੜਲੇ ਪਿੰਡ ਕਾਉਂਕੇ ਵਿਖੇ ਪੀਰ ਬਾਬਾ ਰੌਸ਼ਨ ਸ਼ਾਹ ਜੀ ਦਾ ਸਲਾਨਾ ਮੇਲਾ ਤੇ ਭੰਡਾਰਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਸਵੇਰ ਸਮੇਂ ਪੀਰ ਬਾਬਾ ਰੌਸ਼ਨ ਸ਼ਾਹ ਜੀ ਦੀ ਮਜ਼ਾਰ 'ਤੇ ਮੁੱਖ ਸੇਵਾਦਾਰ ਬਾਬਾ ਬੂਟਾ ਸਿੰਘ, ਨਗਰ ਨਿਵਾਸੀਆਂ ਤੇ ਪ੍ਰਬੰਧਕ ਕਮੇਟੀ ਵਲੋਂ ਚਾਦਰ ਚੜ੍ਹਾਈ ਗਈ। ਮੇਲੇ ਵਿਚ ਕਵਾਲ ਲਾਲੀ ਹੰਸ ਨੇ ਸੂਫ਼ੀਆਨਾ ਮਹਿਫਲ ਸਜਾਈ।

ਗਾਇਕ ਜੋੜੀ ਸੁਖਦੇਵ ਸ਼ੇਰਾ ਤੇ ਪਰਮਜੋਤ ਤੋਂ ਬਾਅਦ ਹਰਿੰਦਰ ਸੰਧੂ ਤੇ ਅਮਨ ਧਾਲੀਵਾਲ ਨੇ 'ਜੀਹਦੇ ਪਈ ਨਹੀਂ ਸਿਰਹਾਣੇ ਕੋਈ ਦਵਾਈ, ਸ਼ੁਕਰ ਮਨਾਵੇ ਰੱਬ ਦਾ', 'ਜੁਗੋ-ਜੁਗ ਰਹੇ ਵਸਦਾ ਰੱਬਾ ਮੇਰੇ ਪੇਕਿਆਂ ਦਾ ਪਿੰਡ ਵੇ', 'ਮਾਰ ਦੇਈਂ ਨਾ ਖੰਘੂਰਾ ਕਿਤੇ ਭੁੱਲ ਕੇ ਸਾਰਾ ਪਿੰਡ ਵੈਲੀਆਂ ਦਾ' ਅਤੇ ਗਾਇਕਾ ਜਸਪ੍ਰੀਤ ਬਰਾੜ ਨੇ 'ਬੋਲ ਜ਼ੁਬਾਨੋ ਤੀਰ ਕਮਾਨੋ ਕਦੇ ਵੀ ਵਾਪਸ ਮੁੜਦੇ ਨਾ', 'ਬੋਲਣੇ ਤੋਂ ਪਹਿਲਾਂ ਸੋਚਣਾ ਜ਼ਰੂਰੀ ਏ' ਆਦਿ ਗੀਤ ਸੁਣਾ ਕੇ ਮੇਲੀਆਂ ਦਾ ਮਨੋਰੰਜਨ ਕੀਤਾ। ਭਾਵੇਂ ਕਿ ਦੁਪਿਹਰ ਤੋਂ ਬਾਅਦ ਮੌਸਮ ਖਰਾਬ ਹੋਣ ਕਾਰਨ ਰੁਕ ਰੁਕ ਕੇ ਮੀਂਹ ਆਉਂਦਾ ਰਿਹਾ,ਪਰ ਆਲੇ ਦੁਆਲੇ ਦੇ ਪਿੰਡਾਂ ਵਿੱਚ ਰੁਕ ਰੁਕ ਕੇ ਬਾਰਿਸ਼ ਹੁੰਦੀ ਰਹੀ ਪਰ ਮੇਲੇ ਵਾਲੀ ਥਾਂ ਤੇ ਸਿਰਫ ਬੂੰਦਾਬਾਂਦੀ ਹੀ ਹੁੰਦੀ ਰਹੀ। ਮੇਲੇ ਦਾ ਸਿਖਰ ਗਾਇਕਾ ਜਸ ਬਰਾੜ ਨੇ ਕੀਤਾ ਜਿਸ ਤੇ ਤਿੰਨ ਚਾਰ ਗੀਤਾਂ ਤੋਂ ਬਾਅਦ ਬਾਰਿਸ਼ ਹੋਣੀ ਸ਼ੁਰੂ ਹੋ ਗਈ ਤੇ ਪ੍ਰਬੰਧਕਾਂ ਨੇ ਮੇਲੇ ਵਿੱਚ ਪੁੱਜੀਆਂ ਸੰਗਤਾਂ ਨੂੰ ਜੀ ਆਇਆ ਆਖਦਿਆਂ ਧੰਨਵਾਦ ਪ੍ਰਗਟ ਕੀਤਾ। ਮੇਲੇ 'ਚ ਪੁੱਜੇ ਕਲਾਕਾਰਾਂ ਨੂੰ ਬਾਬਾ ਬੂਟਾ ਸਿੰਘ, ਪ੍ਰਧਾਨ ਜਸਪਾਲ ਸਿੰਘ, ਖਜਾਨਚੀ ਗੁਰਦੇਵ ਸਿੰਘ, ਗੀਤਕਾਰ ਅਵਤਾਰ ਸਿੰਘ ਕਾਉਂਕੇ, ਸਰਪੰਚ ਪੂਰਨ ਸਿੰਘ, ਬੂਟਾ ਸਿੰਘ ਕੋਰੀਆ, ਨਾਜ਼ਰ ਸਿੰਘ ਸਪੇਨ, ਬਾਬਾ ਗੁਰਦੇਵ ਸਿੰਘ, ਜੋਗਾ ਸਿੰਘ, ਗੁਰਦੇਵ ਸਿੰਘ, ਨਿਰਮਲ ਸਿੰਘ ਕੈਨੇਡਾ, ਮਹਿੰਦਰ ਸਿੰਘ ਯੂ.ਐੱਸ.ਏ., ਵਲੈਤ ਸਿੰਘ, ਮੱਘਰ ਸਿੰਘ ਇਟਲੀ, ਪਰਮਜੀਤ ਸਿੰਘ ਰਿੰਕਾ, ਧਿਆਨ ਸਿੰਘ ਆਸਟ੍ਰੇਲੀਆ, ਸਰਬਜੀਤ ਸਿੰਘ ਸਰਪੰਚ ਤੇ ਬਲਜਿੰਦਰ ਸਿੰਘ ਯੂ.ਐੱਸ.ਏ. ਨੇ ਸਨਮਾਨਿਤ ਕੀਤਾ। ਮੇਲੇ ਦੇ ਅਖੀਰ ਵਿਚ ਪ੍ਰਧਾਨ ਜਸਪਾਲ ਸਿੰਘ ਨੇ ਮੇਲੇ 'ਚ ਪੁੱਜੇ ਕਲਾਕਾਰਾਂ, ਸੰਗਤਾਂ ਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ। ਆਈਆਂ ਸੰਗਤਾਂ ਲਈ ਠੰਢੇ-ਮਿੱਠੇ ਪਾਣੀ ਦੀ ਛਬੀਲ ਅਤੇ ਅਤੁੱਟ ਲੰਗਰ ਵਰਤਾਏ ਗਏ।

# ਚੰਡੀਗੜ੍ਹ ਪ੍ਰਸ਼ਾਸਨ ਨੇ ਅਕਾਦਮਿਕ ਸੈਸ਼ਨ 2026-27 ਤੋਂ ਸਾਰੇ 42 ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਕੌਸ਼ਲ ਸਿੱਖਿਆ ਦਾ ਵਿਸਤਾਰ ਕੀਤਾ

## ਨੈਸ਼ਨਲ ਐਜੂਕੇਸ਼ਨ ਪਾਲਿਸੀ (ਐੱਨਈਪੀ/NEP) 2020 ਦੇ ਅਨੁਰੂਪ ਵਿਦਿਆਰਥੀਆਂ ਨੂੰ ਸਾਰੀਆਂ ਸਟ੍ਰੀਮਸ ਵਿੱਚ ਕੌਸ਼ਲ-ਅਧਾਰਿਤ ਲਰਨਿੰਗ ਦੇ ਮੌਕੇ ਪ੍ਰਦਾਨ ਕਰਨ ਦੀ ਮਹੱਤਵਪੂਰਨ ਪਹਿਲ

**ਚੰਡੀਗੜ੍ਹ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਨੈਸ਼ਨਲ ਐਜੂਕੇਸ਼ਨ ਪਾਲਿਸੀ (ਐੱਨਈਪੀ) 2020 ਦੀ ਪਰਿਕਲਪਨਾ ਅਤੇ ਕੇਂਦਰੀ ਸੈਕੰਡਰੀ ਸਿੱਖਿਆ ਬੋਰਡ (ਸੀਬੀਐੱਸਈ) ਦੇ ਦਿਸ਼ਾ-ਨਿਰਦੇਸ਼ਾਂ ਨੂੰ ਲਾਗੂ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਉਠਾਉਂਦੇ ਹੋਏ ਚੰਡੀਗੜ੍ਹ ਪ੍ਰਸ਼ਾਸਨ ਦੇ ਸਕੂਲ ਸਿੱਖਿਆ ਵਿਭਾਗ ਨੇ ਅਕਾਦਮਿਕ ਸੈਸ਼ਨ 2026-27 ਤੋਂ ਕੇਂਦਰ ਸ਼ਾਸਿਤ ਪ੍ਰਦੇਸ਼ ਦੇ ਸਾਰੇ 42 ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਸਕਿੱਲ ਇਲੈਕਟਿਵ (ਕੌਸ਼ਲ ਵਿਕਲਪਕ) ਕੋਰਸ ਸ਼ੁਰੂ ਕਰਨ ਦਾ ਨਿਰਣਾ ਲਿਆ ਹੈ।

ਅਕਾਦਮਿਕ ਸੈਸ਼ਨ 2025-26 ਤੱਕ 23 ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਕਿੱਤਾਮੁਖੀ ਕੋਰਸ ਸੰਚਾਲਿਤ ਕੀਤੇ ਜਾ ਰਹੇ ਸਨ। ਹੁਣ ਸਾਰੇ 42 ਸਕੂਲਾਂ ਤੱਕ ਇਸ ਸੁਵਿਧਾ ਦੇ ਵਿਸਤਾਰ ਦੇ ਨਾਲ, ਵਿਗਿਆਨ, ਵਣਜ ਅਤੇ ਹਿਊਮੈਨਿਟੀਜ਼ ਫੈਕਲਟੀਜ਼ ਦੇ ਵਿਦਿਆਰਥੀਆਂ ਨੂੰ ਨਿਯਮਿਤ ਅਕਾਦਮਿਕ ਪਾਠਕ੍ਰਮ ਦੇ ਨਾਲ-ਨਾਲ ਕੌਸ਼ਲ-ਅਧਾਰਿਤ ਸਿੱਖਿਆ ਦੇ ਅਵਸਰ ਵੀ ਉਪਲਬਧ ਹੋਣਗੇ।

ਵਿਦਿਆਰਥੀ 30 ਸਕਿੱਲ ਇਲੈਕਟਿਵ ਕੋਰਸਾਂ ਦੇ ਵਿਆਪਕ ਵਿਕਲਪਾਂ ਵਿੱਚੋਂ ਆਪਣੀ ਰੁਚੀ ਦੇ ਅਨੁਸਾਰ ਸਿਲੈਕਸ਼ਨ ਕਰ ਸਕਣਗੇ। ਇਹ ਕੋਰਸ ਉੱਭਰਦੀਆਂ ਟੈਕਨੋਲੋਜੀਆਂ, ਵਣਜ, ਸਿਹਤ ਸੇਵਾਵਾਂ, ਪ੍ਰਾਹੁਣਾਚਾਰੀ, ਡਿਜ਼ਾਈਨ, ਵੈੱਲਨੈੱਸ ਅਤੇ ਹੋਰ ਉਦਯੋਗ-ਅਧਾਰਿਤ ਖੇਤਰਾਂ ਨੂੰ ਕਵਰ ਕਰਦੇ ਹਨ। ਇਨ੍ਹਾਂ ਵਿੱਚ ਆਰਟੀਫਿਸ਼ਲ ਇੰਟੈਲੀਜੈਂਸ, ਇਨਫਰਮੇਸ਼ਨ ਟੈਕਨੋਲੋਜੀ, ਵੈੱਬ ਐਪਲੀਕੇਸ਼ਨਸ, ਬੈਂਕਿੰਗ, ਮਾਰਕਿਟਿੰਗ, ਫਾਇਨੈਂਸ਼ਿਅਲ ਮਾਰਕਿਟ ਮੈਨੇਜਮੈਂਟ, ਬਿਜ਼ਨਸ ਐਡਮਿਨਿਸਟ੍ਰੇਸ਼ਨ, ਹੈਲਥ ਕੇਅਰ, ਫੂਡ ਪ੍ਰੋਡਕਸ਼ਨ, ਟੂਰਿਜ਼ਮ, ਬਿਊਟੀ ਐਂਡ ਐਂਡ ਵੈੱਲਨੈੱਸ, ਯੋਗ, ਫੈਸ਼ਨ ਸਟਡੀਜ਼, ਇਲੈਕਟ੍ਰੀਕਲ ਟੈਕਨੋਲੋਜੀ, ਇਲੈਕਟ੍ਰੌਨਿਕਸ, ਆਟੋਮੋਟਿਵ, ਏਸੀ ਅਤੇ ਰੈਫ੍ਰਿਜਰੇਸ਼ਨ, ਫ੍ਰੰਟ ਆਫ਼ਿਸ ਅਪ੍ਰੇਸ਼ਨਸ, ਆਫ਼ਿਸ ਪ੍ਰੋਸੀਜਰਸ ਐਂਡ ਪ੍ਰੈਕਟਿਸਿਜ਼, ਸੇਲਜ਼ਮੈਨਸ਼ਿਪ, ਕੌਸਟ ਅਕਾਊਂਟਿੰਗ, ਟਾਇਪੋਗ੍ਰਾਫੀ ਐਂਡ ਕੰਪਿਊਟਰ ਐਪਲੀਕੇਸ਼ਨਸ, ਅੰਗ੍ਰੇਜ਼ੀ ਅਤੇ ਹਿੰਦੀ ਸ਼ਾਰਟਹੈਂਡ ਸਹਿਤ ਹੋਰ ਉਦਯੋਗ-ਸਬੰਧਿਤ ਵਿਸ਼ੇ ਸ਼ਾਮਲ ਹਨ।

ਇਸ ਪਹਿਲ ਦਾ ਉਦੇਸ਼ ਵਿਦਿਆਰਥੀਆਂ ਨੂੰ ਵਿਵਹਾਰਿਕ ਕੌਸ਼ਲ, ਉਦਯੋਗ ਦਾ ਅਨੁਭਵ ਅਤੇ ਕਰੀਅਰ ਸਬੰਧੀ ਜਾਗਰੂਕਤਾ ਪ੍ਰਦਾਨ ਕਰਨਾ ਹੈ, ਤਾਕਿ ਉਨ੍ਹਾਂ ਦੀ ਰੋਜ਼ਗਾਰ ਸਮਰੱਥਾ, ਉੱਦਮਸ਼ੀਲਤਾ ਅਤੇ ਸੂਚਿਤ ਕਰੀਅਰ ਵਿਕਲਪਾਂ ਨੂੰ ਹੁਲਾਰਾ ਮਿਲ ਸਕੇ ਅਤੇ ਉਹ ਬਦਲਦੀਆਂ ਕਾਰਜਖੇਤਰੀ ਜ਼ਰੂਰਤਾਂ ਦੇ ਅਨੁਰੂਪ ਖ਼ੁਦ ਨੂੰ ਤਿਆਰ ਕਰ ਸਕਣ।

ਪ੍ਰੋਗਰਾਮ ਦੇ ਪ੍ਰਭਾਵੀ ਲਾਗੂਕਰਨ ਲਈ ਪ੍ਰਸ਼ਾਸਨ 38 ਅਤਿਰਿਕਤ ਪਾਰਟ-ਟਾਇਮ ਸਕਿੱਲ ਟ੍ਰੇਨਰਸ ਦੀਆਂ ਸੇਵਾਵਾਂ ਲਵੇਗਾ। ਇਹ ਟ੍ਰੇਨਰ ਵਰਤਮਾਨ ਵਿੱਚ ਕਾਰਜਰਤ 110 ਨਿਯਮਿਤ ਅਤੇ ਕੰਟ੍ਰੈਕਟ ਅਧਾਰਿਤ ਸਕਿੱਲ ਟ੍ਰੇਨਰਸ ਦੇ ਇਲਾਵਾ ਹੋਣਗੇ। ਇਸ ਪ੍ਰਸਤਾਵ 'ਤੇ ਲਗਭਗ 1.2 ਕਰੋੜ ਦਾ ਖਰਚ ਅਨੁਮਾਨਿਤ ਹੈ।

ਸੁਧਾਰ ਪ੍ਰਕਿਰਿਆ ਦੇ ਤਹਿਤ 1,755 ਕਿੱਤਾਮੁਖੀ ਸੀਟਾਂ ਵਿਗਿਆਨ, ਵਣਜ ਅਤੇ ਹਿਊਮੈਨਿਟੀਜ਼ ਸਟ੍ਰੀਮਾਂ ਵਿੱਚ ਮੁੜ ਵੰਡੀਆਂ ਜਾਣਗੀਆਂ। ਇਸ ਸਦਕਾ ਗਿਆਰਵੀਂ ਕਲਾਸ ਵਿੱਚ ਕੁੱਲ ਦਾਖਲਾ ਸਮਰੱਥਾ 13,875 ਤੋਂ ਵਧ ਕੇ 13,920 ਸੀਟਾਂ ਹੋ ਜਾਵੇਗੀ ਅਤੇ ਵਿਦਿਆਰਥੀਆਂ ਨੂੰ ਆਪਣੀ ਪਸੰਦ ਦਾ ਅਕਾਦਮਿਕ ਵਿਕਲਪ ਸਿਲੈਕਟ ਕਰਨ ਵਿੱਚ ਅਧਿਕ ਲਚਕਤਾ ਪ੍ਰਾਪਤ ਹੋਵੇਗੀ।

ਡਾਇਰੈਕਟਰ ਸਕੂਲ ਸਿੱਖਿਆ, ਚੰਡੀਗੜ੍ਹ ਸ਼੍ਰੀ ਨਿਤੀਸ਼ ਸਿੰਗਲਾ ਨੇ ਕਿਹਾ ਕਿ ਇਹ ਪਹਿਲ ਵਿਭਾਗ ਦੀ ਸੰਪੂਰਨ ਸਿੱਖਿਆ ਪ੍ਰਤੀ ਪ੍ਰਤੀਬੱਧਤਾ ਨੂੰ ਦਰਸਾਉਂਦੀ ਹੈ। ਇਸ ਦਾ ਉਦੇਸ਼ ਇਹ ਸੁਨਿਸ਼ਚਿਤ ਕਰਨਾ ਹੈ ਕਿ ਹਰੇਕ ਵਿਦਿਆਰਥੀ ਨਾ ਕੇਵਲ ਅਕਾਦਮਿਕ ਤੌਰ 'ਤੇ ਉਤਕ੍ਰਿਸ਼ਟਤਾ ਪ੍ਰਾਪਤ ਕਰੇ, ਬਲਕਿ ਪ੍ਰਾਸੰਗਿਕ ਕੌਸ਼ਲ ਵੀ ਪ੍ਰਾਪਤ ਕਰੇ ਜੋ ਉਸ ਨੂੰ ਆਤਮਵਿਸ਼ਵਾਸੀ, ਆਤਮਨਿਰਭਰ ਅਤੇ ਭਵਿੱਖ ਲਈ ਤਿਆਰ ਨਾਗਰਿਕ ਬਣਨ ਦੇ ਸਮਰੱਥ ਬਣਾਉਣ।

ਸਕੂਲ ਸਿੱਖਿਆ ਵਿਭਾਗ ਨੇ ਇਸ ਪ੍ਰੋਗਰਾਮ ਦੇ ਸਫ਼ਲ ਲਾਗੂਕਰਨ ਲਈ ਟ੍ਰੇਨਿੰਗ ਪ੍ਰਾਪਤ ਇੰਸਟ੍ਰਕਟਰਾਂ ਦੀ ਤੈਨਾਤੀ, ਅਕਾਦਮਿਕ ਸਹਿਯੋਗ ਅਤੇ ਨਿਰੰਤਰ ਨਿਗਰਾਨੀ ਸਹਿਤ ਵਿਆਪਕ ਯੋਜਨਾ ਤਿਆਰ ਕੀਤੀ ਹੈ, ਤਾਕਿ ਸੀਬੀਐੱਸਈ ਮਿਆਰਾਂ ਦੇ ਅਨੁਰੂਪ ਇਸ ਦਾ ਪ੍ਰਭਾਵੀ ਸੰਚਾਲਨ ਸੁਨਿਸ਼ਚਿਤ ਕੀਤਾ ਜਾ ਸਕੇ।

ਸਕਿੱਲ ਇਲੈਕਟਿਵ ਕੋਰਸਾਂ ਦਾ ਇਹ ਵਿਸਤਾਰ ਚੰਡੀਗੜ੍ਹ ਵਿੱਚ ਕੌਸ਼ਲ ਸਿੱਖਿਆ ਨੂੰ ਮੁੱਖ ਧਾਰਾ ਦੀ ਸਕੂਲੀ ਸਿੱਖਿਆ ਨਾਲ ਜੋੜਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਉਪਲਬਧੀ ਹੈ। ਇਹ ਪਹਿਲ ਵਿਦਿਆਰਥੀਆਂ ਨੂੰ ਉਚੇਰੀ ਸਿੱਖਿਆ, ਰੋਜ਼ਗਾਰ ਅਤੇ ਭਵਿੱਖ ਦੇ ਵਿਵਿਧ ਅਵਸਰਾਂ ਲਈ ਬਿਹਤਰ ਢੰਗ ਨਾਲ ਤਿਆਰ ਕਰਨ ਵਿੱਚ ਸਹਾਇਕ ਸਿੱਧ ਹੋਵੇਗੀ।

# ਵਿਸ਼ੇਸ਼ ਗਹਿਰੀ ਸੁਧਾਈ: 25 ਜੂਨ ਤੋਂ ਘਰ ਘਰ ਜਾਣਗੇ ਬੀ.ਐੈਲ.ਓ

**ਫਾਜ਼ਿਲਕਾ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਚੋਣ ਅਫ਼ਸਰ ਕਮ ਡਿਪਟੀ ਕਮਿਸ਼ਨਰ ਸ੍ਰੀਮਤੀ ਅਮਰਪ੍ਰੀਤ ਕੌਰ ਸੰਧੂ ਨੇ ਦੱਸਿਆ ਕਿ ਵਿਸ਼ੇਸ਼ ਗਹਿਰੀ ਸੁਧਾਈ (ਐੱਸ ਆਈ ਆਰ) 2026 ਤਹਿਤ ਬੂਥ ਲੈਵਲ ਅਫਸਰ (ਬੀ ਐਲ ਓ) 25 ਜੂਨ ਤੋਂ 24 ਜੁਲਾਈ 2026 ਤਕ ਘਰ ਘਰ ਜਾਣਗੇ।

ਇਸ ਗਹਿਰੀ ਸੁਧਾਈ ਦਾ ਉਦੇਸ਼ ਹਰ ਯੋਗ ਵੋਟਰ ਨੂੰ ਵੋਟਰ ਸੂਚੀ ਵਿੱਚ ਸ਼ਾਮਲ ਕਰਨਾ ਅਤੇ ਹਰ ਅਯੋਗ ਵੋਟਰ ਨੂੰ ਵੋਟਰ ਸੂਚੀ ਵਿੱਚੋਂ ਬਾਹਰ ਕਰਨਾ ਅਤੇ ਵੋਟਰ ਸੂਚੀ ਨੂੰ ਅਪਡੇਟ ਕਰਨਾ ਹੈ।

ਇਸ ਪ੍ਰਕਿਰਿਆ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ 25 ਜੂਨ 2026 ਤੋਂ 24 ਜੁਲਾਈ 2026 ਤੱਕ ਬੀ ਐਲ ਓ ਦੁਆਰਾ ਘਰ ਘਰ ਜਾ ਕੇ ਗਣਨਾ ਫਾਰਮ ਦੀਆਂ ਦੋ ਕਾਪੀਆਂ ਦਿੱਤੀਆਂ ਜਾਣਗੀਆਂ। ਫਾਰਮ ਵਿੱਚ ਵੋਟਰ ਦਾ ਨਾਮ, ਐਪਿਕ ਨੰਬਰ, ਪੁਰਾਣੀ ਫੋਟੋ ਆਦਿ ਕੁਝ ਜਾਣਕਾਰੀ ਪਹਿਲਾਂ ਤੋਂ ਹੀ ਭਰੀ ਹੋਵੇਗੀ।

ਫਾਰਮ ਵਿੱਚ ਸਾਰੀ ਜਾਣਕਾਰੀ ਭਰਣ ਉਪਰੰਤ ਇੱਕ ਕਾਪੀ ਵੋਟਰ ਵਲੋਂ ਦਸਤਖ਼ਤ ਕਰਕੇ ਬੀ ਐਲ ਓ ਕੋਲ ਜਮ੍ਹਾਂ ਕਰਵਾਈ ਜਾਵੇਗੀ ਅਤੇ ਇੱਕ ਕਾਪੀ ਬੀ ਐਲ ਓ ਦੁਆਰਾ ਦਸਤਖ਼ਤ ਕਰਕੇ ਵੋਟਰ ਨੂੰ ਰਸੀਦ ਵਜੋਂ ਦਿੱਤੀ ਜਾਵੇਗੀ।

ਇਸ ਪ੍ਰਕਿਰਿਆ ਸਬੰਧੀ ਵੱਖ ਵੱਖ ਪੜਾਵਾਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ 24 ਜੁਲਾਈ 2026 ਤੱਕ ਪੋਲਿੰਗ ਸਟੇਸ਼ਨਾਂ ਦੀ ਰੈਸ਼ਨਲਾਈਜੇਸ਼ਨ (ਤਰਕ ਸੰਗਤ ਕਰਨਾ), 3 ਅਗਸਤ 2026 ਨੂੰ ਡਰਾਫਟ ਵੋਟਰ ਸੂਚੀ ਦਾ ਪ੍ਰਕਾਸ਼ਨ, 03 ਅਗਸਤ 2026 ਤੋਂ 02 ਸਤੰਬਰ 2026 ਤੱਕ ਦਾਅਵੇ ਅਤੇ ਇਤਰਾਜ਼ ਦਾਇਰ ਕਰਨ ਦੀ ਮਿਆਦ ਤੇ 03 ਅਗਸਤ 2026 ਤੋਂ 28 ਸਤੰਬਰ 2026 ਤੱਕ ਦਾਅਵੇ ਅਤੇ ਇਤਰਾਜ਼ਾਂ ਦਾ ਨਿਪਟਾਰਾ ਅਤੇ 1 ਅਕਤੂਬਰ 2026 ਨੂੰ ਅੰਤਿਮ ਵੋਟਰ ਸੂਚੀ ਦਾ ਪ੍ਰਕਾਸ਼ਨ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਇਸ ਸਬੰਧੀ ਮੁੱਖ ਚੋਣ ਅਫਸਰ ਪੰਜਾਬ ਵੱਲੋਂ ਇੱਕ ਟੌਲ ਫ੍ਰੀ ਨੰਬਰ 1950 ਜਾਰੀ ਕੀਤਾ ਗਿਆ ਹੈ। ਓਹਨਾਂ ਸਮੂਹ ਜ਼ਿਲ੍ਹਾ ਵੋਟਰਾਂ ਨੂੰ ਅਪੀਲ ਕੀਤੀ ਕਿ ਇਸ ਗਹਿਰੀ ਸੁਧਾਈ ਦੀ ਪ੍ਰਕਿਰਿਆ ਨੂੰ ਸੁਚਾਰੂ ਰੂਪ ਵਿੱਚ ਨੇਪਰੇ ਚਾੜ੍ਹਨ ਲਈ ਵੱਧ ਤੋਂ ਵੱਧ ਸਹਿਯੋਗ ਦਿੱਤਾ ਜਾਵੇ ਅਤੇ ਹਰ ਵੋਟਰ ਆਪਣਾ ਗਣਨਾ ਫਾਰਮ ਜ਼ਰੂਰ ਭਰੇ।

# ਗੰਗੂਵਾਲ ਦੇ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਟਰੇਡਰਜ਼ ਕਮਿਸ਼ਨ ਦੀ ਬੈਠਕ

## ਭਗਵੰਤ ਮਾਨ ਸਰਕਾਰ ਨੇ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਿਧਾਨ ਸਭਾ ਪੱਧਰ 'ਤੇ ਕਮਿਸ਼ਨਾਂ ਦਾ ਗਠਨ ਕੀਤਾ : ਡੀ.ਐਸ.ਪੀ

**ਸ੍ਰੀ ਆਨੰਦਪੁਰ ਸਾਹਿਬ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਵਪਾਰੀਆਂ ਦੀਆਂ ਦਰਪੇਸ਼ ਸਮੱਸਿਆਵਾਂ ਦੇ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ਨੂੰ ਯਕੀਨੀ ਬਣਾਉਣ ਲਈ ਟਰੇਡਰਜ਼ ਕਮਿਸ਼ਨ ਦੀ ਇੱਕ ਮਹੱਤਵਪੂਰਨ ਬੈਠਕ ਬੱਸ ਸਟੈਂਡ ਗੰਗੂਵਾਲ ਵਿਖੇ ਕੀਤੀ ਗਈ।



ਇਸ ਬੈਠਕ ਦੀ ਅਗਵਾਈ ਪੰਜਾਬ ਟ੍ਰੇਡ ਕਮਿਸ਼ਨ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਅਰੋੜਾ ਵੱਲੋਂ ਕੀਤੀ ਗਈ, ਜਿਸ ਵਿੱਚ ਡੀ.ਐਸ.ਪੀ ਨਵੀਨ ਕੁਮਾਰ, ਸੰਦੀਪ ਕੁਮਾਰ ਤਹਿਸੀਲਦਾਰ, ਦਾਰਾ ਸਿੰਘ ਟਰੇਡ ਕਮਿਸ਼ਨ ਰੂਪਨਗਰ, ਜਤਿਨ ਕਪੂਰ ਥਾਣਾ ਮੁਖੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਸਨ। ਇਸ ਮੌਕੇ ਟਰੇਡਰਜ਼ ਕਮਿਸ਼ਨ ਦੇ ਮੈਂਬਰ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਵਪਾਰੀ ਭਾਈਚਾਰੇ ਦੇ ਨੁਮਾਇੰਦਿਆਂ ਨੇ ਭਾਗ ਲਿਆ।

ਨਵੀਨ ਕੁਮਾਰ ਡੀ.ਐਸ.ਪੀ ਨੇ ਕਿਹਾ ਕਿ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਪਾਰੀਆਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਿਧਾਨ ਸਭਾ ਹਲਕੇ ਪੱਧਰ 'ਤੇ ਟਰੇਡਰਜ਼ ਕਮਿਸ਼ਨ ਦਾ ਗਠਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨ ਦਾ ਮੁੱਖ ਉਦੇਸ਼ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਸੁਣਨਾ ਅਤੇ ਉਨ੍ਹਾਂ ਦਾ ਸਮਾਂਬੱਧ ਢੰਗ ਨਾਲ ਨਿਪਟਾਰਾ ਕਰਨਾ ਹੈ, ਤਾਂ ਜੋ ਵਪਾਰਕ ਗਤੀਵਿਧੀਆਂ ਨੂੰ ਹੋਰ ਸੁਚਾਰੂ ਬਣਾਇਆ ਜਾ ਸਕੇ।

ਡਾ.ਸੰਜੀਵ ਗੌਤਮ ਜਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਨੇ ਕਿਹਾ ਕਿ ਵਪਾਰੀਆਂ ਵੱਲੋਂ ਉਠਾਈਆਂ ਜਾਣ ਵਾਲੀ ਹਰ ਸਮੱਸਿਆ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ ਅਤੇ ਸੰਬੰਧਿਤ ਵਿਭਾਗਾਂ ਦੇ ਸਹਿਯੋਗ ਨਾਲ ਉਨ੍ਹਾਂ ਦਾ ਜਲਦੀ ਨਿਪਟਾਰਾ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਵਪਾਰੀ ਭਾਈਚਾਰੇ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਟਰੇਡਰਜ਼ ਕਮਿਸ਼ਨ ਨਾਲ ਸਿੱਧਾ ਰਾਬਤਾ ਕਰਨ, ਤਾਂ ਜੋ ਉਨ੍ਹਾਂ ਦੀਆਂ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾ ਸਕੇ।

ਇਸ ਦੌਰਾਨ ਸੰਦੀਪ ਕੁਮਾਰ ਤਹਿਸੀਲਦਾਰ ਨੇ ਭਰੋਸਾ ਦਿਵਾਇਆ ਕਿ ਪ੍ਰਸ਼ਾਸਨ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਕਮਿਸ਼ਨ ਨਾਲ ਮਿਲ ਕੇ ਕੰਮ ਕਰਦਿਆਂ ਹਰ ਇਕ ਮੁੱਦੇ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ। ਬੈਠਕ ਦੌਰਾਨ ਵਪਾਰੀਆਂ ਵੱਲੋਂ ਵੱਖ-ਵੱਖ ਮੁੱਦੇ ਉਠਾਏ ਗਏ, ਜਿਨ੍ਹਾਂ ਵਿੱਚ ਸੁਰੱਖਿਆ, ਟੈਕਸ ਸਬੰਧੀ ਮਸਲੇ, ਲਾਇਸੈਂਸਿੰਗ ਅਤੇ ਹੋਰ ਪ੍ਰਸ਼ਾਸਨਿਕ ਦਿੱਕਤਾਂ ਸ਼ਾਮਲ ਸਨ। ਅਧਿਕਾਰੀਆਂ ਵੱਲੋਂ ਇਨ੍ਹਾਂ ਮਸਲਿਆਂ ਨੂੰ ਧਿਆਨ ਨਾਲ ਸੁਣਿਆ ਗਿਆ ਅਤੇ ਸੰਬੰਧਿਤ ਵਿਭਾਗਾਂ ਨੂੰ ਤੁਰੰਤ ਕਾਰਵਾਈ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ। ਇਸ ਮੌਕੇ ਸੰਤੋਖ ਸਹਿਗਲ, ਨਵੀਨ ਛਾਬਰਾ, ਮਨਪ੍ਰੀਤ ਸੈਣੀ, ਮਨੀਸ਼ ਕੁਮਾਰ, ਹਰਪ੍ਰੀਤ ਬੇਦੀ, ਪੰਕਜ ਕੁਮਾਰ, ਕੰਵਲ ਤੇ ਵੱਡੀ ਗਿਣਤੀ ਵਿਚ ਵਪਾਰੀ ਹਾਜ਼ਰ ਸਨ।

# ਸ਼ੁੱਧ ਦੁੱਧ ਦੀ ਯਕੀਨੀ ਪਹੁੰਚ ਲਈ ਡੇਅਰੀ ਵਿਕਾਸ ਵਿਭਾਗ ਤਰਨ ਤਾਰਨ ਦਾ ਵਿਸ਼ੇਸ਼ ਉਪਰਾਲਾ

**ਤਰਨ ਤਾਰਨ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਦੁੱਧ ਖ਼ਪਤਕਾਰਾਂ ਨੂੰ ਸਾਫ਼-ਸੁਥਰਾ ਅਤੇ ਸ਼ੁੱਧ ਦੁੱਧ ਉਪਲਬੱਧ ਕਰਵਾਉਣ ਦੇ ਉਦੇਸ਼ ਨਾਲ ਪੰਜਾਬ ਸਰਕਾਰ ਦੇ ਡੇਅਰੀ ਵਿਕਾਸ ਵਿਭਾਗ ਵੱਲੋਂ ਦੁੱਧ ਦੀ ਮੁਫ਼ਤ ਜਾਂਚ ਦੀ ਸਹੂਲਤ ਪ੍ਰਦਾਨ ਕੀਤੀ ਗਈ ਹੈ।

ਇਹ ਉਪਰਾਲਾ ਕੈਬਨਿਟ ਮੰਤਰੀ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ ਪੰਜਾਬ ਗੁਰਮੀਤ ਸਿੰਘ ਖੁੱਡੀਆਂ ਦੀ ਰਹਿਨੁਮਾਈ ਅਤੇ ਡਾਇਰੈਕਟਰ ਡੇਅਰੀ ਵਿਕਾਸ, ਪੰਜਾਬ ਵਰਿਆਮ ਸਿੰਘ ਦੀ ਅਗਵਾਈ ਹੇਠ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੇਅਰੀ ਵਿਕਾਸ ਅਫ਼ਸਰ, ਤਰਨਤਾਰਨ ਕਪਲਮੀਤ ਸਿੰਘ ਨੇ ਦੱਸਿਆ ਕਿ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਤਰਨ ਤਾਰਨ (ਨੇੜੇ ਪੁਲਿਸ ਲਾਈਨ) ਵਿੱਚ ਰੋਜ਼ਾਨਾ ਸਵੇਰੇ 9:00 ਵਜੇ ਤੋਂ 11:00 ਵਜੇ ਤੱਕ ਦੁੱਧ ਦੀ ਮੁਫ਼ਤ ਜਾਂਚ ਕੀਤੀ ਜਾਂਦੀ ਹੈ।

# ਟੈਕਸੀ ਸਟੈਂਡਾਂ ਦਾ ਵਫਦ ਕਾਲਕਾ ਦੀ ਅਗਵਾਈ ਵਿੱਚ ਮਨਜਿੰਦਰ ਸਿੰਘ ਸਿਰਸਾ ਨੂੰ ਮਿਲਿਆ

**ਨਵੀਂ ਦਿੱਲੀ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਦੀ ਅਗਵਾਈ ਵਿੱਚ ਅੱਜ ਇਥੇ ਪੂਰਬੀ ਦਿੱਲੀ ਦੇ ਵੱਖ-ਵੱਖ ਟੈਕਸਾਂ ਦੇ ਪ੍ਰਤੀਨਿਧੀਆਂ ਦਾ ਇੱਕ ਵਫ਼ਦ ਦਿੱਲੀ ਸਰਕਾਰ ਦੇ ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਨੂੰ ਮਿਲਿਆ।



ਇਸ ਮੀਟਿੰਗ ਵਿੱਚ ਟੈਕਸੀ ਸਟੈਂਡਾਂ ਦੇ ਵੱਖ-ਵੱਖ ਮੁੱਦਿਆਂ ਬਾਰੇ ਬੜੇ ਹੀ ਸਦਭਾਵਨਾਪੂਰਨ ਮਾਹੌਲ ਵਿੱਚ ਮੀਟਿੰਗ ਹੋਈ।ਸ. ਕਾਲਕਾ ਨੇ ਦੱਸਿਆ ਕਿ ਦਿੱਲੀ ਸਰਕਾਰ ਦੇ ਕੈਬਨਿਟ ਮੰਤਰੀ ਸ. ਮਨਜਿੰਦਰ ਸਿੰਘ ਸਿਰਸਾ ਨਾਲ ਬਹੁਤ ਹੀ ਸਕਾਰਾਤਮਕ ਅਤੇ ਉਸਾਰੂ ਮਾਹੌਲ ਵਿੱਚ ਮੀਟਿੰਗ ਹੋਈ। ਉਨ੍ਹਾਂ ਕਿਹਾ ਕਿ ਇਸ ਮੀਟਿੰਗ ਵਿੱਚ ਟੈਕਸੀ ਸਟੈਂਡ ਮੈਂਬਰਾਂ ਦੀਆਂ ਜਾਇਜ਼ ਮੰਗਾਂ ਅਤੇ ਮੁਸ਼ਕਲਾਂ ਦੇ ਹੱਲ ਲਈ ਲੋੜੀਂਦੇ ਕਦਮ ਚੁੱਕਣ ਬਾਰੇ ਵਿਚਾਰ ਕੀਤਾ ਗਿਆ।

# ਸ੍ਰੀ ਅਨੰਦਪੁਰ ਸਾਹਿਬ ਦੇ 361ਵੇਂ ਸਥਾਪਨਾ ਦਿਵਸ ਮੌਕੇ ਦੇਸ਼ਾ ਵਿਦੇਸ਼ਾ ਵਿੱਚ ਵੱਸਦੀਆਂ ਨਾਨਕ ਨਾਮ ਲੇਵਾ ਸੰਗਤਾਂ ਨੂੰ ਹਰਜੋਤ ਸਿੰਘ ਬੈਂਸ ਨੇ ਦਿੱਤੀਆਂ ਵਧਾਈਆਂ

**ਸ੍ਰੀ ਆਨੰਦਪੁਰ ਸਾਹਿਬ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਅਨੰਦਪੁਰ ਸਾਹਿਬ ਖਾਲਸੇ ਦੀ ਜਨਮ ਭੂਮੀ ਅਤੇ ਸਿੱਖ ਇਤਿਹਾਸ ਦੀ ਪਵਿੱਤਰ ਧਰਤੀ ਦੇ 361ਵੇਂ ਸਥਾਪਨਾ ਦਿਵਸ ਮੌਕੇ ਦੇਸ਼ਾਂ-ਵਿਦੇਸ਼ਾਂ ਵਿੱਚ ਵੱਸਦੀਆਂ ਨਾਨਕ ਨਾਮ ਲੇਵਾ ਸੰਗਤਾਂ ਨੂੰ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਵਧਾਈ ਦਿੱਤੀ ਹੈ। ਉਨ੍ਹਾਂ ਕਿਹਾ ਕਿ ਨੌਵੇਂ ਪਾਤਸ਼ਾਹ ਹਿੰਦ ਦੀ ਚਾਦਰ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਵੱਲੋਂ ਵਰੋਸਾਈ ਇਸ ਧਰਤੀ ਦਾ ਇਤਿਹਾਸ ਸਿੱਖ ਕੌਮ ਲਈ ਮਾਣ ਅਤੇ ਆਤਮਿਕ ਤਾਕਤ ਦਾ ਪ੍ਰਤੀਕ ਹੈ। ਇਸ ਪਾਵਨ ਮੌਕੇ ਤੇ ਗੁਰਦੁਆਰਾ ਤਖਤ ਸ੍ਰੀ ਕੇਸਗੜ੍ਹ ਸਾਹਿਬ ਸਮੇਤ ਹੋਰ ਧਾਰਮਿਕ ਅਸਥਾਨਾਂ ਵਿੱਚ ਭਗਤਾਂ ਦੀ ਵੱਡੀ ਭੀੜ ਇਕੱਠੀ ਹੋਈ, ਜਿੱਥੇ ਸੰਗਤਾਂ ਨੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਅਰਦਾਸ ਕੀਤੀ।



ਇਸ ਮੌਕੇ ਕੈਬਨਿਟ ਮੰਤਰੀ ਅਤੇ ਹਲਕਾ ਵਿਧਾਇਕ ਸ੍ਰੀ ਅਨੰਦਪੁਰ ਸਾਹਿਬ ਸ੍ਰ.ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਉਹ ਆਪਣੇ ਆਪ ਨੂੰ ਬਹੁਤ ਭਾਗਾਂ ਵਾਲਾ ਸਮਝਦੇ ਹਨ ਕਿ ਗੁਰੂ ਸਾਹਿਬ ਦੀ ਅਪਾਰ ਕ੍ਰਿਪਾ ਨਾਲ ਉਨ੍ਹਾਂ ਨੂੰ ਇਸ ਪਵਿੱਤਰ ਧਰਤੀ ਦੀ ਸੇਵਾ ਕਰਨ ਦਾ ਸੁਭਾਗ ਮਿਲਿਆ ਹੈ। ਉਨ੍ਹਾਂ ਕਿਹਾ ਕਿ ਸੱਚਮੁੱਚ ਇਸ ਧਰਤੀ ਦੀ ਸੇਵਾ ਤੋਂ ਵੱਡਾ ਦੁਨੀਆ ਵਿੱਚ ਕੋਈ ਹੋਰ ਕਾਰਜ ਨਹੀਂ ਹੋ ਸਕਦਾ ਅਤੇ ਇਹ ਸੇਵਾ ਜੀਵਨ ਦਾ ਸਭ ਤੋਂ ਵੱਡਾ ਮਾਣ ਹੈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਗੁਰੂ ਸਾਹਿਬ ਦੇ ਉਪਦੇਸ਼ਾਂ ਤੇ ਚਲਦਿਆਂ ਮਨੁੱਖਤਾ ਦੀ ਭਲਾਈ ਲਈ ਆਪਣਾ ਯੋਗਦਾਨ ਪਾਉਣ। ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਮੁੱਖ ਮੰਤਰੀ ਸ੍ਰ.ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਸ੍ਰੀ ਅਨੰਦਪੁਰ ਸਾਹਿਬ ਦੇ ਸਰਬਪੱਖੀ ਵਿਕਾਸ ਲਈ ਅਨੇਕਾਂ ਇਤਿਹਾਸਕ ਕਦਮ ਚੁੱਕੇ ਗਏ ਹਨ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਸੜਕਾਂ ਦੀ ਸੁਧਾਰ, ਸਫਾਈ ਪ੍ਰਬੰਧਾਂ ਅਤੇ ਯਾਤਰੀਆਂ ਲਈ ਸੁਵਿਧਾਵਾਂ ਵਿੱਚ ਵਾਧਾ ਕਰਨ ਲਈ ਵੱਡੇ ਪੱਧਰ 'ਤੇ ਕੰਮ ਕੀਤਾ ਗਿਆ ਹੈ, ਜਿਸ ਨਾਲ ਸ਼ਹਿਰ ਦੀ ਰੂਪ-ਰੇਖਾ ਵਿੱਚ ਵੱਡਾ ਬਦਲਾਅ ਆਇਆ ਹੈ।

ਉਨ੍ਹਾਂ ਹੋਰ ਜਾਣਕਾਰੀ ਦਿੰਦਿਆਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਕਈ ਵੱਡੇ ਅਤੇ ਇਤਿਹਾਸਕ ਪ੍ਰੋਜੈਕਟ ਸ਼ੁਰੂ ਕੀਤੇ ਜਾਣਗੇ, ਜੋ ਸ੍ਰੀ ਅਨੰਦਪੁਰ ਸਾਹਿਬ ਦੀ ਤਸਵੀਰ ਨੂੰ ਬਦਲਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਇਹ ਪ੍ਰੋਜੈਕਟ ਨਾ ਸਿਰਫ਼ ਸ਼ਹਿਰ ਦੀ ਸੁੰਦਰਤਾ ਨੂੰ ਨਿਖਾਰਣਗੇ, ਸਗੋਂ ਇਥੇ ਆਉਣ ਵਾਲੇ ਦੇਸ਼-ਵਿਦੇਸ਼ ਦੇ ਯਾਤਰੀਆਂ ਲਈ ਵੀ ਸੁਵਿਧਾਵਾਂ ਨੂੰ ਹੋਰ ਵਧੀਆ ਬਣਾਉਣਗੇ।

ਇਸ ਪਵਿੱਤਰ ਦਿਨ ਮੌਕੇ ਸੰਗਤਾਂ ਨੇ ਗੁਰੂ ਸਾਹਿਬ ਦੀ ਬਾਣੀ ਅਤੇ ਸਿੱਖਿਆਵਾਂ ਨੂੰ ਆਪਣੀ ਜ਼ਿੰਦਗੀ ਵਿੱਚ ਅਪਣਾਉਣ ਦਾ ਸੰਕਲਪ ਲਿਆ। ਸ੍ਰੀ ਅਨੰਦਪੁਰ ਸਾਹਿਬ ਦੀ ਇਹ ਧਰਤੀ ਸਿੱਖ ਕੌਮ ਲਈ ਸਿਰਫ਼ ਇਤਿਹਾਸਕ ਹੀ ਨਹੀਂ, ਸਗੋਂ ਆਤਮਿਕ ਅਤੇ ਸੰਸਕ੍ਰਿਤਿਕ ਵਿਰਾਸਤ ਦਾ ਜੀਵੰਤ ਪ੍ਰਤੀਕ ਹੈ। ਸਥਾਪਨਾ ਦਿਵਸ ਦੇ ਇਸ ਮੌਕੇ ਨੇ ਦੁਨੀਆ ਭਰ ਵਿੱਚ ਵੱਸਦੀਆਂ ਸੰਗਤਾਂ ਨੂੰ ਏਕਤਾ, ਸੇਵਾ ਅਤੇ ਸਿਮਰਨ ਦੇ ਸੂਤਰ ਵਿੱਚ ਜੋੜਨ ਦਾ ਸੰਦੇਸ਼ ਦਿੱਤਾ।

# ਮਾਲੇਰਕੋਟਲਾ ਪੁਲਿਸ ਵੱਲੋਂ ਅਪਰਾਧਿਕ ਅਨਸਰਾਂ ਖ਼ਿਲਾਫ਼ ਵੱਡੀ ਕਾਰਵਾਈ

## ਦੋ ਵੱਖ-ਵੱਖ ਮਾਮਲਿਆਂ ਵਿੱਚ 02 ਦੋਸ਼ੀ ਗ੍ਰਿਫ਼ਤਾਰ, 3 ਨਾਜਾਇਜ਼ ਅਸਲੇ, ਨਸ਼ੀਲੀਆਂ ਗੋਲੀਆਂ ਅਤੇ ਵਾਹਨ ਬਰਾਮਦ

**ਮਲੇਰਕੋਟਲਾ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀਨੀਅਰ ਕਪਤਾਨ ਪੁਲਿਸ ਮਾਲੇਰਕੋਟਲਾ ਗੁਰਮੀਤ ਸਿੰਘ ਦੀ ਅਗਵਾਈ ਹੇਠ ਜ਼ਿਲ੍ਹਾ ਪੁਲਿਸ ਵੱਲੋਂ ਅਪਰਾਧਿਕ ਅਨਸਰਾਂ ਅਤੇ ਨਾਜਾਇਜ਼ ਅਸਲਾ ਰੱਖਣ ਵਾਲੇ ਵਿਅਕਤੀਆਂ ਖ਼ਿਲਾਫ਼ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਦੋ ਵੱਖ-ਵੱਖ ਕਾਰਵਾਈਆਂ ਦੌਰਾਨ ਦੋ ਖ਼ਤਰਨਾਕ ਅਪਰਾਧੀਆਂ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ ਨਾਜਾਇਜ਼ ਅਸਲਾ, ਕਾਰਤੂਸ, ਨਸ਼ੀਲੀਆਂ ਗੋਲੀਆਂ ਅਤੇ ਇੱਕ ਕਾਰ ਬਰਾਮਦ ਕੀਤੀ ਗਈ ਹੈ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਐੱਸ.ਐੱਸ.ਪੀ. ਗੁਰਮੀਤ ਸਿੰਘ ਨੇ ਦੱਸਿਆ ਕਿ ਥਾਣਾ ਸਦਰ ਅਹਿਮਦਗੜ੍ਹ ਦੀ ਪੁਲਿਸ ਵੱਲੋਂ ਮੁਖਬਰ ਦੀ ਸੂਚਨਾ ਦੇ ਆਧਾਰ 'ਤੇ ਕੀਤੀ ਗਈ ਕਾਰਵਾਈ ਦੌਰਾਨ ਏ.ਐਸ.ਆਈ ਕੁਲਵੀਰ ਸਿੰਘ ਚੌਕੀ ਇੰਚਾਰਜ ਜੋੜੇਪੁਲ ਵੱਲੋਂ ਜਸਕਰਨ ਸਿੰਘ ਉਰਫ਼ ਘੋੜਾ ਪੁੱਤਰ ਜਰਨੈਲ ਸਿੰਘ ਵਾਸੀ ਪਿੰਡ ਭੈਣੀ ਖੁਰਦ (ਮੁਹੰਮਦ ਨਗਰ), ਥਾਣਾ ਅਮਰਗੜ੍ਹ, ਜ਼ਿਲ੍ਹਾ ਮਾਲੇਰਕੋਟਲਾ ਨੂੰ ਕਾਬੂ ਕੀਤਾ ਗਿਆ। ਤਲਾਸ਼ੀ ਦੌਰਾਨ ਉਸ ਪਾਸੋਂ ਇੱਕ ਦੇਸੀ ਕੱਟਾ .315 ਬੋਰ, ਇੱਕ ਪਿਸਤੌਲ .32 ਬੋਰ ਸਮੇਤ ਮੈਗਜ਼ੀਨ ਅਤੇ 02 ਜ਼ਿੰਦਾ ਕਾਰਤੂਸ ਬਰਾਮਦ ਹੋਏ। ਇਸ ਸਬੰਧੀ ਮੁਕੱਦਮਾ ਨੰਬਰ 106 ਮਿਤੀ 18.06.2026 ਅਧੀਨ ਧਾਰਾ 25/54/59 ਆਰਮਜ਼ ਐਕਟ ਥਾਣਾ ਸਦਰ ਅਹਿਮਦਗੜ੍ਹ ਵਿਖੇ ਦਰਜ ਕੀਤਾ ਗਿਆ ਹੈ।

ਐੱਸ.ਐੱਸ.ਪੀ. ਨੇ ਦੱਸਿਆ ਕਿ ਮੁੱਢਲੀ ਪੁੱਛਗਿੱਛ ਦੌਰਾਨ ਇਹ ਸਾਹਮਣੇ ਆਇਆ ਹੈ ਕਿ ਮੁਲਜ਼ਮ ਕਿਸੇ ਵੱਡੀ ਅਪਰਾਧਿਕ ਵਾਰਦਾਤ ਨੂੰ ਅੰਜਾਮ ਦੇਣ ਦੀ ਫਿਰਾਕ ਵਿੱਚ ਸੀ। ਮੁਲਜ਼ਮ ਖ਼ਿਲਾਫ਼ ਪਹਿਲਾਂ ਵੀ ਅਪਰਾਧਿਕ ਮਾਮਲੇ ਦਰਜ ਹਨ ਅਤੇ ਉਸ ਤੋਂ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

ਇਸੇ ਤਰ੍ਹਾਂ ਅਮਰਗੜ੍ਹ ਵਿਖੇ ਡੀ.ਐਸ.ਪੀ ਅਮਰਗੜ੍ਹ ਸੰਜੀਵ ਕਪੂਰ ਦੀ ਅਗਵਾਈ ਹੇਠ, ਇੰਸਪੈਕਟਰ ਹਰਜਿੰਦਰ ਸਿੰਘ (ਸੀ.ਆਈ.ਏ) ਮਾਹੋਰਾਣਾ, ਐਸ.ਐਚ.ਓ ਅਮਰਗੜ੍ਹ ਥਾਣੇਦਾਰ ਜਗਸੀਰ ਸਿੰਘ ਦੀ ਟੀਮ ਵੱਲੋਂ ਕਾਰਵਾਈ ਦੌਰਾਨ ਯੋਗੇਸ਼ ਕੁਮਾਰ ਉਰਫ਼ ਦੱਦੂ ਪੁੱਤਰ ਰਾਜੇਸ਼ ਕੁਮਾਰ ਵਾਸੀ ਧੱਕਾ ਬਸਤੀ, ਜੀਵਨ ਨਗਰ, ਸੋਹੀਆਂ ਰੋਡ, ਸੰਗਰੂਰ ਨੂੰ ਗ੍ਰਿਫ਼ਤਾਰ ਕੀਤਾ ਗਿਆ। ਮੁਲਜ਼ਮ ਦੇ ਕਬਜ਼ੇ ਵਿੱਚੋਂ ਇੱਕ ਸਵਿਫਟ ਕਾਰ, ਇੱਕ ਨਾਜਾਇਜ਼ ਪਿਸਤੌਲ ਸਮੇਤ 04 ਜ਼ਿੰਦਾ ਕਾਰਤੂਸ ਅਤੇ 300 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ। ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਕਿ ਉਕਤ ਕਾਰ ਉੱਪਰ ਜਾਅਲੀ ਨੰਬਰ ਪਲੇਟ ਲਗਾਈ ਹੋਈ ਸੀ। ਇਸ ਸਬੰਧੀ ਮੁਕੱਦਮਾ ਨੰਬਰ 209 ਮਿਤੀ 17.06.2026 ਅਧੀਨ ਧਾਰਾ 25/54/59 ਆਰਮਜ਼ ਐਕਟ, 22/61/85 ਐਨ.ਡੀ.ਪੀ.ਐੱਸ. ਐਕਟ ਅਤੇ 347(1) ਬੀ.ਐੱਨ.ਐੱਸ. ਥਾਣਾ ਅਮਰਗੜ੍ਹ ਵਿਖੇ ਦਰਜ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਪੁੱਛਗਿੱਛ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਯੋਗੇਸ਼ ਉਰਫ਼ ਦੱਦੂ ਥਾਣਾ ਸਿਟੀ ਬੁਢਲਾਡਾ, ਜ਼ਿਲ੍ਹਾ ਮਾਨਸਾ ਦੇ ਇੱਕ ਕਤਲ ਮਾਮਲੇ ਵਿੱਚ ਵੀ ਲੋੜੀਂਦਾ ਹੈ। ਇਸ ਤੋਂ ਇਲਾਵਾ ਉਸ ਖ਼ਿਲਾਫ਼ ਚੋਰੀ, ਲੁੱਟ-ਖੋਹ, ਕਤਲ ਦੀ ਕੋਸ਼ਿਸ਼, ਅਸਲਾ ਐਕਟ ਅਤੇ ਹੋਰ ਗੰਭੀਰ ਅਪਰਾਧਾਂ ਨਾਲ ਸਬੰਧਤ ਕਈ ਮੁਕੱਦਮੇ ਦਰਜ ਹਨ।

ਐੱਸ.ਐੱਸ.ਪੀ. ਗੁਰਮੀਤ ਸਿੰਘ ਨੇ ਕਿਹਾ ਕਿ ਦੋਵਾਂ ਮੁਲਜ਼ਮਾਂ ਤੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਉਮੀਦ ਹੈ ਕਿ ਇਸ ਦੌਰਾਨ ਹੋਰ ਅਹਿਮ ਖੁਲਾਸੇ ਹੋਣਗੇ। ਉਨ੍ਹਾਂ ਕਿਹਾ ਕਿ ਮਾਲੇਰਕੋਟਲਾ ਪੁਲਿਸ ਸਮਾਜ ਵਿਰੋਧੀ ਅਨਸਰਾਂ, ਨਸ਼ਾ ਤਸਕਰਾਂ ਅਤੇ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਮੌਕੇ ਡੀ.ਐਸ.ਪੀ (ਡੀ) ਦੀਪਇੰਦਰ ਪਾਲ ਸਿੰਘ ਜੇਜੀ ਮੌਜੂਦ ਸਨ।

## ਸੰਪਾਦਕੀ

# ਦੇਸ਼ ਵਿਚ ਹੁਣ ਨਹੀਂ ਮਿਲੇਗੀ ਬਿਨਾਂ ਤੋਂ ਪਰਚੀ ਦਵਾਈ

ਬੀਤੇ ਦਿਨੀਂ ਕੇਂਦਰ ਸਰਕਾਰ ਵੱਲੋਂ ਖੰਘ ਦੀਆਂ ਦਵਾਈਆਂ ਅਤੇ ਹੋਰ ਪੀਣ ਵਾਲੀਆਂ ਦਵਾਈਆਂ ਨੂੰ ਬਿਨਾਂ ਡਾਕਟਰੀ ਪਰਚੀ ਵੇਚਣ ’ਤੇ ਰੋਕ ਲਾਉਣ ਦਾ ਫ਼ੈਸਲਾ ਬਿਲਕੁਲ ਸਹੀ ਸਮੇਂ ’ਤੇ ਲਿਆ ਹੈ। ਭਾਵੇਂ ਆਮ ਲੋਕ ਲੰਮੇ ਸਮੇਂ ਤੋਂ ਅਜਿਹੀਆਂ ਦਵਾਈਆਂ ਨੂੰ ਮੌਸਮੀ ਬਿਮਾਰੀਆਂ ਦਾ ਮਾਮੂਲੀ ਇਲਾਜ ਮੰਨਦੇ ਆ ਰਹੇ ਹਨ, ਪਰ ਹਾਲੀਆ ਘਟਨਾਵਾਂ ਨੇ ਕਾਨੂੰਨੀ ਢਿੱਲ ਅਤੇ ਇਨ੍ਹਾਂ ਦਵਾਈਆਂ ਦੀ ਅੰਨ੍ਹੇਵਾਹ ਵਰਤੋਂ ਦੇ ਖ਼ਤਰਿਆਂ ਨੂੰ ਸਾਹਮਣੇ ਲਿਆਂਦਾ ਹੈ। ਇਹ ਫ਼ੈਸਲਾ ਉਨ੍ਹਾਂ ਘਟਨਾਵਾਂ ਤੋਂ ਬਾਅਦ ਲਿਆ ਗਿਆ ਹੈ, ਜਿਨ੍ਹਾਂ ਨੇ ਦਵਾਈਆਂ ਸਿਹਤ ਲਈ ਸੁਰੱਖਿਅਤ ਹੋਣ ਪੱਖੋਂ ਰਹੀਆਂ ਵੱਡੀਆਂ ਖ਼ਾਮੀਆਂ ਦੀ ਪੋਲ ਖੋਲ੍ਹੀ ਸੀ। ਭਾਰਤ ਵਿੱਚ ਬਣੀਆਂ ਮਿਆਰ ’ਤੇ ਖ਼ਰੀਆਂ ਨਾ ਉਤਰਨ ਵਾਲੀਆਂ ਪੀਣ ਵਾਲੀਆਂ ਦਵਾਈਆਂ ਨੂੰ ਗਾਂਬੀਆ, ਉਜ਼ਬੇਕਿਸਤਾਨ ਅਤੇ ਕੈਮਰੂਨ ਵਰਗੇ ਦੇਸ਼ਾਂ ਵਿੱਚ ਦਰਜਨਾਂ ਬੱਚਿਆਂ ਦੀ ਮੌਤ ਲਈ ਜ਼ਿੰਮੇਵਾਰ ਮੰਨਿਆ ਗਿਆ। ਸਾਡੇ ਦੇਸ਼ ਅੰਦਰ ਵੀ ਗ਼ੈਰ-ਮਿਆਰੀ ਦਵਾਈਆਂ ਕਾਰਨ ਹੋਈਆਂ ਮੌਤਾਂ ਨੇ ਵਾਰ-ਵਾਰ ਇਨ੍ਹਾਂ ਦੀ ਗੁਣਵੱਤਾ ਦੀ ਜਾਂਚ ਅਤੇ ਨਿਗਰਾਨੀ ’ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਇਨ੍ਹਾਂ ਘਟਨਾਵਾਂ ਨੇ ਦੁਨੀਆ ਭਰ ਵਿੱਚ ਸਸਤੀਆਂ ਅਤੇ ਭਰੋਸੇਮੰਦ ਦਵਾਈਆਂ ਸਪਲਾਈ ਕਰਨ ਵਾਲੇ ਦੇਸ਼ ਵਜੋਂ ਭਾਰਤ ਦੇ ਅਕਸ ਨੂੰ ਵੱਡੀ ਢਾਹ ਲਗਾਈ ਹੈ। ਬਹੁਤ ਸਾਰੇ ਲੋਕ ਪੀਣ ਵਾਲੀਆਂ ਦਵਾਈਆਂ ਵਿੱਚ ਮਿਲੇ ਤੱਤਾਂ (ਸਾਲਟ), ਉਨ੍ਹਾਂ ਦੇ ਸੰਭਾਵੀ ਮਾੜੇ ਅਸਰ ਜਾਂ ਦੂਜੀਆਂ ਦਵਾਈਆਂ ਨਾਲ ਲੈਣ ’ਤੇ ਹੋਣ ਵਾਲੇ ਮਾੜੇ ਅਸਰ ਨੂੰ ਸਮਝੇ ਬਿਨਾਂ ਹੀ ਅਕਸਰ ਇਨ੍ਹਾਂ ਦੀ ਵਰਤੋਂ ਕਰਦੇ ਹਨ। ਡਾਕਟਰ ਦੀ ਸਲਾਹ ਇਹ ਯਕੀਨੀ ਬਣਾਉਣ ਵਿੱਚ ਮਦਦ ਕਰਦੀ ਹੈ ਕਿ ਇਲਾਜ ਬਿਲਕੁਲ ਸਹੀ ਤਰੀਕੇ ਨਾਲ ਹੋਵੇ ਅਤੇ ਕਿਸੇ ਗੰਭੀਰ ਅੰਦਰੂਨੀ ਬਿਮਾਰੀ ਨੂੰ ਅਣਦੇਖਿਆ ਨਾ ਕੀਤਾ ਜਾਵੇ, ਪਰ ਸਿਰਫ਼ ਨਿਯਮਾਂ ਨੂੰ ਸਖ਼ਤ ਕਰ ਦੇਣ ਨਾਲ ਹੀ ਸੁਰੱਖਿਅਤ ਨਤੀਜਿਆਂ ਦੀ ਗਾਰੰਟੀ ਨਹੀਂ ਮਿਲ ਜਾਂਦੀ। ਭਾਰਤ ਵਿੱਚ ਦਵਾਈਆਂ ਦੀ ਵਿਕਰੀ ਨੂੰ ਕੰਟਰੋਲ ਕਰਨ ਵਾਲੇ ਕਾਨੂੰਨਾਂ ਦੀ ਕੋਈ ਘਾਟ ਨਹੀਂ ਹੈ, ਫਿਰ ਵੀ ਪਰਚੀ ’ਤੇ ਮਿਲਣ ਵਾਲੀਆਂ ਦਵਾਈਆਂ ਅਕਸਰ ਬਿਨਾਂ ਕਿਸੇ ਸਖ਼ਤ ਜਾਂਚ-ਪੜਤਾਲ ਦੇ ਆਸਾਨੀ ਨਾਲ ਮਿਲ ਜਾਂਦੀਆਂ ਹਨ। ਅਸਲ ਚੁਣੌਤੀ ਇਨ੍ਹਾਂ ਨਿਯਮਾਂ ਨੂੰ ਸਖ਼ਤੀ ਨਾਲ ਲਾਗੂ ਕਰਨ ਦੀ ਹੈ। ਜਦੋਂ ਤੱਕ ਮੈਡੀਕਲ ਸਟੋਰਾਂ ਦੀ ਨਿਯਮਿਤ ਚੈਕਿੰਗ ਨਹੀਂ ਹੁੰਦੀ ਅਤੇ ਉਲੰਘਣਾ ਕਰਨ ਵਾਲਿਆਂ ਨੂੰ ਮਿਸਾਲੀ ਸਜ਼ਾਵਾਂ ਨਹੀਂ ਮਿਲਦੀਆਂ, ਉਦੋਂ ਤੱਕ ਇਸ ਨਵੇਂ ਨੋਟੀਫਿਕੇਸ਼ਨ ਦਾ ਹਸ਼ਰ ਵੀ ਪਹਿਲਾਂ ਵਰਗੇ ਨੇਕਨੀਅਤੀ ਨਾਲ ਬਣਾਏ ਗਏ ਉਨ੍ਹਾਂ ਨਿਯਮਾਂ ਵਰਗਾ ਹੀ ਹੋਣ ਦਾ ਖ਼ਤਰਾ ਰਹੇਗਾ, ਜੋ ਸਿਰਫ਼ ਕਾਗਜ਼ਾਂ ਤੱਕ ਸੀਮਤ ਰਹਿ ਗਏ। ਇਸ ਲਈ ਸਰਕਾਰ ਨੂੰ ਇਸ ਕਦਮ ਨੂੰ ਸਿਹਤ ਸੁਰੱਖਿਆ ਮਜ਼ਬੂਤ ਕਰਨ ਦੇ ਵੱਡੇ ਯਤਨ ਵਜੋਂ ਦੇਖਣਾ ਚਾਹੀਦਾ ਹੈ। ਦਵਾਈਆਂ ਬਣਾਉਣ ਵਾਲੀਆਂ ਫੈਕਟਰੀਆਂ ’ਤੇ ਤਿੱਖੀ ਨਜ਼ਰ, ਸੂਬਾਈ ਡਰੱਗ ਕੰਟਰੋਲ ਅਥਾਰਿਟੀਆਂ ਦੀ ਮਜ਼ਬੂਤੀ, ਨਿਯਮਿਤ ਗੁਣਵੱਤਾ ਜਾਂਚ ਅਤੇ ਲੋਕਾਂ ਦੀ ਜਾਗਰੂਕਤਾ ਬਹੁਤ ਜ਼ਰੂਰੀ ਹੈ। ਲੋਕਾਂ ਨੂੰ ਵੀ ਖੰਘ-ਜ਼ੁਕਾਮ ਲਈ ਖ਼ੁਦ ਦਵਾਈਆਂ ਖਾਣ ਦੀ ਆਦਤ ਛੱਡਣੀ ਪਵੇਗੀ। ਡਾਕਟਰੀ ਪਰਚੀ ਲਾਜ਼ਮੀ ਕਰਨ ਦੀ ਇਹ ਸ਼ਰਤ ਸ਼ਲਾਘਾਯੋਗ ਹੈ, ਪਰ ਇਸ ਦੀ ਸਫ਼ਲਤਾ ਇਸ ਗੱਲ ’ਤੇ ਨਿਰਭਰ ਕਰੇਗੀ ਕਿ ਇਹ ਸਿਸਟਮ ਨੂੰ ਕਿੰਨਾ ਜਵਾਬਦੇਹ ਬਣਾਉਂਦੀ ਹੈ।

# ਯੂਰੀਆ ਖਾਦ ਦੀ ਅਣਅਧਿਕਾਰਤ ਭੰਡਾਰਨ ਖਿਲਾਫ ਐਫ.ਆਈ.ਆਰ ਦਰਜ : ਡਾ. ਦਾਰਾ ਸਿੰਘ ਮੁੱਖ ਖੇਤੀਬਾੜੀ ਅਫਸਰ



ਪਟਿਆਲਾ, 22 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਦੇ ਡਾਇਰੈਕਟਰ ਡਾ. ਗੁਰਜੀਤ ਸਿੰਘ ਬਰਾੜ ਦੇ ਦਿਸ਼ਾ ਨਿਰਦੇਸ਼ਾ ਅਤੇ ਡਿਪਟੀ ਕਮਿਸ਼ਨਰ ਪਟਿਆਲਾ ਡਾ. ਹਿਮਾਸ਼ੂ ਅਗਰਵਾਲ ਦੀ ਯੋਗ ਅਗਵਾਈ ਹੇਠ ਮੁੱਖ ਖੇਤੀਬਾੜੀ ਅਫਸਰ ਪਟਿਆਲਾ ਡਾ. ਦਾਰਾ ਸਿੰਘ ਦੀ ਟੀਮ ਵੱਲੋਂ ਖੇਤੀਬਾੜੀ ਵਰਤੋਂ ਲਈ ਸਬਸਿਡੀ ਉੱਪਰ ਮਿਲਣ ਵਾਲੀ ਯੂਰੀਆ ਖਾਦ ਦੀ ਅਣਅਧਿਕਾਰਤ ਵਰਤੋਂ ਅਤੇ ਸਟੋਰੇਜ ਨੂੰ ਰੋਕਣ ਲਈ ਕਿਸਾਨ ਹਿੱਤ ਵਿੱਚ ਜਿਲ੍ਹਾ ਪਟਿਆਲਾ ਵਿੱਚ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ।

ਮੁੱਖ ਖੇਤੀਬਾੜੀ ਅਫਸਰ ਡਾ. ਦਾਰਾ ਸਿੰਘ ਨੇ ਦੱਸਿਆ ਕਿ ਕਿਸਾਨਾਂ ਨੂੰ ਸਬਸਿਡੀ ਉੱਪਰ ਦਿੱਤੀ ਜਾਣ ਵਾਲੀ ਖਾਦ ਦੀ ਫੀਡ ਫੈਕਟਰੀਆਂ, ਪਲਾਈਵੁੱਡ ਫੈਕਟਰੀਆਂ ਅਤੇ ਰੇਸਨ ਫੈਕਟਰੀਆਂ ਵਿੱਚ ਵਰਤੋਂ ਕਰਕੇ ਸਰਕਾਰ ਵੱਲੋਂ ਸਬਸਿਡੀ ਉੱਪਰ ਖੇਤੀਬਾੜੀ ਵਰਤੋਂ ਲਈ ਦਿੱਤੀ ਜਾਣ ਵਾਲੀ ਯੂਰੀਆ ਖਾਦ ਦੀ ਦੁਰਵਰਤੋਂ ਕਰਨ ਵਾਲਿਆਂ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਨੂੰ ਰੋਕਣ ਲਈ ਮੁੱਖ ਖੇਤੀਬਾੜੀ ਅਫਸਰ ਪਟਿਆਲਾ ਡਾ ਦਾਰਾ ਸਿੰਘ ਨੇ ਖੇਤੀਬਾੜੀ ਅਫਸਰ, ਰਾਜਪੁਰਾ ਦੇ ਸਹਿਯੋਗ ਨਾਲ ਰਾਜਪੁਰਾ ਵਿਖੇ ਮੈਸ. ਰਾਮ ਪ੍ਰੋਟੀਨ ਪ੍ਰੋਡਕਟਸ, ਪਹਿਲੀ ਮੰਜਿਲ, ਦੁਕਾਨ ਨੰ. 160, ਅਨਾਜ ਮੰਡੀ, ਰਾਜਪੁਰਾ ਦੇ ਗੌਦਾਮ ਜੀ-1 ਸੈਦਖੇੜੀ ਰੋਡ, ਨੇੜੇ ਡੀ.ਏ.ਵੀ. ਸਕੂਲ ਦੀ ਚੈਕਿੰਗ ਕੀਤੀ ਅਤੇ ਇਸ ਦੌਰਾਨ ਗੋਦਾਮ ਵਿੱਚ 1495 ਥੈਲੇ ਟੈਕਨੀਕਲ ਗ੍ਰੇਡ ਯੂਰੀਆ ਦੇ ਮੌਜੂਦ ਪਾਏ। ਜਿਨ੍ਹਾਂ ਉੱਪਰ ਨਿਰਮਾਤਾ, ਵਿਕਰੇਤਾ, ਲਾਟ ਨੰ, ਬਣਾਉਣ ਦੀ ਮਿਤੀ, ਐਮ.ਆਰ.ਪੀ ਆਦਿ ਮੌਜੂਦ ਨਹੀਂ ਸੀ। ਇਹ ਯੂਰੀਆ ਖਾਦ ਇਸ ਅਣਅਧਿਕਾਰਤ ਗੌਦਾਮ ਵਿੱਚ ਬਿਨਾ ਕਿਸੇ ਲਾਇਸੰਸ ਜਾਂ ਰਜਿਸਟ੍ਰੇਸ਼ਨ ਤੋਂ ਸਟੋਰ ਕੀਤੀ ਹੋਈ ਸੀ। ਇਨ੍ਹਾਂ ਥੈਲਿਆਂ ਵਿੱਚੋਂ ਖੇਤੀਬਾੜੀ ਵਿਭਾਗ ਦੇ ਖਾਦ ਇੰਸਪੈਕਟਰ ਗੁਰਧਿਆਨ ਸਿੰਘ ਅਤੇ ਪੈਸਟੀਸਾਈਡਜ ਇੰਸਪੈਕਟਰ ਪੁਨੀਤ ਕੁਮਾਰ ਵੱਲੋਂ ਸੈਂਪਲ ਭਰੇ ਗਏ ਅਤੇ ਰਿਪੋਰਟ ਅਨੁਸਾਰ ਇਨ੍ਹਾਂ ਥੈਲਿਆਂ ਵਿੱਚ ਕਿਸਾਨਾਂ ਨੂੰ ਖੇਤੀ ਵਰਤੋਂ ਲਈ ਭਾਰਤ ਸਰਕਾਰ ਵੱਲੋਂ ਭੇਜਿਆ ਜਾ ਰਿਹਾ ਨੀਮ ਕੋਟਿਡ ਯੂਰੀਆ ਨੂੰ ਟੈਕਨੀਕਲ ਗ੍ਰੇਡ ਯੂਰੀਆ ਦੀ ਲੈਵਲਿੰਗ ਹੇਠ ਥੈਲਿਆਂ ਵਿੱਚ ਭਰ ਕੇ ਸਟੋਰ ਕੀਤਾ ਗਿਆ ਸੀ।

ਪੜਤਾਲ ਦੌਰਾਨ ਪਤਾ ਲੱਗਾ ਕਿ ਉਕਤ ਫਰਮ ਇਸ ਯੂਰੀਆ ਖਾਦ ਨੂੰ ਦਿੱਲੀ ਦੀ ਇੱਕ ਫਰਮ ਮੈਸ. ਮੰਗਲਾ ਕੈਮੀਕਲਜ, ਨਿਊ ਰੋਹਤਕ ਰੋਡ, ਨਵੀ ਦਿੱਲੀ ਤੋਂ ਖਰੀਦ ਕੇ ਅੱਗੇ ਇਸ ਨੂੰ ਜਿਲ੍ਹਾ ਪਟਿਆਲਾ ਦੀਆਂ ਫੀਡ ਫੈਕਟਰੀਆਂ ਨੂੰ ਸਪਲਾਈ ਕੀਤਾ ਜਾਣਾ ਸੀ। ਇਸ ਉੱਪਰ ਕਾਰਵਾਈ ਕਰਦਿਆਂ ਖਾਦ ਇੰਸਪੈਕਟਰ ਰਾਜਪੁਰਾ ਵੱਲੋਂ ਥਾਣਾ ਖੇੜੀ ਗੰਡਿਆਂ ਵਿੱਚ ਦੋਸ਼ੀਆਂ ਖਿਲਾਫ ਖਾਦ ਕੰਟਰੋਲ ਆਰਡਰ 1985, ਜਰੂਰੀ ਵਸਤਾ ਐਕਟ 1955 ਅਤੇ ਬੀ.ਐਨ.ਐਸ 2023 ਦੀਆਂ ਵੱਖ ਵੱਖ ਧਾਰਾਵਾਂ ਅਧੀਨ ਐਫ.ਆਈ.ਆਰ ਦਰਜ ਕਰਵਾਈ ਗਈ।

ਮੁੱਖ ਖੇਤੀਬਾੜੀ ਅਫਸਰ ਡਾ: ਦਾਰਾ ਸਿੰਘ ਨੇ ਸਮੂਹ ਇਨਪੁਟਸ ਡੀਲਰਾਂ ਨੂੰ ਸਖਤ ਚਿਤਾਵਨੀ ਦਿੰਦਿਆਂ ਕਿਹਾ ਕਿ ਭਵਿੱਖ ਵਿੱਚ ਜੇਕਰ ਕਿਸਾਨ ਹਿੱਤ ਵਿੱਚ ਸਬਸਿਡੀ ਉੱਪਰ ਦਿੱਤੀ ਜਾਣ ਵਾਲੀ ਖਾਦ ਦੀ ਦੁਰਵਰਤੋਂ ਸਬੰਧੀ ਕੋਈ ਵੀ ਸ਼ਿਕਾਇਤ ਪ੍ਰਾਪਤ ਹੁੰਦੀ ਹੈ ਤਾਂ ਉਨ੍ਹਾਂ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ। ਇਸ ਚੈਕਿੰਗ ਦੌਰਾਨ ਖੇਤੀਬਾੜੀ ਵਿਕਾਸ ਅਫਸਰ ਅਮਨਪ੍ਰੀਤ ਸਿੰਘ ਸੰਧੂ, ਰਸ਼ਪਿੰਦਰ ਸਿੰਘ ਮੌਜੂਦ ਸਨ।

# ਜਵੱਦੀ ਟਕਸਾਲ ਵਿਖੇ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮ



ਲੁਧਿਆਣਾ, 22 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਜਵੱਦੀ ਟਕਸਾਲ ਵਿਖੇ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਏ ਗਏ। ਇਸ ਮੌਕੇ ਟਕਸਾਲ ਦੇ ਮੁਖੀ ਸੰਤ ਬਾਬਾ ਅਮੀਰ ਸਿੰਘ ਨੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸ਼ਹੀਦੀ ਧਾਰਮਿਕ ਤੇ ਆਤਮਿਕ ਆਦਰਸ਼ਾਂ ਪ੍ਰਤੀ ਅਡੋਲ ਵਿਸ਼ਵਾਸ ਦੀ ਗਵਾਹੀ ਹੈ ਅਤੇ ਸੱਚੇ ਸ਼ਹੀਦ ਆਪਣੀ ਆਤਮਿਕ ਸ਼ਕਤੀ ਦੇ ਬਲ ‘ਤੇ ਹਰ ਕੁਰਬਾਨੀ ਦੇਣ ਲਈ ਤਿਆਰ ਰਹਿੰਦੇ ਹਨ।

ਉਨ੍ਹਾਂ ਸ੍ਰੀ ਗੁਰੂ ਅਰਜਨ ਦੇਵ ਜੀ, ਸ੍ਰੀ ਗੁਰੂ ਤੇਗ ਬਹਾਦਰ ਜੀ ਅਤੇ ਸਿੱਖ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਸੰਗਤ ਨੂੰ ਗੁਰਮਤਿ ਮਾਰਗ ‘ਤੇ ਚੱਲਣ ਦਾ ਸੰਦੇਸ਼ ਦਿੱਤਾ।

ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਗੁਰਬਾਣੀ ਕੀਰਤਨ ਅਤੇ ਪਾਠ ਰਾਹੀਂ ਹਾਜ਼ਰੀ ਭਰੀ ਗਈ।

ਇਸ ਮੌਕੇ ਦਿਨ ਭਰ ਇਸ ਮੌਕੇ ਟਕਸਾਲ ਦੇ ਮੁਖੀ ਸੰਤ ਬਾਬਾ ਅਮੀਰ ਸਿੰਘ ਨੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸ਼ਹੀਦੀ ਧਾਰਮਿਕ ਤੇ ਆਤਮਿਕ ਆਦਰਸ਼ਾਂ ਪ੍ਰਤੀ ਸੰਘ ਨੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿਅਡੋਲ ਵਿਸ਼ਵਾਸਠੰਡੇ ਮਿੱਠੇ ਜਲ ਦੀ ਛਬੀਲ ਅਤੇ ਛੋਲਿਆਂ ਦੇ ਲੰਗਰ ਦੀ ਸੇਵਾ ਵੀ ਕੀਤੀ ਗਈ।

# ਪੀਰ ਬਾਬਾ ਚਿਰੰਗੀ ਸ਼ਾਹ ਜੀ ਦੇ 50ਵੇਂ ਸਿਲਵਰ ਜੁਬਲੀ ਸਮਾਗਮ ਵਿੱਚ ਉਮੜਿਆ ਸ਼ਰਧਾਲੂਆਂ ਦਾ ਸੈਲਾਬ



ਸੁਨਾਮ, 22 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਪੀਰ ਬਾਬਾ ਚਿਰੰਗੀ ਸ਼ਾਹ ਜੀ ਦੇ 50ਵੇਂ ਸਿਲਵਰ ਜੁਬਲੀ ਸਮਾਗਮ ਮੌਕੇ ਦੁਸ਼ਹਿਰਾ ਗਰਾਊਂਡ ਵਿਖੇ ਪ੍ਰਬੰਧਕ ਕਮੇਟੀ ਵੱਲੋਂ ਵਿਸ਼ਾਲ ਧਾਰਮਿਕ ਅਤੇ ਸੱਭਿਆਚਾਰਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਇਲਾਕੇ ਭਰ ਤੋਂ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਅਤੇ ਨਗਰ ਨਿਵਾਸੀਆਂ ਨੇ ਸ਼ਿਰਕਤ ਕਰਕੇ ਬਾਬਾ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ।

ਸਮਾਗਮ ਦੌਰਾਨ ਪ੍ਰਸਿੱਧ ਸੂਫੀ ਗਾਇਕ ਜੀ ਖਾਨ ਅਤੇ ਮਾਸਟਰ ਸਲੀਮ ਨੇ ਆਪਣੀ ਸੁਰੀਲੀ ਆਵਾਜ਼ ਰਾਹੀਂ ਪੀਰ ਬਾਬਾ ਚਿਰੰਗੀ ਸ਼ਾਹ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ। ਦੋਵਾਂ ਕਲਾਕਾਰਾਂ ਨੇ ਦੇਰ ਰਾਤ ਤੱਕ ਸੂਫੀਆਨਾ ਕਲਾਮ ਅਤੇ ਭਗਤੀਮਈ ਗੀਤਾਂ ਦੀ ਪੇਸ਼ਕਾਰੀ ਕਰਕੇ ਹਾਜ਼ਰ ਸੰਗਤਾਂ ਨੂੰ ਮੰਤਰਮੁਗਧ ਕੀਤਾ ਅਤੇ ਪੂਰੇ ਪੰਡਾਲ ਦਾ ਮਾਹੌਲ ਰੂਹਾਨੀ ਰੰਗ ਵਿੱਚ ਰੰਗਿਆ ਰੱਖਿਆ।

ਇਸ ਮੌਕੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ, ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਹਲਕਾ ਇੰਚਾਰਜ ਵਿਨਰਜੀਤ ਸਿੰਘ ਗੋਲਡੀ, ਰਾਜਿੰਦਰ ਦੀਪਾ, ਸੋਨੀਆ ਦੀਪਾ ਅਰੋੜਾ, ਕੌਂਸਲਰ ਮਾਹੀਹੰਤ ਅਤੇ ਕੌਂਸਲਰ ਮਨਪ੍ਰੀਤ ਬਾਂਸਲ ਸਮੇਤ ਕਈ ਪ੍ਰਮੁੱਖ ਸ਼ਖਸੀਅਤਾਂ ਨੇ ਆਪਣੀ ਹਾਜ਼ਰੀ ਲਗਵਾਈਪ੍ਰਬੰਧਕ ਕਮੇਟੀ ਵੱਲੋਂ ਪਹੁੰਚੀਆਂ ਹੋਈਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਗਿਆ ਕਿ ਪੀਰ ਬਾਬਾ ਚਿਰੰਗੀ ਸ਼ਾਹ ਜੀ ਦੀਆਂ ਸਿੱਖਿਆਵਾਂ ਆਪਸੀ ਭਾਈਚਾਰੇ, ਪਿਆਰ ਅਤੇ ਮਨੁੱਖਤਾ ਦਾ ਸੰਦੇਸ਼ ਦਿੰਦੀਆਂ ਹਨ। ਸਮਾਗਮ ਦੌਰਾਨ ਸੁਰੱਖਿਆ ਅਤੇ ਪ੍ਰਬੰਧਾਂ ਦੇ ਵੀ ਵਿਸ਼ੇਸ਼ ਇੰਤਜ਼ਾਮ ਕੀਤੇ ਗਏ ਸਨ। ਸਮਾਗਮ ਦੇ ਸਫਲ ਆਯੋਜਨ ’ਤੇ ਸ਼ਰਧਾਲੂਆਂ ਅਤੇ ਇਲਾਕਾ ਨਿਵਾਸੀਆਂ ਵੱਲੋਂ ਪ੍ਰਬੰਧਕ ਕਮੇਟੀ ਦੀ ਭਰਪੂਰ ਸ਼ਲਾਘਾ ਕੀਤੀ ਗਈ ਇਸ ਮੌਕੇ ਓ ਕੇ ਐਸ ਗਰੁੱਪ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਾਬਾ ਜੀ ਦੀ ਦਰਗਾਹ ਅਤੇ ਆਉਣ - ਜਾਣ ਵਾਲੇ ਸ਼ਰਧਾਲੂਆਂ ਲਈ ਵੱਖ ਵੱਖ ਵਿਅੰਜਨਾਂ ਦੀਆਂ ਵੱਡੇ ਪੱਧਰ ਤੇ ਸਟਾਲਾਂ ਵੀ ਲਗਾਈਆਂ ਗਈਆਂ ।

# ਮਾਲੇਰਕੋਟਲਾ ਪੁਲਿਸ ਨੇ ਜ਼ਿਲ੍ਹੇ ’ਚ ਚਲਾਇਆ ਸਿਟੀ ਸੀਲਿੰਗ ਅਭਿਆਨ

ਮਲੇਰਕੋਟਲਾ, 22 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਪੁਲਿਸ ਵੱਲੋਂ ਅਮਨ ਕਾਨੂੰਨ ਨੂੰ ਹੋਰ ਪੁਖਤਾ ਕਰਨ ਹਿੱਤ ਸਿਟੀ ਸੀਲਿੰਗ ਅਭਿਆਨ ਤਹਿਤ ਐਸ ਐਸ ਪੀ ਮਾਲੇਰਕੋਟਲਾ ਗੁਰਮੀਤ ਸਿੰਘ ਦੀ ਅਗਵਾਈ ਹੇਠ ਜ਼ਿਲ੍ਹਾ ਪੁਲਿਸ ਵੱਲੋਂ ਸ਼ਾਮ ਸਮੇਂ ਵਾਹਨਾਂ ਦੀ ਜਾਂਚ ਕਰਨ ਦੇ ਨਾਲ-ਨਾਲ ਸ਼ੱਕੀਆਂ ਕੋਲ਼ੋਂ ਪੁੱਛ-ਗਿੱਛ ਕੀਤੀ ਗਈ ।




ਉਨ੍ਹਾਂ ਕਿਹਾ ਕਿ ਕਾਨੂੰਨ - ਵਿਵਸਥਾ ਲਾਗੂ ਕਰਨ ਅਤੇ ਭਾਈਚਾਰਕ ਸਾਂਝ ਨੂੰ ਬਿਹਤਰ ਬਣਾਉਣ ਦੇ ਮਕਸਦ ਨਾਲ ਪੁਲਿਸ ਦੇ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਦੀ ਅਗਵਾਈ ਹੇਠ ਇਹ ਵਿਸ਼ੇਸ਼ ਅਭਿਆਨ ਚਲਾਇਆ ਗਿਆ ਹੈ।

‘ਸਿਟੀ ਸੀਲਿੰਗ ਅਭਿਆਨ ’ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਇਲਾਕਿਆਂ ਵਿੱਚ 08 ਵਿਸ਼ੇਸ ਨਾਕੇ ਲਗਾ ਕੇ ਵਿਸ਼ੇਸ ਚੈਕਿੰਗ ਮੁਹਿਮ ਕੀਤੀ ਗਈ । ਇਨ੍ਹਾਂ ਨਾਕਿਆਂ ਦਾ ਉਨ੍ਹਾਂ ਵੱਲੋਂ ਅਚਨਚੇਤ ਦੌਰਾ ਕਰਕੇ ਨਿਰੀਖਣ ਕੀਤਾ ਅਤੇ ਸਬੰਧਤ ਅਧਿਕਾਰੀਆਂ ਤੇ ਨਾਗਰਿਕਾਂ ਨਾਲ ਸਿੱਧੇ ਤੌਰ ’ਤੇ ਰਾਬਤਾ ਕੀਤਾ। ਉਨ੍ਹਾਂ ਕਿਹਾ ਇਸ ਸਿਟੀ ਸੀਲਿੰਗ ਅਭਿਆਨ ਦਾ ਮਕਸਦ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ - ਨਾਲ ਸਮਾਜ ਵਿਰੋਧੀ ਤੱਤਾਂ ਉੱਪਰ ਡਰ ਪੈਦਾ ਕਰਕੇ ਉਨ੍ਹਾਂ ਦੀ ਨਕੇਲ ਕਸਣਾ ਹੈ। ਉਨ੍ਹਾਂ ਹੋਰ ਕਿਹਾ ਕਿ ਸਾਡੀ ਪ੍ਰਥਾਮਿਕਤਾ ਲੋਕਾਂ ਨੂੰ ਸੁਰੱਖਿਅਤ ਮਾਹੌਲ ਤੇ ਸਟਰੀਟ ਕ੍ਰਾਈਮ ਨੂੰ ਰੋਕਣਾ ਅਤੇ ਨਸ਼ਿਆਂ ਮੁਕਤ,ਸੁਰੱਖਿਅਤ ਮਾਲੇਰਕੋਟਲਾ ਬਣਾਉਣਾ ਹੈ

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਮਾਜ ਵਿਰੋਧੀ ਤੱਤਾਂ ਨੂੰ ਨੱਥ ਪਾਉਣ ਲਈ ਪੁਲਿਸ ਨੂੰ ਸਹਿਯੋਗ ਦੇਣ ਤੇ ਉਨ੍ਹਾਂ ਦੀ ਪਹਿਚਾਣ ਗੁਪਤ ਰੱਖੀ ਜਾਵੇਗੀ। ਕਿਸੇ ਵੀ ਤਰ੍ਹਾਂ ਦੀ ਪੁਲਿਸ ਸਹਾਇਤਾ ਲਈ ਹੈਲਪਲਾਈਨ ਨੰਬਰ 112 ਤੇ ਸੰਪਰਕ ਕੀਤਾ ਜਾਵੇ। ਜ਼ਿਲ੍ਹਾ ਪੁਲਿਸ ਦਾ ਟੀਚਾ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਅਤੇ ਪੂਰਨ ਪਾਰਦਰਸ਼ੀ ਅਤੇ ਜਵਾਬਦੇਹ ਪੁਲਿਸਿੰਗ ਰਾਹੀਂ ਲੋਕਾਂ ਵਿੱਚ ਵਿਸ਼ਵਾਸ ਪੈਦਾ ਕਰਕੇ ਦੋਸਤਾਨਾ ਮਾਹੋਲ ਪੈਦਾ ਕਰਨ ਹੈ ।

ਉਨ੍ਹਾਂ ਹੋਰ ਕਿਹਾ ,“ਇਹ ਵਿਸ਼ੇਸ਼ ਵਾਹਨ ਚੈਕਿੰਗ ਵਧੀ ਹੋਈ ਸੁਰੱਖਿਆ ਅਤੇ ਪ੍ਰਭਾਵਸ਼ਾਲੀ ਕਾਨੂੰਨ-ਵਿਵਸਥਾ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ ਇਸੇ ਤਰ੍ਹਾਂ ਜਾਰੀ ਰਹੇਗੀ।

# ਨਰੇਗਾ ਮੁਲਾਜ਼ਮਾਂ ਵੱਲੋਂ 23 ਜੂਨ ਨੂੰ ਦਿੜ੍ਹਬਾ ਮੰਡੀ ਵਿਖੇ ਹੋਵੇਗੀ ਲਾਮਿਸਾਲ ਰੈਲੀ

ਮਾਛੀਵਾੜਾ ਸਾਹਿਬ, 22 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਦਿਨਾਂ ਤੋਂ ਲਗਾਤਾਰ ਪੰਜਾਬ ਦੇ ਸਾਰੇ ਬਲਾਕਾਂ ਵਿੱਚ ਲੱਗੇ ਧਰਨਿਆਂ ਤੇ ਬੈਠੇ ਨਰੇਗਾ ਮੁਲਾਜ਼ਮਾਂ ਨੂੰ ਹਾਲੇ ਤੱਕ ਵੀ ਸਰਕਾਰ ਉਹਨਾਂ ਦੀਆਂ ਜਾਇਜ਼ ਮੰਗਾਂ ਮੰਨਣ ਦੀ ਬਜਾਏ ਸਿਰਫ਼ ਝੂਠੇ ਲਾਰੇ ਹੀ ਲਗਾ ਰਹੀ ਹੈ। ਪੰਜਾਬ ਮਗਨਰੇਗਾ ਜਥੇਬੰਦੀ ਦੇ ਵਿੱਤ ਸਕੱਤਰ ਰਮਨਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਸਾਡੀਆਂ ਨਿਗੂਣੀਆਂ ਤਨਖ਼ਾਹਾਂ ਤੇ ਕੀਤੀ 18 ਸਾਲਾਂ ਦੀ ਸੇਵਾ ਦਾ ਮੁੱਲ ਪੰਜਾਬ ਸਰਕਾਰ ਮੁਲਾਜ਼ਮਾਂ ਨੂੰ ਸੜਕਾਂ ਤੇ ਰੋਲ ਕੇ ਪਾ ਰਹੀ ਹੈ, ਉਧਾਰ ਮਟੀਰੀਅਲ ਖਰੀਦ ਕੇ ਕਰਵਾਏ ਕੰਮਾਂ ਦਾ ਇਹ ਸਿਲਾ ਦਿੱਤਾ ਜਾ ਰਿਹਾ ਹੈ ਕਿ 6 ਮਹੀਨਿਆਂ ਤੋਂ ਸਾਨੂੰ ਤਨਖਾਹ ਨਹੀਂ ਦਿੱਤੀ ਜਾ ਰਹੀ। ਉਨਾਂ ਕਿਹਾ ਕਿ ਕਿ 1 ਜੂਨ ਨੂੰ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੀ ਪ੍ਰਧਾਨਗੀ ਹੇਠ ਹੋਈ ਪੈਨਲ ਮੀਟਿੰਗ ਅਤੇ 10 ਜੂਨ ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਹੋਈ ਪੈਨਲ ਮੀਟਿੰਗ ਵਿੱਚ ਨਰੇਗਾ ਮੁਲਾਜ਼ਮਾਂ ਨੂੰ ਪੱਕੇ ਕਰਨ ਦੀ ਮੰਗ ਪ੍ਰਵਾਨ ਕਰ ਲਈ ਗਈ ਸੀ। ਉਸੇ ਦਿਨ ਅਗਲੀ ਮੀਟਿੰਗ ਪ੍ਰੋਸੋਨਲ ਵਿਭਾਗ, ਵਿੱਤ ਵਿਭਾਗ, ਪੰਚਾਇਤ ਵਿਭਾਗ, ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਅਤੇ ਹਰਪਾਲ ਸਿੰਘ ਚੀਮਾ ਜੀ ਦੀ ਮੌਜੂਦਗੀ ਵਿੱਚ ਕਰਨ ਦਾ ਫ਼ੈਸਲਾ ਲਿਆ ਗਿਆ ਸੀ। ਮੁਲਾਜ਼ਮਾਂ ਵੱਲੋਂ ਬਲਾਕ ਪੱਧਰ ਤੇ ਹੀ ਸ਼ਾਂਤਮਈ ਧਰਨਾ ਜਾਰੀ ਰੱਖਿਆ ਗਿਆ। 16 ਜੂਨ ਨੂੰ ਮੀਟਿੰਗ ਲਈ ਸੱਦਾ ਆਇਆ ਤਾਂ ਉਹ ਮੀਟਿੰਗ ਸਿਰਫ਼ ਸੰਯੁਕਤ ਵਿਕਾਸ ਕਮਿਸ਼ਨਰ ਨਾਲ ਹੀ ਹੀ ਹੋਈ। ਮੀਟਿੰਗ ਵਿੱਚ ਉਨ੍ਹਾਂ ਵੱਲੋਂ ਯੂਨੀਅਨ ਆਗੂਆਂ ਨੂੰ ਧਮਕਾਇਆ ਗਿਆ ਕਿ ਹੜਤਾਲ ਵਾਪਸ ਲਵੋ ਅਤੇ ਕੰਮ ਤੇ ਆਓ ਨਹੀਂ ਤਾਂ ਉਹ ਨੌਕਰੀ ਤੋਂ ਕੱਢ ਦੇਣਗੇ। ਜਦੋਂ ਉਨ੍ਹਾਂ ਨੂੰ ਪੁੱਛਿਆ ਗਿਆ ਕਿ ਸਾਡੀਆਂ ਸੇਵਾਵਾਂ ਨਿਯਮਤ ਕਰਨ ਦਾ ਕੋਈ ਕੇਸ ਤਿਆਰ ਕੀਤਾ ਜਾਂ ਨਹੀਂ ਤਾਂ ਉਨ੍ਹਾਂ ਕਿਹਾ ਕਿ ਪਹਿਲਾਂ ਹੜਤਾਲ ਵਾਪਸ ਲਵੋ। ਇਸ ਤੇ ਯੂਨੀਅਨ ਆਗੂਆਂ ਨੇ ਕਿਹਾ ਕਿ ਇਹ ਪਹਿਲੀ ਵਾਰ ਨਹੀਂ ਪਿਛਲੇ 18 ਸਾਲਾਂ ਵਿੱਚ ਅਜਿਹਾ ਧੋਖਾ 2011 ਵਿੱਚ, 2015 ਵਿੱਚ, 2016 ਵਿੱਚ, 2019 ਵਿੱਚ 2021 ਵਿੱਚ ਵੀ ਸਮੇਂ ਦੀਆਂ ਸਰਕਾਰਾਂ ਨੇ ਵੀ ਕਈ ਵਾਰ ਕੀਤਾ ਹੈ ਜਦੋਂ ਅਫ਼ਸਰਸ਼ਾਹੀ ਦੇ ਭਰੋਸੇ ਤੇ ਹੜਤਾਲ ਵਾਪਸ ਲਈ ਹੋਵੇ। ਆਗੂਆਂ ਨੇ ਕਿਹਾ ਕਿ ਵਿਭਾਗ ਦੇ ਵਿੱਤ ਸਕੱਤਰ ਸ੍ਰੀ ਅਜੀਤ ਬਾਲਾਜੀ ਜੋਸ਼ੀ ਨੇ ਵੀ 13 ਮਾਰਚ 2025 ਨੂੰ ਦਿੱਤਾ ਸੀ ਜਦੋਂ ਉਨ੍ਹਾਂ ਤਿੰਨ ਮਹੀਨੇ ਵਿਭਾਗ ਦੇ ਕੰਮ ਕਰਨ ਲਈ ਕਿਹਾ ਸੀ ਕਿ ਉਸਤੋਂ ਬਾਅਦ ਮੈਂ ਤੁਹਾਡਾ ਵਕੀਲ ਬਣਕੇ ਪੱਕੇ ਕਰਵਾਵਾਂਗਾ।

ਇਸ ਲਈ ਵਾਰ-ਵਾਰ ਅਜਿਹੇ ਲਾਰਿਆਂ ਤੇ ਵਿਸ਼ਵਾਸ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਜਦੋਂ ਤੱਕ ਸੇਵਾਵਾਂ ਪੱਕੀਆਂ ਕਰਨ ਦਾ ਨੋਟੀਫਿਕੇਸ਼ਨ ਜਾਰੀ ਨਹੀਂ ਹੁੰਦਾ ਇਸ ਵਾਰ ਕਿਸੇ ਵੀ ਕੀਮਤ ਤੇ ਹੜਤਾਲ ਵਾਪਸ ਲੈਣ ਦਾ ਤਾਂ ਸਵਾਲ ਹੀ ਪੈਦਾ ਨਹੀਂ ਹੁੰਦਾ।

ਉਨ੍ਹਾਂ ਹੋਰ ਦੱਸਿਆ ਕਿ ਸੂਬਾ ਕਮੇਟੀ ਦੇ ਫ਼ੈਸਲੇ ਅਨੁਸਾਰ 23 ਜੂਨ ਨੂੰ ਦਿੜ੍ਹਬਾ ਮੰਡੀ ਵਿਖੇ ਪੰਜਾਬ ਪੱਧਰ ਦਾ ਲਾਮਿਸਾਲ ਇਕੱਠ ਕਰਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਦਫ਼ਤਰ ਦਾ ਘਿਰਾਓ ਕੀਤਾ ਜਾਵੇਗਾ। ਇਸ ਧਰਨੇ ਵਿੱਚ ਹਰ ਪਿੰਡ ਵਿੱਚੋਂ 50 ਤੋਂ ਵੱਧ ਸਰਪੰਚ-ਪੰਚ, ਨਰੇਗਾ ਮੇਟ, ਮਜ਼ਦੂਰ ਤੇ ਮਜ਼ਦੂਰ ਆਗੂਆਂ ਨੂੰ ਸ਼ਾਮਲ ਕਰਨ ਲਈ ਅੱਜ ਤੋਂ ਹੀ ਪਿੰਡ-ਪਿੰਡ ਜਾ ਕੇ ਮੀਟਿੰਗਾਂ ਕਰਕੇ ਲਾਮਬੰਦੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਅਜੇ ਵੀ ਨਰੇਗਾ ਮੁਲਾਜ਼ਮਾਂ ਨੂੰ ਪੰਚਾਇਤ ਵਿਭਾਗ ਵਿੱਚ ਮਰਜ਼ ਕਰਕੇ ਪੱਕੇ ਕਰਨ ਦੀ ਮੰਗ ਨੂੰ ਗੰਭੀਰਤਾ ਨਾਲ ਨਾ ਲਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਸਰਕਾਰ ਦੀਆਂ ਲੋਕ ਮਿਲਣੀਆਂ ਦੌਰਾਨ ਇੰਨ੍ਹਾਂ ਦੇ ਵਿਧਾਇਕਾਂ, ਹਲਕਾ ਇੰਚਾਰਜਾਂ ਅਤੇ ਮੰਤਰੀਆਂ ਦਾ ਘਿਰਾਓ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਪੰਚਾਇਤ ਵਿਭਾਗ ਦੀ ਅਫ਼ਸਰਸ਼ਾਹੀ ਦੇ ਇਸ ਤਰ੍ਹਾਂ ਦੇ ਰਵਈਏ ਕਾਰਨ ਮੁਲਾਜ਼ਮਾਂ ਦੇ ਅੰਦਰ ਅੱਗ ਲਾਈ ਹੈ ਜੋ ਝੂਠੇ ਲਾਰੇ ਲਾ ਕੇ ਸ਼ਾਂਤ ਨਹੀਂ ਹੋਵੇਗੀ। ਇਸ ਵਾਰ ਭਾਵੇਂ ਪਰਚੇ ਪੈਣ, ਭਾਵੇਂ ਲਾਠੀਚਾਰਜ ਹੋਣ, ਭਾਵੇਂ ਜੇਲ੍ਹਾਂ ਵਿੱਚ ਸੁੱਟਣ, ਭਾਵੇਂ ਮਾਰ ਵੀ ਦੇਣ ਪਰ ਸਾਡਾ ਹੱਕ ਨੌਕਰੀ ਪੱਕੀ ਕਰਵਾਉਣ ਦਾ ਉਹ ਲੈ ਕੇ ਰਹਾਂਗੇ। ਉਨ੍ਹਾਂ ਪੰਜਾਬ ਭਰ ਦੇ ਨਰੇਗਾ ਮੁਲਾਜ਼ਮਾਂ ਨੂੰ ਅਪੀਲ ਕੀਤੀ ਕਿ ਵਿਭਾਗ ਦੀ ਅਫ਼ਸਰਸ਼ਾਹੀ ਸਾਡੀ ਏਕਤਾ ਅਤੇ ਹੜਤਾਲ ਨੂੰ ਤੋੜਨ ਲਈ ਕਈ ਤਰ੍ਹਾਂ ਦੇ ਲਾਲਚ ਅਤੇ ਡਰਾਵੇ ਦੇ ਸਕਦੀ ਹੈ ਪਰ ਸੁਚੇਤ ਰਹਿਣਾ, ਕਿਸੇ ਗੱਲੋਂ ਘਬਰਾਇਓ ਨਾ ਪੂਰਾ ਪੰਜਾਬ ਇੱਕ ਹੈ ਅਤੇ ਜਿੱਤ ਸਾਡੀ ਹੈ।

# ਸਕੂਲ ਆਫ ਐਮੀਨੈਂਸ ਖਡੂਰ ਸਾਹਿਬ ਨੂੰ ਮਿਲਿਆ ਰਾਸ਼ਟਰੀ ਪੁਰਸਕਾਰ



ਤਰਨ ਤਾਰਨ, 22 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਰਾਸ਼ਟਰੀ ਸਿੱਖਿਆ ਨੀਤੀ 2020 ਦੇ ਤਹਿਤ ਕਰਵਾਏ ਗਏ ਸਵੱਛ ਅਤੇ ਹਰਿਆ-ਭਰਿਆ ਵਿਦਿਆਲਾ ਰੇਟਿੰਗ 2025-26 ਦੇ ਸਰਵੇ ਵਿੱਚ ਸਕੂਲ ਆਫ ਐਮੀਨੈਂਸ ਖਡੂਰ ਸਾਹਿਬ, ਜ਼ਿਲ੍ਹਾ ਤਰਨ ਤਾਰਨ ਨੇ ਦੇਸ਼ ਭਰ ਦੇ 14 ਲੱਖ 71 ਹਜ਼ਾਰ ਸਕੂਲਾਂ ਦੇ ਸਖ਼ਤ ਮੁਕਾਬਲੇ ਨੂੰ ਪਛਾੜਦੇ ਹੋਏ ਨਾ ਕੇਵਲ ਜ਼ਿਲ੍ਹਾ ਪੱਧਰ ’ਤੇ ਅਤੇ ਰਾਜ ਪੱਧਰ ’ਤੇ, ਸਗੋਂ ਹੁਣ ਰਾਸ਼ਟਰੀ ਪੱਧਰ ’ਤੇ ਪੁਰਸਕਾਰ ਪ੍ਰਾਪਤ ਕਰਕੇ ਰਾਸ਼ਟਰੀ ਪੱਧਰ ’ਤੇ ਉਚ ਮੁਕਾਮ ਹਾਸਲ ਕਰ ਲਿਆ ਹੈ। ਜ਼ਿਕਰਯੋਗ ਹੈ ਕਿ ਇਹ ਸਰਵੇ ਬਲਾਕ ਪੱਧਰ ਤੋਂ ਜ਼ਿਲ੍ਹਾ ਪੱਧਰ ਤੇ ਫਿਰ ਸਟੇਟ ਪੱਧਰ ’ਤੇ ਕਰਵਾਇਆ ਗਿਆ ਸੀ ਤੇ ਇਸ ਸਕੂਲ ਨੇ ਪਹਿਲਾਂ ਬਲਾਕ ਪੱਧਰ ’ਤੇ ਅਤੇ ਫਿਰ ਜ਼ਿਲ੍ਹਾ ਪੱਧਰ ’ਤੇ ਉਤਮ 8 ਸਕੂਲਾਂ ਵਿੱਚ ਨਾਮ ਦਰਜ ਕਰਵਾਇਆ ਤੇ ਫਿਰ ਪੰਜਾਬ ਪੱਧਰ ’ਤੇ ਉੱਤਮ 20 ਸਕੂਲਾਂ ਵਿੱਚ ਇਸ ਸਕੂਲ ਦੀ ਚੋਣ ਹੋਈ। ਰਾਜ ਪੱਧਰ ਦੀ ਚੋਣ ਲਈ ਅਤੇ ਰਾਸ਼ਟਰੀ ਪੱਧਰ ਦੀ ਚੋਣ ਲਈ ਕੇਂਦਰੀ ਪੱਧਰ ਦੀਆਂ ਵੱਖ-ਵੱਖ ਟੀਮਾਂ ਵੱਲੋਂ ਸਕੂਲ ਵਿਜ਼ਟ ਕਰਕੇ ਹਰੇਕ ਪਹਿਲੂ ਦੀ ਬਹੁਤ ਹੀ ਬਾਰੀਕੀ ਨਾਲ ਜਾਂਚ ਕੀਤੀ ਗਈ ਤੇ ਦੇਸ਼ ਭਰ ਦੇ ਚੁਣੇ ਹੋਏ ਸਕੂਲਾਂ ਵਿੱਚੋਂ ਵੱਧ ਅੰਕਾਂ ਵਾਲੇ ਸਕੂਲਾਂ ਨੂੰ ਅੰਤਿਮ ਸੂਚੀ ਵਿੱਚ ਸ਼ਾਮਿਲ ਕੀਤਾ। ਇਸ ਸਬੰਧੀ ਪ੍ਰਿੰਸੀਪਲ-ਕਮ-ਜ਼ਿਲ੍ਹਾ ਸਮਾਰਟ ਸਕੂਲ ਕੋਆਰਡੀਨੇਟਰ (ਡੀ ਐਸ ਐਮ) ਗੁਰਦੀਪ ਸਿੰਘ ਸਿੱਧੂ ਨੇ ਦੱਸਿਆ ਕਿ ਉਹ ਇਸ ਰਾਸ਼ਟਰ ਪੱਧਰੀ ਪ੍ਰਾਪਤੀ ’ਤੇ ਮਾਣ ਮਹਿਸੂਸ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਉਹ ਇਸ ਮਹਾਨ ਪ੍ਰਾਪਤੀ ਦਾ ਸਿਹਰਾ ਆਪਣੇ ਸਕੂਲ ਦੇ ਮਿਹਨਤੀ ਸਟਾਫ ਅਤੇ ਪਿਆਰੇ ਬੱਚਿਆਂ ਨੂੰ ਦਿੰਦੇ ਹਨ, ਜਿਨ੍ਹਾਂ ਨੇ ਹੁਣ ਤੱਕ ਸਕੂਲ ਦੀ ਬਿਹਤਰੀ ਲਈ ਦਿਨ-ਰਾਤ ਕਾਰਜ ਕੀਤੇ ਹਨ । ਇਸ ਪ੍ਰਾਪਤੀ ਵਿੱਚ ਸਕੂਲ ਦੀ ਅਧਿਆਪਕਾ ਅਤੇ ਇਸ ਕੰਮ ਦੀ ਨੋਡਲ ਇੰਚਾਰਜ ਅਰਸ਼ਪ੍ਰੀਤ ਕੌਰ ਸਾਇੰਸ ਮਿਸਟ੍ਰੈਸ ਦਾ ਵਿਸ਼ੇਸ਼ ਯੋਗਦਾਨ ਹੈ। ਰਾਸ਼ਟਰੀ ਪੱਧਰ ’ਤੇ ਪੁਰਸਕਾਰ ਮਿਲਣ ’ਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ) ਤਰਨ ਤਾਰਨ ਰਾਜੇਸ਼ ਕੁਮਾਰ ਸ਼ਰਮਾ, ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ) ਤਰਨ ਤਾਰਨ ਰਾਜਿੰਦਰ ਕੌਰ, ਸਹਾਇਕ ਕੋਆਰਡੀਨੇਟਰ ਸਮਾਰਟ ਸਕੂਲ ਗੁਰਮੀਤ ਸਿੰਘ ਅਤੇ ਅਮਨਦੀਪ ਸਿੰਘ, ਜ਼ਿਲ੍ਹਾ ਗਾਈਡੈਂਸ ਕਾਊਂਸਲਰ ਸੁਖਬੀਰ ਸਿੰਘ ਕੰਗ, ਪੀ.ਐਮ ਸ੍ਰੀ ਸਕੂਲ ਨੋਡਲ ਇੰਚਾਰਜ ਗੀਟਾ ਮਹਾਜਨ, ਜ਼ਿਲ੍ਹਾ ਸਾਇੰਸ ਕੋਆਰਡੀਨੇਟਰ ਵਰਿੰਦਰ ਕੌਰ ਅਤੇ ਸਮੂਹ ਦਫ਼ਤਰ ਜ਼ਿਲ੍ਹਾ ਸਿੱਖਿਆ ਅਫ਼ਸਰ ਤਰਨ ਤਾਰਨ ਵੱਲੋਂ ਇਸ ਪ੍ਰਾਪਤੀ ਲਈ ਸਕੂਲ ਪ੍ਰਿੰਸੀਪਲ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ ’ਤੇ ਮੁਬਾਰਕਬਾਦ ਦਿੱਤੀ। ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਮੈਂਬਰ ਮਨਜਿੰਦਰ ਸਿੰਘ, ਲੈਕ. ਜੋਗਿੰਦਰ ਸਿੰਘ, ਲੈਕ. ਬਲਦੇਵ ਸਿੰਘ ਸਾਇੰਸ ਮਾਸਟਰ ਅਤੇ ਨਿਸ਼ਾਨ ਸਿੰਘ ਕਲਰਕ ਹਾਜ਼ਰ ਸਨ।

# ਮਾਤਾ ਗੁਰਮੇਲ ਕੌਰ ਤੋਂ ਅਸ਼ੀਰਵਾਦ ਲੈ ਕੇ ਰਾਜੀਵ ਕੁਮਾਰ ਲਵਲੀ ਨੇ ਜਗਰਾਓਂ ਤੋਂ ਚੋਣ ਮੁਹਿੰਮ ਦਾ ਕੀਤਾ ਆਗਾਜ਼




ਲੁਧਿਆਣਾ, 22 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਅਕਾਲੀ ਦਲ ‘ਵਾਰਿਸ ਪੰਜਾਬ ਦੇ’ ਦੇ ਜਗਰਾਓਂ ਹਲਕਾ ਇੰਚਾਰਜ ਰਾਜੀਵ ਕੁਮਾਰ ਲਵਲੀ ਨੇ ਸ਼ਹੀਦੀ ਦਿਹਾੜੇ ਮੌਕੇ ਜਥੇਦਾਰ ਸ਼ਹੀਦ ਭਾਈ ਗੁਰਦੇਵ ਸਿੰਘ ਕਾਉਂਕੇ ਦੀ ਧਰਮ ਪਤਨੀ ਮਾਤਾ ਗੁਰਮੇਲ ਕੌਰ ਤੋਂ ਅਸ਼ੀਰਵਾਦ ਪ੍ਰਾਪਤ ਕਰਕੇ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਆਪਣੀ ਚੋਣ ਮੁਹਿੰਮ ਦਾ ਰਸਮੀ ਆਗਾਜ਼ ਕੀਤਾ।

ਇਸ ਮੌਕੇ ਲਵਲੀ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਭਾਈ ਗੁਰਦੇਵ ਸਿੰਘ ਕਾਉਂਕੇ ਦੀਆਂ ਸ਼ਹਾਦਤਾਂ ਨੂੰ ਯਾਦ ਕਰਦਿਆਂ ਕਿਹਾ ਕਿ ਪੰਥ ਅਤੇ ਸੱਚ ਦੀ ਰੱਖਿਆ ਲਈ ਦਿੱਤੀਆਂ ਗਈਆਂ ਕੁਰਬਾਨੀਆਂ ਸਦਾ ਪ੍ਰੇਰਣਾ ਦਾ ਸਰੋਤ ਰਹਿਣਗੀਆਂ। ਉਨ੍ਹਾਂ ਕਿਹਾ ਕਿ ਅਕਾਲੀ ਦਲ ‘ਵਾਰਿਸ ਪੰਜਾਬ ਦੇ’ ਪੰਜਾਬ ਦੀ ਪੰਥਕ ਪਾਰਟੀ ਹੈ ਅਤੇ ਸ਼ਹੀਦ ਪਰਿਵਾਰਾਂ ਦਾ ਸਤਿਕਾਰ ਕਰਨਾ ਉਸਦਾ ਫਰਜ਼ ਹੈ।

ਉਨ੍ਹਾਂ ਐਲਾਨ ਕੀਤਾ ਕਿ ਬੰਦੀ ਸਿੰਘਾਂ ਅਤੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਜਲਦ ਹੀ ਜਗਰਾਓਂ ਹਲਕੇ ਵਿੱਚ ਵਿਸ਼ਾਲ ਮੋਟਰਸਾਈਕਲ ਰੋਸ ਮਾਰਚ ਕੱਢਿਆ ਜਾਵੇਗਾ।

ਇਸ ਮੌਕੇ ਕੁਲਵਿੰਦਰ ਸਿੰਘ ਚੰਡੀ, ਜਸਪ੍ਰੀਤ ਸਿੰਘ ਜੱਸੀ ਢਿੱਲੋਂ, ਚੌਧਰੀ ਅਵਤਾਰ ਸਿੰਘ ਲੱਡੂ ਅਤੇ ਜਸਵੀਰ ਸਿੰਘ ਲੁਧਿਆਣਾ ਸਮੇਤ ਹੋਰ ਆਗੂ ਵੀ ਹਾਜ਼ਰ ਸਨ।

# ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਮੌਕੇ ਈਸ਼ਰ ਨਗਰ ਵਿੱਚ ਠੰਡੇ-ਮਿੱਠੇ ਜਲ ਦੀ ਛਬੀਲ ਲਗਾਈ : ਕੁਲਜਿੰਦਰ ਸਿੰਘ ਝੱਜ




ਲੁਧਿਆਣਾ, 22 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਗੁਰੂਦੁਆਰਾ ਦਸਮੇਸ ਦਰਬਾਰ ਸਾਹਿਬ, ਈਸ਼ਰ ਨਗਰ ਵੱਲੋਂ ਸੰਗਤਾਂ ਦੀ ਸੇਵਾ ਲਈ ਠੰਡੇ-ਮਿੱਠੇ ਜਲ ਦੀ ਛਬੀਲ ਲਗਾਈ ਗਈ।

ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀਆਂ ਅਤੇ ਰਾਹਗੀਰਾਂ ਨੇ ਛਬੀਲ ਦਾ ਪ੍ਰਸ਼ਾਦ ਪ੍ਰਾਪਤ ਕੀਤਾ।

ਛਬੀਲ ਦੌਰਾਨ ਵਾਰਡ ਨੰ: 38 ਦੇ ਪ੍ਰਧਾਨ ਕੁਲਜਿੰਦਰ ਸਿੰਘ ਝੱਜ, ਵਿਕਰਮ ਘਈ, ਸਕੰਦਰ ਸਿੰਘ, ਹਰਜੀਤ ਸਿੰਘ, ਲਖਵੀਰ ਸਿੰਘ, ਗੁਰਪ੍ਰੀਤ ਸਿੰਘ ਲਵਲੀ, ਕੁਲਦੀਪ ਸਿੰਘ ਕਲਸੀ, ਪੁਸ਼ਪਿੰਦਰ ਸਿੰਘ, ਏਕਮ ਸਿੰਘ ਅਤੇ ਬਲਕਾਰ ਸਿੰਘ ਸਮੇਤ ਹੋਰ ਸੇਵਾਦਾਰਾਂ ਨੇ ਗੁਰੂ ਘਰ ਦੀ ਸੇਵਾ ਵਿੱਚ ਵੱਧ-ਚੜ੍ਹ ਕੇ ਹਿੱਸਾ ਲਿਆ।

ਬੁਲਾਰਿਆਂ ਨੇ ਕਿਹਾ ਕਿ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਸਾਨੂੰ ਸੱਚ, ਧੀਰਜ ਅਤੇ ਮਨੁੱਖਤਾ ਦੀ ਸੇਵਾ ਦਾ ਸੰਦੇਸ਼ ਦਿੰਦੀ ਹੈ। ਉਨ੍ਹਾਂ ਦੇ ਦਰਸਾਏ ਮਾਰਗ ’ਤੇ ਚੱਲਦਿਆਂ ਸਮਾਜ ਦੀ ਭਲਾਈ ਅਤੇ ਲੋੜਵੰਦਾਂ ਦੀ ਸੇਵਾ ਕਰਨਾ ਹੀ ਸੱਚੀ ਸ਼ਰਧਾਂਜਲੀ ਹੈ।

ਇਸ ਮੌਕੇ ਸੰਗਤਾਂ ਨੇ ਗੁਰੂ ਜੀ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਅਤੇ ਗੁਰੂ ਘਰ ਦੀਆਂ ਸੇਵਾਵਾਂ ਵਿੱਚ ਆਪਣਾ ਯੋਗਦਾਨ ਪਾਇਆ।

# ਗਤਕਾ ਫੈਡਰੇਸ਼ਨ ਆਫ ਇੰਡੀਆ ਵੱਲੋਂ ਲਗਾਇਆ ਜਾਵੇਗਾ ਗਤਕਾ ਨੈਸ਼ਨਲ ਰੀਫਰੈਸ਼ਰ ਕੋਰਸ ਕਮ ਟਰੇਨਿੰਗ ਕੈਂਪ

ਮਾਛੀਵਾੜਾ ਸਾਹਿਬ, 22 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਗੱਤਕਾ ਫੈਡਰੇਸ਼ਨ ਆਫ ਇੰਡੀਆ ਜੋ ਕਿ ਗੱਤਕੇ ਨੂੰ ਇਕ ਖੇਡ ਦੇ ਰੂਪ ਵਿੱਚ ਪੂਰੇ ਭਾਰਤ ਵਿੱਚ ਪ੍ਰਫੁੱਲਤ ਕਰਨ ਦੇ ਲਈ ਕੰਮ ਕਰ ਰਹੀ ਹੈ । ਇਸੇ ਲੜੀ ਤਹਿਤ ਫੈਡਰੇਸ਼ਨ ਦੁਆਰਾ ਸ਼ੇਰ-ਏ-ਕਸ਼ਮੀਰ ਇੰਡੋਰ ਸਟੇਡੀਅਮ, ਸ਼੍ਰੀਨਗਰ ਵਿਖੇ 21 ਤੋਂ 23 ਜੂਨ 2026 ਨੂੰ ਰਾਸ਼ਟਰ ਪੱਧਰੀ ਗੱਤਕਾ ਰਿਫਰੈਸ਼ਰ ਕੋਰਸ ਕਮ ਟਰੇਨਿੰਗ ਕੈਂਪ ਲਗਾਇਆ ਜਾ ਰਿਹਾ ਹੈ । ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਫੈਡਰੇਸ਼ਨ ਦੇ ਜਨਰਲ ਸਕੱਤਰ ਬਲਜਿੰਦਰ ਸਿੰਘ ਤੂਰ ਨੇ ਦੱਸਿਆ ਕਿ ਕਿਸੇ ਵੀ ਖੇਡ ਨੂੰ ਵਿਸ਼ਵ ਪੱਧਰ ਤੱਕ ਲੈ ਕੇ ਜਾਣ ਲਈ ਉਸਦੇ ਨਿਯਮਾਂ ਦਾ ਹੋਣਾ ਬਹੁਤ ਜਰੂਰੀ ਹੈ, ਗੱਤਕਾ ਇੱਕ ਨਵੀਂ ਖੇਡ ਹੈ ਅਤੇ ਜਿਵੇਂ-ਜਿਵੇਂ ਇਹ ਖੇਡ ਅੱਗੇ ਵਧਦੀ ਜਾ ਰਹੀ ਹੈ।



ਇਸ ਖੇਡ ਵਿੱਚ ਨਵੀਆਂ ਸੰਭਾਵਨਾਵਾਂ ਉਭਰ ਕੇ ਸਾਹਮਣੇ ਆ ਰਹੀਆਂ ਹਨ, ਇਸੇ ਲਈ ਇਸ ਖੇਡ ਦੇ ਨਿਯਮਾਂ ਵਿੱਚ ਸਮੇਂ-ਸਮੇਂ ਤੇ ਸੋਧਾਂ ਕੀਤੀਆਂ ਜਾ ਰਹੀਆਂ ਹਨ। ਬਲਜਿੰਦਰ ਸਿੰਘ ਤੂਰ ਨੇ ਦੱਸਿਆ ਕਿ ਪਿਛਲੇ ਦਿਨੀ ਗੱਤਕਾ ਫੈਡਰੇਸ਼ਨ ਆਫ ਇੰਡੀਆ ਵੱਲੋਂ ਛਾਪੀ ਗੱਤਕਾ ਰੂਲ ਬੁੱਕ ਵਿੱਚ ਵੱਡੇ ਪੱਧਰ ਤੇ ਸੋਧਾਂ ਕੀਤੀਆਂ ਗਈਆਂ ਸਨ, ਜਿਸ ਦੀ ਜਾਣਕਾਰੀ ਦੇਣ ਲਈ ਇਹ ਤਿੰਨ ਰੋਜ਼ਾ ਗੱਤਕਾ ਰਿਫਰੈਸ਼ਰ ਕੋਰਸ ਕਮ ਟਰੇਨਿੰਗ ਕੈਂਪ ਲਗਾਇਆ ਜਾ ਰਿਹਾ ਹੈ ਜਿਸ ਵਿੱਚ ਭਾਰਤ ਦੇ 16 ਰਾਜਾਂ ਤੋਂ 113 ਕੋਚ ਅਤੇ ਰੈਫਰੀ ਇਸ ਵਿੱਚ ਭਾਗ ਲੈਣ ਆ ਰਹੇ ਹਨ। ਜਿਸ ਦੌਰਾਨ ਉਹਨਾਂ ਨੂੰ ਇਹਨਾਂ ਨਵੇਂ ਨਿਯਮਾਂ ਦੀ ਜਾਣਕਾਰੀ ਦਿੱਤੀ ਜਾਵੇਗੀ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਉਹ ਨਿਰਪੱਖ ਅਤੇ ਸੁਚੱਜੇ ਢੰਗ ਦੇ ਨਾਲ ਰੈਫਰੀਸ਼ਿਪ ਕਰ ਸਕਣ।

ਇਸ ਕੈਂਪ ਨੂੰ ਜੰਮੂ ਅਤੇ ਕਸ਼ਮੀਰ ਗੱਤਕਾ ਐਸੋਸੀਏਸ਼ਨ ਵੱਲੋਂ ਹੋਸਟ ਕੀਤਾ ਜਾ ਰਿਹਾ ਹੈ। ਆਉਣ ਵਾਲੇ ਸਾਰੇ ਹੀ ਕੋਚ ਅਤੇ ਰੈਫਰੀਆਂ ਦੇ ਰਹਿਣ ਅਤੇ ਖਾਣ ਪੀਣ ਦਾ ਸੁਚੱਜਾ ਪ੍ਰਬੰਧ ਕੀਤਾ ਜਾਵੇਗਾ। ਇਸ ਮੌਕੇ ਉਨਾਂ ਨੇ ਫੈਡਰੇਸ਼ਨ ਦੇ ਪ੍ਰਧਾਨ ਡਾ. ਰਜਿੰਦਰ ਸਿੰਘ ਸੋਹਲ ਦਾ ਵੀ ਧੰਨਵਾਦ ਕੀਤਾ , ਜਿਨ੍ਹਾਂ ਦੀ ਸਰਪਰਸਤੀ ਹੇਠ ਗੱਤਕਾ ਖੇਡ ਨਵੀਆਂ ਬੁਲੰਦੀਆਂ ਨੂੰ ਛੋਹ ਰਹੀ ਹੈ ।

# ਘੱਗਰ ਦਰਿਆ ਅਤੇ ਡਰੇਨਾਂ ਦੀ ਤੁਰੰਤ ਸਫਾਈ ਕਰਵਾਏ ਪੰਜਾਬ ਸਰਕਾਰ - ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ)



**ਸੰਗਰੂਰ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਡਿਪਟੀ ਕਮਿਸ਼ਨਰ ਸੰਗਰੂਰ ਨੂੰ ਇੱਕ ਮੰਗ ਪੱਤਰ ਸੌਂਪ ਕੇ ਘੱਗਰ ਦਰਿਆ, ਡਰੇਨਾਂ ਅਤੇ ਹੋਰ ਬਰਸਾਤੀ ਨਾਲਿਆਂ ਦੀ ਤੁਰੰਤ ਸਫਾਈ ਕਰਵਾਉਣ ਦੀ ਮੰਗ ਕੀਤੀ ਗਈ। ਪਾਰਟੀ ਨੇ ਚੇਤਾਵਨੀ ਦਿੱਤੀ ਕਿ ਹਰ ਸਾਲ ਬਰਸਾਤ ਦੇ ਮੌਸਮ ਦੌਰਾਨ ਘੱਗਰ ਦਰਿਆ ਅਤੇ ਡਰੇਨਾਂ ਦੇ ਓਵਰਫਲੋ ਹੋਣ ਕਾਰਨ ਪੰਜਾਬ ਦੇ ਕਈ ਇਲਾਕਿਆਂ ਵਿੱਚ ਭਾਰੀ ਤਬਾਹੀ ਹੁੰਦੀ ਹੈ, ਜਿਸ ਨਾਲ ਕਿਸਾਨਾਂ ਦੀਆਂ ਫਸਲਾਂ, ਘਰ, ਦੁਕਾਨਾਂ, ਸੜਕਾਂ ਅਤੇ ਸਰਕਾਰੀ ਸੰਪਤੀ ਨੂੰ ਕਰੋੜਾਂ ਰੁਪਏ ਦਾ ਨੁਕਸਾਨ ਝੱਲਣਾ ਪੈਂਦਾ ਹੈ।

ਪਾਰਟੀ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਦਿੱਤੇ ਮੰਗ ਪੱਤਰ ਵਿੱਚ ਪ੍ਰਸ਼ਾਸਨ ਤੋਂ ਮੰਗ ਕੀਤੀ ਗਈ ਕਿ ਘੱਗਰ ਦਰਿਆ, ਵੱਡੀਆਂ ਅਤੇ ਛੋਟੀਆਂ ਡਰੇਨਾਂ ਦੀ ਮੌਜੂਦਾ ਸਥਿਤੀ, ਸਫਾਈ ਲਈ ਕੀਤੇ ਗਏ ਕੰਮ, ਖਰਚ ਕੀਤੀ ਗਈ ਰਕਮ ਅਤੇ ਕੰਮ ਕਰਨ ਵਾਲੇ ਠੇਕੇਦਾਰਾਂ ਦੀ ਪੂਰੀ ਜਾਣਕਾਰੀ ਜਨਤਕ ਕੀਤੀ ਜਾਵੇ।

ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸਵਾਲ ਉਠਾਇਆ ਕਿ ਜ਼ਿਲ੍ਹਾ ਸੰਗਰੂਰ ਅਤੇ ਹੋਰ ਪ੍ਰਭਾਵਿਤ ਖੇਤਰਾਂ ਵਿੱਚ ਘੱਗਰ ਦਰਿਆ ਨਾਲ ਜੁੜੇ ਡਰੇਨਾਂ ਅਤੇ ਨਾਲਿਆਂ ਦੀ ਕਿੰਨੀ ਸਫਾਈ ਕੀਤੀ ਗਈ ਹੈ, ਕਿੱਥੇ-ਕਿੱਥੇ ਰੁਕਾਵਟਾਂ ਮੌਜੂਦ ਹਨ ਅਤੇ ਪਾਣੀ ਦੇ ਨਿਕਾਸ ਨੂੰ ਸੁਚਾਰੂ ਬਣਾਉਣ ਲਈ ਕਿਹੜੇ ਕਦਮ ਚੁੱਕੇ ਗਏ ਹਨ। ਪਾਰਟੀ ਨੇ ਇਹ ਵੀ ਮੰਗ ਕੀਤੀ ਕਿ ਪਿਛਲੇ ਸਾਲਾਂ ਵਿੱਚ ਆਏ ਹੜ੍ਹਾਂ ਦੌਰਾਨ ਹੋਏ ਨੁਕਸਾਨ ਅਤੇ ਇਸ ਵਾਰ ਉਸ ਦੀ ਰੋਕਥਾਮ ਲਈ ਕੀਤੀਆਂ ਤਿਆਰੀਆਂ ਬਾਰੇ ਵੀ ਲੋਕਾਂ ਨੂੰ ਜਾਣੂ ਕਰਵਾਇਆ ਜਾਵੇ।

ਮੰਗ ਪੱਤਰ ਵਿੱਚ ਹੜ੍ਹ ਪ੍ਰਬੰਧਨ, ਰਾਹਤ ਅਤੇ ਬਚਾਅ ਕਾਰਜਾਂ, ਲੋਕਾਂ ਦੀ ਸੁਰੱਖਿਆ, ਫਸਲਾਂ ਦੀ ਰੱਖਿਆ, ਪਿੰਡਾਂ ਅਤੇ ਸ਼ਹਿਰਾਂ ਵਿੱਚ ਪਾਣੀ ਨਿਕਾਸੀ ਪ੍ਰਬੰਧ, ਐਮਰਜੈਂਸੀ ਟੀਮਾਂ ਦੀ ਤਾਇਨਾਤੀ ਅਤੇ ਨਿਗਰਾਨੀ ਪ੍ਰਣਾਲੀ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਮੰਗੀ ਗਈ ਹੈ। ਇਸ ਦੇ ਨਾਲ ਹੀ ਪ੍ਰਸ਼ਾਸਨ ਤੋਂ ਮੰਗ ਕੀਤੀ ਗਈ ਕਿ ਬਰਸਾਤੀ ਮੌਸਮ ਸ਼ੁਰੂ ਹੋਣ ਤੋਂ ਪਹਿਲਾਂ ਸਾਰੇ ਸੰਵੇਦਨਸ਼ੀਲ ਇਲਾਕਿਆਂ ਦਾ ਸਰਵੇ ਕਰਕੇ ਪੱਕੇ ਪ੍ਰਬੰਧ ਯਕੀਨੀ ਬਣਾਏ ਜਾਣ।

ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਕਿਹਾ ਕਿ ਜੇਕਰ ਸਮੇਂ ਸਿਰ ਘੱਗਰ ਦਰਿਆ ਅਤੇ ਡਰੇਨਾਂ ਦੀ ਸਫਾਈ ਨਾ ਕੀਤੀ ਗਈ ਤਾਂ ਬਰਸਾਤੀ ਮੌਸਮ ਦੌਰਾਨ ਵੱਡਾ ਨੁਕਸਾਨ ਹੋ ਸਕਦਾ ਹੈ, ਜਿਸ ਦੀ ਜ਼ਿੰਮੇਵਾਰੀ ਸਰਕਾਰ ਅਤੇ ਪ੍ਰਸ਼ਾਸਨ ਦੀ ਹੋਵੇਗੀ। ਪਾਰਟੀ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਕਿਸਾਨਾਂ, ਆਮ ਲੋਕਾਂ ਅਤੇ ਉਨ੍ਹਾਂ ਦੀ ਸੰਪਤੀ ਦੀ ਸੁਰੱਖਿਆ ਲਈ ਤੁਰੰਤ ਪ੍ਰਭਾਵਸ਼ਾਲੀ ਕਦਮ ਚੁੱਕੇ ਜਾਣ।

ਇਸ ਦੇ ਨਾਲ ਹੀ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਯੂਥ ਆਗੂ ਸਤਨਾਮ ਸਿੰਘ ਰੱਤੋਕੇ ਨੇ ਕਿਹਾ ਕਿ ਜੋ ਸੈਂਟਰ ਸਰਕਾਰ ਡੈਮਾਂ ਦਾ ਪਾਣੀ ਇੱਕ ਦਮ ਛੱਡ ਕੇ ਪੰਜਾਬ ਨੂੰ ਹਾੜਾ ਵੱਲ ਨੂੰ ਧੱਕ ਦਿੰਦੀ ਹੈ ਡੈਮਾਂ ਦਾ ਕੰਟਰੋਲ ਵੀ ਪੰਜਾਬ ਕੋਲ ਹੋਣਾ ਚਾਹੀਦਾ ਹੈ ਤਾਂ ਕਿ ਆਪਣੇ ਲੋਕਾਂ ਨੂੰ ਬਚਾਇਆ ਜਾ ਸਕੇ ਅੱਗੇ ਉਹਨਾਂ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਵੀ ਬੇਨਤੀ ਹੈ ਕਿ ਬਰਸਾਤ ਦੇ ਮੌਸਮ ਸ਼ੁਰੂ ਹੋ ਗਏ ਹਨ ਸਾਰੀਆਂ ਡਰੇਨਾਂ ਅਤੇ ਘੱਗਰ ਦੀ ਸਫਾਈ ਕੀਤੀ ਜਾਵੇ ਤਾਂ ਕਿ ਕਿਸਾਨਾਂ ਦੀਆਂ ਫਸਲਾਂ ਤੇ ਘਰ ਤੇ ਉਹਨਾਂ ਦੀ ਸਾਧਨ ਬਚਾਈ ਜਾ ਸਕਣ।

ਇਸ ਮੌਕੇ ਗੁਰਨੈਬ ਸਿੰਘ ਰਾਮਪੁਰਾ ਜਿਲਾ ਪ੍ਰਧਾਨ ਸੰਗਰੂਰ ,ਹਰਜੀਤ ਸਿੰਘ ਸਜੂਮਾ ਐਡਜੈਕਟਿਵ ਮੈਂਬਰ ਪੰਜਾਬ, ਕੁਲਵੰਤ ਸਿੰਘ ਲੱਡੀ ਜਿਲਾ ਜਨਰਲ ਸਕੱਤਰ, ਬੀਬੀ ਹਰਪਾਲ ਕੌਰ ਸੰਗਰੂਰ, ਮਹਿੰਦਰ ਸਿੰਘ ਵਾਲੀਆ ਮੂਨਕ, ਡਾਕਟਰ ਹਰਿੰਦਰ ਸਿੰਘ ਰੁਪਾਹੇੜੀ , ਸਿਮਰਨ ਸਿੰਘ ਕਾਂਝਲਾ ਆਦਿ ਪਾਰਟੀ ਵਰਕਰ ਹਾਜ਼ਰ ਸਨ।

# ਪੰਜਾਬ ਸਰਕਾਰ ਨੇ ਤਿੰਨ ਜ਼ਿਲ੍ਹਿਆਂ ਵਿੱਚ ਦਿਲ ਦੀ ਸਿਹਤ ਜਾਂਚ ਲਈ ਏ.ਆਈ.-ਅਧਾਰਤ ਉਪਕਰਨ ਸਥਾਪਤ ਕਰਨ ਵਾਸਤੇ ਸੀ.ਐਚ.ਆਰ.ਆਈ. ਨਾਲ ਭਾਈਵਾਲੀ ਕੀਤੀ

## ਸਿਹਤ ਵਿਭਾਗ ਵੱਲੋਂ ਡਾ. ਬਲਬੀਰ ਸਿੰਘ ਦੀ ਮੌਜੂਦਗੀ 'ਚ ਸਮਝੌਤਾ ਸਹੀਬੱਧ; ਜ਼ਮੀਨੀ ਪੱਧਰ 'ਤੇ ਅਤਿ-ਆਧੁਨਿਕ ਤਕਨਾਲੋਜੀ ਨਾਲ ਇਲਾਜ ਸੇਵਾਵਾਂ ਸੰਭਵ ਹੋਣਗੀਆਂ



**ਚੰਡੀਗੜ੍ਹ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਵਿੱਚ ਸਿਹਤ ਸੰਭਾਲ ਦੀ ਦਿਸ਼ਾ ਵਿੱਚ ਇੱਕ ਇਤਿਹਾਸਕ ਪਹਿਲ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪੰਜਾਬ ਦੇ ਜਨਤਕ ਸਿਹਤ ਢਾਂਚੇ 'ਚ ਸੁਧਾਰ ਅਤੇ ਇਸਦੀ ਮਜ਼ਬੂਤੀ ਲਈ ਸੈਂਟਰ ਫਾਰ ਹੈਲਥ ਰਿਸਰਚ ਐਂਡ ਇਨੋਵੇਸ਼ਨ (ਸੀਐਚਆਰਆਈ) ਨਾਲ ਮਹੱਤਵਪੂਰਨ ਸਮਝੌਤਾ (ਐਮ.ਓ.ਯੂ.) ਸਹੀਬੱਧ ਕੀਤਾ ਹੈ। ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੀ ਮੌਜੂਦਗੀ ਵਿੱਚ ਇਸ ਸਮਝੌਤੇ 'ਤੇ ਹਸਤਾਖਰ ਕੀਤੇ ਗਏ।

ਇਸ ਸਾਂਝੇਦਾਰੀ ਦਾ ਉਦੇਸ਼ ਅਤਿ-ਆਧੁਨਿਕ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ.) ਨੂੰ ਸਿੱਧੇ ਜ਼ਮੀਨੀ ਪੱਧਰ 'ਤੇ ਲਾਗੂ ਕਰਨਾ ਅਤੇ ਸਿਹਤ ਸੰਭਾਲ ਸੇਵਾਵਾਂ ਦੀ ਮਜ਼ਬੂਤੀ ਦੇ ਨਾਲ ਨਾਗਰਿਕਾਂ ਵਾਸਤੇ ਸਿਹਤ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣ ਵਿੱਚ ਨਵੀਨ ਤਕਨਾਲੋਜੀਆਂ ਦੀ ਪੜਚੋਲ ਕਰਨਾ ਹੈ।

ਇਸ ਪਾਇਲਟ ਪ੍ਰੋਜੈਕਟ ਤਹਿਤ ਪੰਜਾਬ ਤਿੰਨ ਜ਼ਿਲ੍ਹਿਆਂ - ਪਟਿਆਲਾ, ਐਸਏਐਸ ਨਗਰ (ਮੋਹਾਲੀ) ਅਤੇ ਫਤਿਹਗੜ੍ਹ ਸਾਹਿਬ - ਵਿੱਚ ਨਵੀਨ ਏਆਈ-ਅਧਾਰਤ ਤਕਨਾਲੋਜੀ ਉਪਕਰਨ ਸਥਾਪਤ ਕੀਤੇ ਜਾਣਗੇ, ਜੋ ਲੋਕਾਂ ਦੀ ਸਿਹਤ ਜਾਂਚ ਅਤੇ ਦਿਲ ਤੇ ਸਾਹ ਦੀਆਂ ਸਮੱਸਿਆਵਾਂ ਦਾ ਜਲਦ ਪਤਾ ਲਗਾਉਣ ਵਿੱਚ ਮਦਦ ਕਰਨਗੇ।

ਤਕਨਾਲੋਜੀ ਦਾ ਵੇਰਵਾ ਦਿੰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਸ ਪਹਿਲਕਦਮੀ ਤਹਿਤ ਉੱਨਤ ਏਆਈ-ਅਧਾਰਤ ਈਸੀਜੀ ਉਪਕਰਨ ਅਤੇ ਏਆਈ ਸਟੈਥੋਸਕੋਪ ਸਥਾਪਤ ਕੀਤੇ ਜਾਣਗੇ। ਇਸ ਵਿੱਚ ਸਨਫੌਕਸ ਸਪੈਂਡਨ ਈਸੀਜੀ ਉਪਕਰਣ ਸ਼ਾਮਲ ਹੈ ਜੋ ਤੇਜ਼ੀ ਨਾਲ ਦਿਲ ਦੀ ਸਿਹਤ ਜਾਂਚ ਕਰਦਾ ਹੈ ਅਤੇ ਉਨ੍ਹਾਂ ਵਿਅਕਤੀਆਂ ਖਾਸ ਕਰਕੇ ਦਿਲ ਦੀਆਂ ਗੰਭੀਰ ਸਮੱਸਿਆਵਾਂ ਵਾਲੇ ਮਰੀਜ਼ਾਂ ਦੀ ਪਛਾਣ ਕਰਨ ਵਿੱਚ ਮਦਦ ਕਰਦਾ ਹੈ, ਜਿਨ੍ਹਾਂ ਨੂੰ ਤੁਰੰਤ ਰੈਫਰਲ ਦੀ ਲੋੜ ਹੁੰਦੀ ਹੈ।

ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਏਆਈ-ਅਧਾਰਤ ਡਿਜੀਟਲ ਸਟੈਥੋਸਕੋਪ (ਏਆਈ ਸਟੈਥ) ਦੀ ਵਰਤੋਂ ਬੱਚਿਆਂ 'ਚ ਦਿਲ ਦੀਆਂ ਸਮੱਸਿਆਵਾਂ ਦੀ ਸਕ੍ਰੀਨਿੰਗ 'ਚ ਮਦਦ ਕਰੇਗੀ, ਜਿਸ ਨਾਲ ਇਲਾਜ ਦੀ ਲੋੜ ਵਾਲੇ ਬੱਚਿਆਂ ਨੂੰ ਅੱਗੇ ਸਬੰਧਤ ਡਾਕਟਰ ਕੋਲ ਸਮੇਂ ਸਿਰ ਰੈਫਰ ਕੀਤਾ ਜਾ ਸਕੇਗਾ।

ਇਨ੍ਹਾਂ ਏ.ਆਈ.-ਅਧਾਰਤ ਉਪਕਰਨਾਂ ਬਾਰੇ ਸਿਹਤ ਸੰਭਾਲ ਕਰਮਚਾਰੀਆਂ ਨੂੰ ਵਿਸ਼ੇਸ਼ ਸਿਖਲਾਈ ਦਿੱਤੀ ਜਾਵੇਗੀ, ਜੋ ਨਵੀਨ ਤਕਨਾਲੋਜੀ ਨੂੰ ਨਿਯਮਤ ਸੇਵਾ ਪ੍ਰਣਾਲੀ ਵਿੱਚ ਸਹਿਜ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਏਕੀਕ੍ਰਿਤ ਕਰਨਾ ਯਕੀਨੀ ਬਣਾਏਗਾ। ਇਹ ਭਾਈਵਾਲੀ ਭਵਿੱਚ 'ਚ ਪੰਜਾਬ ਦੇ ਸਮੁੱਚੇ ਸਿਹਤ ਢਾਂਚੇ ਵਿੱਚ ਏਆਈ-ਅਧਾਰਤ ਤਕਨਾਲੋਜੀਆਂ ਨੂੰ ਅਪਣਾਉਣ ਬਾਰੇ ਇੰਪਲੀਮੈਂਟੇਸ਼ਨ ਲਰਨਿੰਗ ਪ੍ਰਦਾਨ ਕਰਨ ਵਿੱਚ ਵੀ ਮਦਦ ਕਰੇਗੀ।

ਇਸ ਪ੍ਰੋਜੈਕਟ ਦੇ ਪ੍ਰਭਾਵ ਬਾਰੇ ਬੋਲਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਨ੍ਹਾਂ ਏ.ਆਈ. ਤਕਨਾਲੋਜੀ ਅਧਾਰਤ ਉਪਕਰਨਾਂ ਨੂੰ ਸਥਾਪਤ ਕਰਨ ਦਾ ਅਰਥ ਹੈ ਕਿ ਹੁਣ ਸਾਡੇ ਲੋਕਾਂ ਲਈ ਤੇਜ਼ੀ ਨਾਲ ਵਧੇਰੇ ਸਟੀਕ ਹੈਲਥ ਸਕ੍ਰੀਨਿੰਗ ਦੀ ਸੁਵਿਧਾ ਉਪਲੱਬਧ ਹੋਵੇਗੀ, ਜੋ ਦਿਲ ਦੀਆਂ ਗੰਭੀਰ ਸਮੱਸਿਆਵਾਂ ਦਾ ਜਲਦੀ ਪਤਾ ਲਗਾਉਣ ਦੇ ਯੋਗ ਹੋਵੇਗੀ। ਇਹ ਪਹਿਲਕਦਮੀ ਸਿਰਫ਼ ਉੱਨਤ ਉਪਕਰਨ ਸਥਾਪਤ ਕਰਨ ਬਾਰੇ ਨਹੀਂ ਹੈ; ਸਗੋਂ ਇਹ ਫਰੰਟਲਾਈਨ ਸਿਹਤ ਸੰਭਾਲ ਸਮਰੱਥਾ ਨੂੰ ਮਜ਼ਬੂਤ ਕਰਨ, ਰੈਫਰਲ ਪ੍ਰਕਿਰਿਆ ਨੂੰ ਬਿਹਤਰ ਬਣਾਉਣ ਅਤੇ ਰਾਜ ਭਰ ਵਿੱਚ ਭਵਿੱਖ ਲਈ ਤੱਥ-ਅਧਾਰਤ ਪ੍ਰਮਾਣ ਪੈਦਾ ਕਰਨ ਬਾਰੇ ਹੈ।

ਤਕਨੀਕੀ ਤੌਰ 'ਤੇ ਪੂਰੀ ਤਰ੍ਹਾਂ ਸਮਰੱਥ ਸਿਹਤ ਸੰਭਾਲ ਪ੍ਰਤੀ ਸਰਕਾਰ ਦੀ ਵਚਨਬੱਧਤਾ 'ਤੇ ਜ਼ੋਰ ਦਿੰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਤਕਨਾਲੋਜੀ ਸਾਡੀ ਸਿਹਤ ਸੰਭਾਲ ਦੇ ਢੰਗ-ਤਰੀਕਿਆਂ ਨੂੰ ਬਦਲ ਰਹੀ ਹੈ ਅਤੇ ਪੰਜਾਬ ਇਸ ਵਿੱਚ ਮੋਹਰੀ ਭੂਮਿਕਾ ਨਿਭਾ ਰਿਹਾ ਹੈ।

### ਸਿੱਖ ਯਾਤਰੀਆਂ ਦੀ ਸੁਰੱਖਿਆ ਯਕੀਨੀ ਬਣਾਉਣ 'ਚ ਉੱਤਰਾਖੰਡ ਪੁਲਿਸ ਅਸਫ਼ਲ

# ਉੱਤਰਾਖੰਡ ਸਰਕਾਰ ਸਿੱਖ ਯਾਤਰੀਆਂ ਦੀ ਸੁਰੱਖਿਆ ਯਕੀਨੀ ਬਣਾਏ: ਹਰਮੀਤ ਸਿੰਘ ਕਾਲਕਾ



**ਨਵੀਂ ਦਿੱਲੀ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਬੀਤੇ ਦਿਨੀਂ ਉਤਰਾਖੰਡ ਦੇ ਕਰਣਪ੍ਰਯਾਗ ਵਿੱਚ ਸ੍ਰੀ ਹੇਮਕੁੰਟ ਸਾਹਿਬ ਯਾਤਰਾ ਦੌਰਾਨ ਵਾਪਰੀ ਘਟਨਾ ਅਤੇ ਉਸ ਤੋਂ ਬਾਅਦ ਉੱਤਰਾਖੰਡ ਪੁਲਿਸ ਵੱਲੋਂ ਅਪਣਾਏ ਗਏ ਰਵੱਈਏ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਸਿੱਖ ਨੌਜਵਾਨਾਂ ਨੂੰ ਨਿਸ਼ਾਨਾ ਬਣਾਉਣਾ ਅਤੇ ਉਨ੍ਹਾਂ ਦੇ ਸਵੈ-ਰੱਖਿਆ ਦੇ ਅਧਿਕਾਰ ਨੂੰ ਅਪਰਾਧ ਵਜੋਂ ਪੇਸ਼ ਕਰਨਾ ਬਹੁਤ ਹੀ ਦੁਖਦਾਈ ਅਤੇ ਚਿੰਤਾਜਨਕ ਹੈ।

ਅੱਜ ਇਥੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਾਲਕਾ ਨੇ ਕਿਹਾ ਕਿ ਜਦੋਂ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਗੁਰਸਿੱਖ ਨੌਜਵਾਨਾਂ 'ਤੇ ਹਮਲਾ ਕੀਤਾ ਗਿਆ ਤਾਂ ਉਨ੍ਹਾਂ ਨੇ ਆਪਣੀ ਜਾਨ ਅਤੇ ਸਨਮਾਨ ਦੀ ਰੱਖਿਆ ਲਈ ਕਿਰਪਾਨ ਦੀ ਵਰਤੋਂ ਕੀਤੀ, ਜੋ ਹਰ ਅੰਮ੍ਰਿਤਧਾਰੀ ਸਿੱਖ ਦਾ ਸੰਵਿਧਾਨਕ ਅਤੇ ਧਾਰਮਿਕ ਅਧਿਕਾਰ ਹੈ। ਉਨ੍ਹਾਂ ਕਿਹਾ ਕਿ ਸਵੈ-ਰੱਖਿਆ ਅਤੇ ਹਮਲਾਵਰਤਾ ਵਿਚਕਾਰ ਫਰਕ ਸਮਝਣਾ ਪੁਲਿਸ ਪ੍ਰਸ਼ਾਸਨ ਦੀ ਜ਼ਿੰਮੇਂਵਾਰੀ ਹੁੰਦੀ ਹੈ, ਪਰ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਉੱਤਰਾਖੰਡ ਦੀ ਪੁਲਿਸ ਇਸ ਮਾਮਲੇ ਵਿੱਚ ਪੂਰੀ ਤਰ੍ਹਾਂ ਅਸਫ਼ਲ ਸਾਬਤ ਹੋਈ ਹੈ।

ਕਾਲਕਾ ਨੇ ਦੋਸ਼ ਲਾਇਆ ਕਿ ਗ੍ਰਿਫ਼ਤਾਰ ਕੀਤੇ ਗਏ ਸਿੱਖ ਨੌਜਵਾਨਾਂ ਨਾਲ ਪੁਲਿਸ ਵੱਲੋਂ ਤਸ਼ੱਦਦ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਹ ਮਾਮਲਾ ਸਿਰਫ਼ ਚਾਰ ਨੌਜਵਾਨਾਂ ਦਾ ਨਹੀਂ, ਸਗੋਂ ਦੇਸ਼ ਭਰ ਦੇ ਸਿੱਖ ਯਾਤਰੀਆਂ ਦੀ ਸੁਰੱਖਿਆ ਅਤੇ ਸਨਮਾਨ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ, ਰਾਜ ਦੇ ਡੀਜੀਪੀ ਅਤੇ ਰਾਜਪਾਲ ਨੂੰ ਪੱਤਰ ਲਿਖ ਕੇ ਨਿਰਪੱਖ ਜਾਂਚ ਦੀ ਮੰਗ ਕੀਤੀ ਗਈ ਹੈ, ਅਤੇ ਹੇਮਕੁੰਟ ਸਾਹਿਬ ਦੀ ਯਾਤਰਾ ਦੌਰਾਨ ਸਿੱਖ ਯਾਤਰੀਆਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਮੰਗ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇੱਕ ਉੱਚ ਪੱਧਰੀ ਵਫ਼ਦ ਜਲਦ ਹੀ ਉੱਤਰਾਖੰਡ ਦਾ ਦੌਰਾ ਕਰੇਗਾ ਅਤੇ ਹੇਮਕੁੰਟ ਸਾਹਿਬ ਟਰੱਸਟ ਦੇ ਅਹੁਦੇਦਾਰਾਂ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੁਲਾਕਾਤ ਕਰੇਗਾ।

ਕਾਲਕਾ ਨੇ ਕਿਹਾ ਕਿ ਜੇਕਰ ਪੁਲਿਸ ਅਤੇ ਪ੍ਰਸ਼ਾਸਨ ਖੁਦ ਪੱਖਪਾਤੀ ਰਵੱਈਆ ਅਪਣਾਉਣਗੇ ਤਾਂ ਸਮਾਜ ਵਿੱਚ ਨਫ਼ਰਤ ਅਤੇ ਬੇਭਰੋਸਗੀ ਦਾ ਮਾਹੌਲ ਪੈਦਾ ਹੋਵੇਗਾ, ਜਿਸ ਦਾ ਨੁਕਸਾਨ ਸੂਬੇ ਅਤੇ ਦੇਸ਼ ਦੋਵਾਂ ਨੂੰ ਝੱਲਣਾ ਪਵੇਗਾ। ਉਨ੍ਹਾਂ ਚੇਤਾਵਨੀ ਦਿੱਤੀ ਕਿ ਸਿੱਖ ਯਾਤਰੀਆਂ ਦੀ ਸੁਰੱਖਿਆ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਸਿਰਫ਼ ਧਾਰਮਿਕ ਆਸਥਾ ਦਾ ਪ੍ਰਤੀਕ ਨਹੀਂ, ਸਗੋਂ ਉੱਤਰਾਖੰਡ ਦੀ ਆਰਥਿਕਤਾ ਨਾਲ ਵੀ ਡੂੰਘੇ ਤੌਰ 'ਤੇ ਜੁੜੀ ਹੋਈ ਹੈ। ਉਨ੍ਹਾਂ ਕਿਹਾ ਕਿ ਹਰ ਸਾਲ ਲੱਖਾਂ ਸ਼ਰਧਾਲੂ ਉੱਥੇ ਜਾਂਦੇ ਹਨ, ਜਿਸ ਨਾਲ ਸਥਾਨਕ ਲੋਕਾਂ ਦੀ ਰੋਜ਼ੀ-ਰੋਟੀ ਅਤੇ ਸੂਬੇ ਦੇ ਸੈਰ-ਸਪਾਟਾ ਉਦਯੋਗ ਨੂੰ ਵੱਡਾ ਲਾਭ ਹੁੰਦਾ ਹੈ। ਉਨ੍ਹਾਂ ਕਿਹਾ ਕਿ ਇਸ ਲਈ ਉੱਤਰਾਖੰਡ ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਯਾਤਰੀਆਂ ਲਈ ਭੈਅ-ਮੁਕਤ ਅਤੇ ਸੁਰੱਖਿਅਤ ਮਾਹੌਲ ਯਕੀਨੀ ਬਣਾਇਆ ਜਾਵੇ।

ਸਰਦਾਰ ਕਾਲਕਾ ਨੇ ਕਿਹਾ ਕਿ ਕਿਰਪਾਨ ਕੋਈ ਹਥਿਆਰ ਨਹੀਂ, ਸਗੋਂ ਗੁਰੂ ਸਾਹਿਬ ਦੀ ਬਖ਼ਸ਼ਿਸ਼ ਅਤੇ ਸਿੱਖ ਦੀ ਪਹਿਚਾਣ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਸਿੱਖ ਨੂੰ ਆਪਣੇ ਧਾਰਮਿਕ ਚਿੰਨ੍ਹ ਧਾਰਨ ਕਰਨ ਤੋਂ ਰੋਕਣ ਦੀ ਕੋਸ਼ਿਸ਼ ਸੰਵਿਧਾਨਕ ਅਧਿਕਾਰਾਂ 'ਤੇ ਸਿੱਧਾ ਹਮਲਾ ਹੈ।

# ਯੂਨਾਇਟੇਡ ਨੇਸਨ ਵੱਲੋਂ ਐਚ ਆਈ ਵੀ ਏਡਜ਼ ਵਿਸੇ ਤੇ ਕਾਨਫਰੰਸ ਲਈ ਸੱਦਾ ਪੱਤਰ ਮਿਲਣਾ ਪਟਿਆਲਾ ਜ਼ਿਲ੍ਹੇ ਲਈ ਲਈ ਇੱਕ ਮਾਣ ਵਾਲਾ ਪਲ



**ਪਟਿਆਲਾ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਕ ਪ੍ਰਸਿੱਧ ਜ਼ਮੀਨੀ ਪੱਧਰ ਦੇ ਸਮਾਜਿਕ ਕਾਰਕੁਨ ਜਤਵਿੰਦਰ ਗਰੇਵਾਲ ਅਤੇ ਪੂਰੇ ਪਾਵਰ ਹਾਊਸ ਯੂਥ ਕਲੱਬ ਪਰਿਵਾਰ ਲਈ ਇੱਕ ਮਾਣ ਵਾਲਾ ਪਲ ਹੈ। ਸਮਾਜ ਭਲਾਈ ਅਤੇ ਭਾਈਚਾਰਕ ਵਿਕਾਸ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਨੂੰ ਮਾਨਤਾ ਦਿੰਦੇ ਹੋਏ, ਜਤਵਿੰਦਰ ਗਰੇਵਾਲ ਨੂੰ 22 ਜੂਨ 2026 ਤੋਂ 24 ਜੂਨ 2026 ਤੱਕ ਸੰਯੁਕਤ ਰਾਸ਼ਟਰ ਦੇ ਮੁੱਖ ਦਫਤਰ, ਨਿਊਯਾਰਕ, ਅਮਰੀਕਾ ਵਿਖੇ ਹੋਣ ਵਾਲੀ ਐਚਆਈਵੀ/ਏਡਜ਼ 'ਤੇ 2026 ਦੀ ਉੱਚ-ਪੱਧਰੀ ਮੀਟਿੰਗ ਵਿੱਚ ਹਿੱਸਾ ਲੈਣ ਲਈ ਵਿਸ਼ੇਸ਼ ਮਾਨਤਾ ਅਤੇ ਸੱਦਾ ਪ੍ਰਾਪਤ ਹੋਇਆ ਹੈ।

ਇਹ ਅੰਤਰਰਾਸ਼ਟਰੀ ਮਾਨਤਾ ਜਾਗਰੂਕਤਾ ਮੁਹਿੰਮਾਂ, ਯੁਵਾ ਸਸ਼ਕਤੀਕਰਨ ਪਹਿਲਕਦਮੀਆਂ, ਸਵੈ-ਇੱਛਤ ਖੂਨਦਾਨ, ਵਾਤਾਵਰਣ ਸੁਰੱਖਿਆ, ਮਾਹਵਾਰੀ ਸਿਹਤ ਜਾਗਰੂਕਤਾ, ਨਸ਼ਾ ਵਿਰੋਧੀ ਮੁਹਿੰਮਾਂ ਅਤੇ ਕਈ ਭਾਈਚਾਰਕ ਭਲਾਈ ਪ੍ਰੋਗਰਾਮਾਂ ਰਾਹੀਂ ਮਨੁੱਖਤਾ ਪ੍ਰਤੀ 35 ਸਾਲਾਂ ਤੋਂ ਵੱਧ ਸਮਰਪਿਤ ਸੇਵਾ ਨੂੰ ਉਜਾਗਰ ਕਰਦੀ ਹੈ। 1990 ਤੋਂ, ਪਾਵਰ ਹਾਊਸ ਯੂਥ ਕਲੱਬ ਜ਼ਮੀਨੀ ਪੱਧਰ 'ਤੇ ਸਮਾਜ ਦੀ ਸੇਵਾ ਕਰਨ ਲਈ ਵਚਨਬੱਧ ਰਿਹਾ ਹੈ।

ਭਾਰਤ ਸਰਕਾਰ ਦੇ ਯੁਵਾ ਮਾਮਲਿਆਂ ਅਤੇ ਖੇਡ ਮੰਤਰਾਲੇ ਅਤੇ ਪੰਜਾਬ ਸਰਕਾਰ ਦੇ ਯੁਵਾ ਸੇਵਾਵਾਂ ਵਿਭਾਗ ਨਾਲ ਜੁੜੇ ਇਸ ਕਲੱਬ ਨੇ ਪਿਛਲੇ ਸਾਢੇ ਤਿੰਨ ਦਹਾਕਿਆਂ ਦੌਰਾਨ 17,000 ਤੋਂ ਵੱਧ ਸਮਾਜਿਕ ਜਾਗਰੂਕਤਾ ਅਤੇ ਭਲਾਈ ਸਮਾਗਮਾਂ ਦਾ ਆਯੋਜਨ ਕੀਤਾ ਹੈ। ਇਸਦੇ ਜ਼ਿਆਦਾਤਰ ਮੈਂਬਰ ਸਵੈ-ਇੱਛਤ ਖੂਨਦਾਨੀਆਂ ਹਨ ਜੋ ਮਾਨਵਤਾਵਾਦੀ ਅਤੇ ਭਾਈਚਾਰਕ ਸੇਵਾ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਂਦੇ ਹਨ।

ਪ੍ਰਧਾਨ ਅਤੇ ਸਟੇਟ ਅਵਾਰਡੀ ਰੁਪਿੰਦਰ ਕੌਰ ਦੀ ਅਗਵਾਈ ਹੇਠ, ਕਲੱਬ ਨੇ ਮਾਹਵਾਰੀ ਸਫਾਈ ਅਤੇ ਔਰਤਾਂ ਦੀ ਸਿਹਤ ਜਾਗਰੂਕਤਾ ਮੁਹਿੰਮਾਂ ਨੂੰ ਸਫਲਤਾਪੂਰਵਕ ਚਲਾਇਆ ਹੈ, ਜਦੋਂ ਕਿ ਕਲੱਬ ਦੇ ਚੇਅਰਮੈਨ ਸਟੇਟ ਅਵਾਰਡੀ ਪਰਮਿੰਦਰ ਭਲਵਾਨ ਨੇ ਨੌਜਵਾਨਾਂ ਅਤੇ ਭਾਈਚਾਰਿਆਂ ਵਿੱਚ ਪ੍ਰਭਾਵਸ਼ਾਲੀ ਨਸ਼ਾ ਵਿਰੋਧੀ ਜਾਗਰੂਕਤਾ ਪਹਿਲਕਦਮੀਆਂ ਦੀ ਅਗਵਾਈ ਕੀਤੀ ਹੈ।

ਸੰਸਥਾ ਦੀ ਇੱਕ ਵਿਲੱਖਣ ਪ੍ਰਾਪਤੀ ਇਹ ਹੈ ਕਿ ਪਾਵਰ ਹਾਊਸ ਯੂਥ ਕਲੱਬ ਨੂੰ ਭਾਰਤ ਦੇ ਇੱਕੋ ਇੱਕ ਯੁਵਾ ਕਲੱਬ ਵਜੋਂ ਮਾਨਤਾ ਪ੍ਰਾਪਤ ਹੈ ਜਿਸਨੂੰ ਆਪਣੀਆਂ ਨਿਰੰਤਰ ਸਮਾਜਿਕ ਭਲਾਈ ਗਤੀਵਿਧੀਆਂ ਅਤੇ ਜ਼ਮੀਨੀ ਪੱਧਰ 'ਤੇ ਭਾਈਚਾਰਕ ਸੇਵਾ ਦੇ ਕਾਰਨ ਸੰਯੁਕਤ ਰਾਸ਼ਟਰ ਤੋਂ ਮਾਨਤਾ ਪ੍ਰਾਪਤ ਹੋਈ ਹੈ। ਸੰਯੁਕਤ ਰਾਸ਼ਟਰ ਹੈੱਡਕੁਆਰਟਰ ਵਿਖੇ ਐਚਆਈਵੀ/ਏਡਜ਼ 'ਤੇ 2026 ਦੀ ਉੱਚ-ਪੱਧਰੀ ਮੀਟਿੰਗ ਲਈ ਸੱਦਾ ਕਲੱਬ ਦੀ ਵਿਸ਼ਵਵਿਆਪੀ ਮਾਨਤਾ ਨੂੰ ਹੋਰ ਮਜ਼ਬੂਤ ??ਕਰਦਾ ਹੈ ਅਤੇ ਦਰਸਾਉਂਦਾ ਹੈ ਕਿ ਸਥਾਨਕ ਭਾਈਚਾਰਕ ਯਤਨ ਅੰਤਰਰਾਸ਼ਟਰੀ ਵਿਕਾਸ ਟੀਚਿਆਂ ਵਿੱਚ ਕਿਵੇਂ ਯੋਗਦਾਨ ਪਾ ਸਕਦੇ ਹਨ।

ਇਹ ਪ੍ਰਾਪਤੀ ਨਾ ਸਿਰਫ਼ ਜਤਵਿੰਦਰ ਗਰੇਵਾਲ ਅਤੇ ਪਾਵਰ ਹਾਊਸ ਯੂਥ ਕਲੱਬ ਲਈ, ਸਗੋਂ ਪੰਜਾਬ ਅਤੇ ਭਾਰਤ ਲਈ ਵੀ ਮਾਣ ਵਾਲੀ ਗੱਲ ਹੈ। ਇਹ ਹਜ਼ਾਰਾਂ ਵਲੰਟੀਅਰਾਂ ਦੇ ਸਮਰਪਣ ਨੂੰ ਦਰਸਾਉਂਦੀ ਹੈ ਜਿਨ੍ਹਾਂ ਨੇ ਪਿਛਲੇ 35 ਸਾਲਾਂ ਤੋਂ ਸਮਾਜ ਭਲਾਈ ਲਈ ਅਣਥੱਕ ਮਿਹਨਤ ਕੀਤੀ ਹੈ। ਸੰਯੁਕਤ ਰਾਸ਼ਟਰ ਦੁਆਰਾ ਮਾਨਤਾ ਦੇਸ਼ ਭਰ ਦੇ ਨੌਜਵਾਨਾਂ ਅਤੇ ਸਮਾਜਿਕ ਸੰਗਠਨਾਂ ਲਈ ਪ੍ਰੇਰਨਾ ਦਾ ਕੰਮ ਕਰਦੀ ਹੈ, ਇਹ ਸਾਬਤ ਕਰਦੀ ਹੈ ਕਿ ਨਿਰਸਵਾਰਥ ਸੇਵਾ, ਵਚਨਬੱਧਤਾ ਅਤੇ ਜ਼ਮੀਨੀ ਪੱਧਰ 'ਤੇ ਕਾਰਵਾਈ ਇੱਕ ਸਥਾਈ ਪ੍ਰਭਾਵ ਪੈਦਾ ਕਰ ਸਕਦੀ ਹੈ ਅਤੇ ਵਿਸ਼ਵ ਪੱਧਰ 'ਤੇ ਮਾਨਤਾ ਪ੍ਰਾਪਤ ਕਰ ਸਕਦੀ ਹੈ।

# ਮੌਜੂਦਾ ਸਮੇਂ ਵਿੱਚ ਪੰਜਾਬ ਦੇ ਆਰਥਿਕ ਅਤੇ ਸਿਆਸੀ ਹਾਲਾਤ ਬੇਹੱਦ ਚਿੰਤਾਜਨਕ : ਪਰਮਿੰਦਰ ਸਿੰਘ ਢੀਂਡਸਾ



**ਸੁਨਾਮ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਪੰਜਾਬ ਦੇ ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਪੰਜਾਬ ਦੇ ਮੌਜੂਦਾ ਸਿਆਸੀ ਅਤੇ ਆਰਥਿਕ ਹਾਲਾਤ ਨੂੰ ਲੈ ਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅੱਜ ਪੰਜਾਬ ਸਿਆਸੀ, ਆਰਥਿਕ ਅਤੇ ਸਮਾਜਿਕ ਹਰ ਮੋਰਚੇ 'ਤੇ ਪਛੜਦਾ ਜਾ ਰਿਹਾ ਹੈ, ਜੋਕਿ ਬੇਹੱਦ ਚਿੰਤਾ ਦਾ ਵਿਸ਼ਾ ਹੈ।

ਢੀਂਡਸਾ ਨੇ ਸੂਬੇ ਦੀ ਆਰਥਿਕ ਬਦਹਾਲੀ ਦੇ ਅੰਕੜੇ ਪੇਸ਼ ਕਰਦਿਆਂ ਚੇਤਾਵਨੀ ਦਿੱਤੀ ਕਿ ਪੰਜਾਬ ਸਿਰ ਇਸ ਸਮੇਂ ਲਗਭਗ ਪੌਣੇ ਪੰਜ ਲੱਖ ਕਰੋੜ ਰੁਪਏ ਦਾ ਕਰਜ਼ਾ ਖੜ੍ਹਾ ਹੈ ਅਤੇ ਹਾਲਾਤ ਇੰਨੇ ਖ਼ਰਾਬ ਹੋ ਚੁੱਕੇ ਹਨ ਕਿ ਅਗਲੇ ਸਾਲ ਤੱਕ ਸਰਕਾਰ ਨੂੰ ਸਿਰਫ਼ ਕਰਜ਼ੇ ਦੇ ਵਿਆਜ ਵਜੋਂ ਹੀ 25,000 ਕਰੋੜ ਰੁਪਏ ਅਦਾ ਕਰਨੇ ਪੈਣਗੇ।

ਢੀਂਡਸਾ ਨੇ ਕਿਹਾ ਕਿ ਜਦੋਂ ਤੱਕ ਪੰਜਾਬ ਦੇ ਅਸਲ ਮੁੱਦਿਆਂ ਅਤੇ ਲੋਕਾਂ ਦੀਆਂ ਭਾਵਨਾਵਾਂ ਨੂੰ ਸਰਕਾਰ ਤੱਕ ਜ਼ੋਰਦਾਰ ਢੰਗ ਨਾਲ ਨਹੀਂ ਪਹੁੰਚਾਇਆ ਜਾਵੇਗਾ, ਉਦੋਂ ਤੱਕ ਇਹ ਸਰਕਾਰ ਕੁੰਭਕਰਨੀ ਨੀਂਦ ਤੋਂ ਨਹੀਂ ਜਾਗੇਗੀ।

ਢੀਂਡਸਾ ਨੇ ਆਪ ਲੀਡਰਸ਼ਿਪ 'ਤੇ ਗ਼ੈਰ-ਸੰਜੀਦਗੀ ਦੇ ਦੋਸ਼ ਲਾਉਂਦਿਆਂ ਕਿਹਾ ਕਿ ਮੌਜੂਦਾ ਸਰਕਾਰ ਕੋਲ ਸੂਬੇ ਦੇ ਵਿਕਾਸ ਲਈ ਕੋਈ ਠੋਸ ਨੀਤੀ ਨਹੀਂ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਦਾ ਸਾਰਾ ਜ਼ੋਰ ਸਿਰਫ਼ ਝੂਠੇ ਪ੍ਰਚਾਰ ਅਤੇ ਪ੍ਰੋਪੇਗੰਡੇ 'ਤੇ ਲੱਗਿਆ ਹੋਇਆ ਹੈ ਅਤੇ ਅਸਲ ਮੁੱਦਿਆਂ ਤੋਂ ਲੋਕਾਂ ਦਾ ਧਿਆਨ ਭਟਕਾਉਣ ਲਈ ਜਨਤਾ ਦੀ ਖ਼ੂਨ-ਪਸੀਨੇ ਦੀ ਕਮਾਈ ਦੇ ਕਰੋੜਾਂ ਰੁਪਏ ਇਸ਼ਤਿਹਾਰਬਾਜ਼ੀ 'ਤੇ ਹੀ ਬਰਬਾਦ ਕੀਤੇ ਜਾ ਰਹੇ ਹਨ।

# ਇਲੈਕਟੋਰਲ ਰੋਲਸ ਦੇ ਸਪੈਸ਼ਲ ਇੰਟੈਂਸਿਵ ਰਿਵਿਜ਼ਨ ਪ੍ਰਤੀ ਜਾਗਰੂਕਤਾ ਵਧਾਉਣ ਹਿਤ 'ਐੱਸਆਈਆਰ ਵੈਨ' ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ



**ਚੰਡੀਗੜ੍ਹ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਇਲੈਕਟੋਰਲ ਰੋਲਸ ਦੇ ਚਲ ਰਹੇ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) ਦੇ ਸਬੰਧ ਵਿੱਚ ਜਨ-ਜਾਗਰੂਕਤਾ ਵਧਾਉਣ ਅਤੇ ਨਾਗਰਿਕਾਂ ਦੀ ਵੱਧ ਤੋਂ ਵੱਧ ਭਾਗੀਦਾਰੀ ਸੁਨਿਸ਼ਚਿਤ ਕਰਨ ਦੇ ਉਦੇਸ਼ ਨਾਲ ਡਿਪਟੀ ਕਮਿਸ਼ਨਰ-ਅਤੇ-ਜ਼ਿਲ੍ਹਾ ਚੋਣ ਅਫ਼ਸਰ, ਚੰਡੀਗੜ੍ਹ ਸ਼੍ਰੀ ਨਿਸ਼ਾਂਤ ਕੁਮਾਰ ਯਾਦਵ, ਆਈਏਐੱਸ ਨੇ ਅੱਜ ਚੰਡੀਗੜ੍ਹ ਸਕੱਤਰੇਤ, ਸੈਕਟਰ 9 ਤੋਂ ਇੱਕ ਐੱਸਆਈਆਰ ਜਨ ਜਾਗਰੂਕਤਾ ਵਾਹਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।

ਇਹ ਜਾਗਰੂਕਤਾ ਮੁਹਿੰਮ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) ਦੇ ਗਣਨਾ ਪੜਾਅ ਦੇ ਤਹਿਤ ਚਲਾਈ ਜਾ ਰਹੀ ਹੈ, ਜੋ 15 ਜੂਨ, 2026 ਤੋਂ ਸ਼ੁਰੂ ਹੋ ਕੇ 14 ਜੁਲਾਈ, 2026 ਤੱਕ ਜਾਰੀ ਰਹੇਗੀ।

ਇਹ ਜਨ ਜਾਗਰੂਕਤਾ ਵਾਹਨ ਚੰਡੀਗੜ੍ਹ ਦੇ ਵਿਭਿੰਨ ਸੈਕਟਰਾਂ ਅਤੇ ਜਨਤਕ ਸਥਾਨਾਂ ਦੀ ਯਾਤਰਾ ਕਰਕੇ ਇਲੈਕਟੋਰਲ ਰੋਲਸ ਰਿਵਿਜ਼ਨ ਪ੍ਰਕਿਰਿਆ ਦੀ ਜਾਣਕਾਰੀ ਨਾਗਰਿਕਾਂ ਤੱਕ ਪਹੁੰਚਾਏਗਾ ਅਤੇ ਪਾਤਰ ਨਾਗਰਿਕਾਂ ਨੂੰ ਆਪਣੇ ਚੋਣ ਸਬੰਧੀ ਵੇਰਵਿਆਂ ਦੀ ਤਸਦੀਕ ਕਰਨ ਅਤੇ ਅਪਡੇਟ ਕਰਵਾਉਣ ਲਈ ਪ੍ਰੇਰਿਤ ਕਰੇਗਾ।

ਜਾਗਰੂਕਤਾ ਮੁਹਿੰਮ ਦੇ ਤਹਿਤ ਜਨ-ਸਹਿਭਾਗਿਤਾ ਨੂੰ ਹੁਲਾਰਾ ਦੇਣ ਲਈ ਪ੍ਰੋਗਰਾਮ ਸਥਾਨ 'ਤੇ ਇੱਕ ਐੱਸਆਈਆਰ ਫੋਟੋ ਬੂਥ ਵੀ ਸਥਾਪਿਤ ਕੀਤਾ ਗਿਆ।

ਜ਼ਿਲ੍ਹਾ ਚੋਣ ਅਧਿਕਾਰੀ ਨੇ ਨਾਗਰਿਕਾਂ ਨੂੰ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) ਪ੍ਰਕਿਰਿਆ ਵਿੱਚ ਸਰਗਰਮ ਤੌਰ 'ਤੇ ਹਿੱਸਾ ਲੈਣ ਅਤੇ ਗਣਨਾ ਪੜਾਅ ਦੇ ਦੌਰਾਨ ਬੂਥ ਪੱਧਰੀ ਅਧਿਕਾਰੀਆਂ (ਬੀਐੱਲਓਜ਼/) ਨਾਲ ਸਹਿਯੋਗ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਨੇ ਕਿਹਾ ਕਿ ਸਾਰੇ ਪਾਤਰ ਨਾਗਰਿਕਾਂ ਦਾ ਨਾਮ ਇਲੈਕਟੋਰਲ ਰੋਲਸ ਵਿੱਚ ਸ਼ਾਮਲ ਕਰਨਾ, ਐਂਟਰੀਆਂ ਵਿੱਚ ਜ਼ਰੂਰੀ ਸੰਸ਼ੋਧਨ ਕਰਨਾ ਅਤੇ ਤਰੁਟੀਰਹਿਤ ਅਤੇ ਸਮਾਵੇਸ਼ੀ ਇਲੈਕਟੋਰਲ ਰੋਲਸ ਤਿਆਰ ਕਰਨਾ ਇੱਕ ਪਾਰਦਰਸ਼ੀ ਅਤੇ ਮਜ਼ਬੂਤ ਚੋਣ ਵਿਵਸਥਾ ਲਈ ਅਤਿਅੰਤ ਜ਼ਰੂਰੀ ਹੈ।

ਇਸ ਅਵਸਰ 'ਤੇ ਅਸਿਸਟੈਂਟ ਇਲੈਕਟੋਰਲ ਰਜਿਸਟ੍ਰੇਸ਼ਨ ਅਫ਼ਸਰ (ਏਈਆਰਓਜ਼) ਸ਼੍ਰੀ ਰਾਜੀਵ ਤਿਵਾਰੀ ਅਤੇ ਸ਼੍ਰੀ ਨਵੀਨ ਸਹਿਤ ਚੰਡੀਗੜ੍ਹ ਪ੍ਰਸ਼ਾਸਨ ਦੇ ਹੋਰ ਅਧਿਕਾਰੀ ਵੀ ਉਪਸਥਿਤ ਰਹੇ।

# ਐਸ ਸੀ ਸਮਾਜ ਦੀਆ ਜਥੇਬੰਦੀਆ ਨੇ ਰਾਜਾ ਵੜਿੰਗ ਦਾ ਪੁਤਲਾ ਫੂਕਿਆ



**ਅੰਮ੍ਰਿਤਸਰ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਅੰਮ੍ਰਿਤਸਰ ਹਾਲ ਗੇਟ ਵਿਖੇ ਕਾਂਗਰਸ ਦੇ ਪ੍ਰਧਾਨ ਰਾਜਾ ਵੜਿੰਗ ਦੇ ਖਿਲਾਫ, ਸੰਤ ਸਿਪਾਹੀ ਸੋਸਾਇਟੀ ਲੁਧਿਆਣਾ, ਨੇ, ਸਮੂਹ ਐਸ ਸੀ ਸਮਾਜ ਦੀਆ ਜਥੇਬੰਦੀਆ ਨਾਲ ਮਿਲ ਕੇ, ਪੁਤਲਾ ਫੂਕਿਆ ਗਿਆ। ਦੱਸਣਯੋਗ ਇਹ ਹੈ, ਕਿ,ਐਸ , ਸੀ ਦੇ ਦੇ ਲੋਕਾਂ ਦਾ ਖਹਿਣਾ ਹੈ, ਕਿ ਰਾਜਾ ਵੜਿੰਗ ਨੇ, ਵਾਰ ਵਾਰ ਸਾਡੇ ਸਮਾਜ ਨੂੰ ਨੀਵਾਂ ਦਿਖਾਇਆ ਤੇ ਐਸ ਸੀ, ਕਮਿਸ਼ਨ ਦੇ ਅੱਗੇ ਪੇਸ਼ ਨਾ ਹੋ ਕੇ, ਸਿੱਧਾ ਨਹੀ ਅਸਿੱਧੇ ਤੌਰ ਤੇ ਹਮਲਾ ਕੀਤਾ,

ਇਸ ਮੌਕੇ ਭਾਈ ਦਵਿੰਦਰ ਸਿੰਘ ਨੇ ਐਸ, ਸੀ ਕਮਿਸ਼ਨ ਦੇ ਚੇਅਰਮੈਨ ਨੂੰ ਬੇਨਤੀ ਕਿ, ਰਾਜਾ ਵੜਿੰਗ ਖਿਲਾਫ ਗ੍ਰਿਫਤਾਰੀ ਵਾਰੰਟ ਜਾਰੀ ਕੀਤੇ ਜਾਣ।

ਇਸ ਰੋਸ਼ ਪ੍ਰਦਰਸ਼ਨ ਵਿੱਚ, ਪਾਰਟੀ ਬਾਜੀ ਤੋਂ ਉਪਰ ਉੱਠ ਕੇ, ਸਮਾਜ ਦੀ ਮਜ਼ਬੂਤੀ ਲਈ ਇਕ ਮਿੱਕ ਹੋ ਕੇ, ਭਾਈ ਦਵਿੰਦਰ ਸਿੰਘ ਦੀ ਅਗਵਾਈ ਵਿੱਚ ਸਾਰੇ ਸਮਾਜਿਕ ਜਥੇਬੰਦੀਆ, ਰਾਜਨੀਤਕ ਲੋਕਾਂ ਨੇ ਹਾਜ਼ਰੀ ਲਗਵਾਈ।

# ਸ਼ੰਭੂ ਰੇਲਵੇ ਟ੍ਰੈਕ ਧਮਾਕੇ ਦੇ ਮਾਮਲੇ ਵਿੱਚ ਇੱਕ ਵੱਡੀ ਸ.ਫਲਤਾ

**ਸ਼ੰਭੂ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਨਾਲ ਬਹੁ-ਏਜੰਸੀਆਂ ਦੇ ਤਾਲਮੇਲ ਅਤੇ ਡੂੰਘੀ ਖੁਫੀਆ ਜਾਣਕਾਰੀ ਇਕੱਠੀ ਕਰਨ ਅਤੇ ਅੰਤਰਰਾਸ਼ਟਰੀ ਜਾਣਕਾਰੀ ਸਾਂਝੀ ਕਰਨ ਰਾਹੀਂ, ਰਾਇਲ ਮਲੇਸ਼ੀਆ ਪੁਲਿਸ (ਆਰਐਮਪੀ) ਨਾਲ ਮਿਲ ਕੇ ਮਲੇਸ਼ੀਆ ਤੋਂ ਦੋ ਭਾਰਤੀ ਨਾਗਰਿਕਾਂ ਨੂੰ ਸਫਲਤਾਪੂਰਵਕ ਹਵਾਲਗੀ ਦਿੱਤੀ।

ਇਸ ਤੋਂ ਪਹਿਲਾਂ ਇਸ ਮਾਮਲੇ ਵਿੱਚ ਪੰਜਾਬ ਪੁਲਿਸ ਨੇ 27-4-2026 ਨੂੰ ਸ਼ੰਭੂ ਨੇੜੇ ਰੇਲਵੇ ਟਰੈਕ 'ਤੇ ਹੋਏ ਧਮਾਕੇ ਦੀ ਕੋਸ਼ਿਸ਼ ਦੇ ਪਿੱਛੇ ਇੱਕ ਆਈਐਸਆਈ-ਸਮਰਥਿਤ ਖਾਲਿਸਤਾਨੀ ਪੱਖੀ ਮਾਡਿਊਲ ਦਾ ਪਰਦਾਫਾਸ਼ ਕੀਤਾ ਸੀ, ਜਿਸਦਾ 12 ਘੰਟਿਆਂ ਦੇ ਅੰਦਰ-ਅੰਦਰ ਪਰਦਾਫਾਸ਼ ਕਰ ਦਿੱਤਾ ਗਿਆ ਸੀ, ਜਿਸਦੇ ਵਿਦੇਸ਼ੀ ਹੈਂਡਲਰਾਂ ਨਾਲ ਸਬੰਧ ਸਨ ਅਤੇ ਜਨਤਕ ਬੁਨਿਆਦੀ ਢਾਂਚੇ 'ਤੇ ਹੋਰ ਹਮਲਿਆਂ ਦੀਆਂ ਯੋਜਨਾਵਾਂ ਸਨ।

ਖਾਲਿਸਤਾਨੀ ਪੱਖੀ ਨੈੱਟਵਰਕ ਦੇ ਚਾਰ ਮੈਂਬਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ, ਅਤੇ ਪਟਿਆਲਾ ਪੁਲਿਸ ਵੱਲੋਂ ਇੱਕ ਹੈਂਡ ਗ੍ਰਨੇਡ ਅਤੇ ਦੋ ਪਿਸਤੌਲ (.30 ਬੋਰ ਅਤੇ .32 ਬੋਰ) ਸਮੇਤ ਗੋਲਾ ਬਾਰੂਦ ਅਤੇ ਸੰਚਾਰ ਯੰਤਰ ਬਰਾਮਦ ਕੀਤੇ ਗਏ ਸਨ।

27 ਅਪ੍ਰੈਲ, 2026 ਨੂੰ ਜ਼ਿਲ੍ਹਾ ਪਟਿਆਲਾ ਦੇ ਸ਼ੰਭੂ ਵਿਖੇ ਰੇਲਵੇ ਟਰੈਕ 'ਤੇ ਹੋਏ 954 ਧਮਾਕੇ ਦੀ ਕੋਸ਼ਿਸ਼ ਦੀ ਹੋਰ ਜਾਂਚ ਜਾਰੀ ਰੱਖਦੇ ਹੋਏ, ਪਟਿਆਲਾ ਪੁਲਿਸ ਅਤੇ SSOC ਅੰਮ੍ਰਿਤਸਰ ਨੇ ਇੱਕ ਸਾਂਝੇ ਆਪ੍ਰੇਸ਼ਨ ਵਿੱਚ, ਜ਼ਿਲ੍ਹਾ ਤਰਨਤਾਰਨ ਦੇ ਪਿੰਡ ਪੰਜਵੜ ਖੁਰਦ ਤੋਂ 01 ਰਾਕੇਟ ਪ੍ਰੋਪੇਲਡ ਗ੍ਰੇਨੇਡ (RPG) ਲਾਂਚਰ, 2.296 ਕਿਲੋਗ੍ਰਾਮ ਵਜ਼ਨ ਵਾਲਾ 01 ਧਾਤੂ 954, ਡੈਟੋਨੇਟਰ ਅਤੇ ਬੈਟਰੀ ਸਮੇਤ, 1.456 ਕਿਲੋਗ੍ਰਾਮ ਵਜ਼ਨ ਵਾਲਾ RDX ਦੇ 02 ਪੈਕੇਟ, 01 ਹੈਂਡ ਗ੍ਰਨੇਡ, ਮੈਗਜ਼ੀਨਾਂ ਅਤੇ ਗੋਲਾ ਬਾਰੂਦ ਸਮੇਤ 03 ਉੱਚ-ਅੰਤ ਵਾਲੇ ਪਿਸਤੌਲ, ਅਤੇ ਹੈੱਡਫੋਨ ਵਾਲੇ 02 ਵਾਇਰਲੈੱਸ ਸੈੱਟ ਬਰਾਮਦ ਕੀਤੇ।

ਜਾਂਚ ਤੋਂ ਪਤਾ ਚੱਲਿਆ ਹੈ ਕਿ ਇਸ ਅੱਤਵਾਦੀ ਮਾਡਿਊਲ ਨੂੰ #ਮਲੇਸ਼ੀਆ-ਅਧਾਰਤ ਇਕਾਈ ਦਾ ਸਮਰਥਨ ਪ੍ਰਾਪਤ ਸੀ, ਜਿਸਦੀ ਵਿੱਤੀ ਸਹਾਇਤਾ ਮਲੇਸ਼ੀਆ ਰਾਹੀਂ ਕੀਤੀ ਜਾ ਰਹੀ ਸੀ। ਮਾਣਯੋਗ ਰਾਇਲ ਮਲੇਸ਼ੀਆ ਪੁਲਿਸ ਦੀ ਮਦਦ ਅਤੇ ਕੇਂਦਰੀ ਏਜੰਸੀਆਂ ਦੁਆਰਾ ਪ੍ਰਦਾਨ ਕੀਤੀ ਗਈ ਸਹਾਇਤਾ ਨਾਲ, ਪੰਜਾਬ ਪੁਲਿਸ ਨੇ ਸ਼ੰਭੂ ਰੇਲਵੇ ਟਰੈਕ ਆਈਈਡੀ ਧਮਾਕੇ ਵਿੱਚ ਸ਼ਾਮਲ ਦੋ ਵਿਅਕਤੀਆਂ ਨੂੰ ਮਲੇਸ਼ੀਆ ਤੋਂ ਡਿਪੋਰਟ ਕਰਨ ਤੋਂ ਬਾਅਦ ਸਫਲਤਾਪੂਰਵਕ ਹਿਰਾਸਤ ਵਿੱਚ ਲੈ ਲਿਆ ਹੈ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਗੁਰਵਿੰਦਰ ਸਿੰਘ ਅਤੇ ਮਨਜੀਤ ਸਿੰਘ ਮਲੇਸ਼ੀਆ ਵਿੱਚ ਸਥਿਤ ਦੇਸ਼ ਵਿਰੋਧੀ ਤੱਤਾਂ ਨੂੰ ਵਿੱਤੀ ਅਤੇ ਲੌਜਿਸਟਿਕਲ ਮਦਦ ਪ੍ਰਦਾਨ ਕਰਨ ਵਾਲੇ ਸਰਗਰਮ ਕਾਰਕੁਨਾਂ ਵਜੋਂ ਕੰਮ ਕਰ ਰਹੇ ਸਨ ਜੋ ਪਾਬੰਦੀਸ਼ੁਦਾ ਅੱਤਵਾਦੀ ਸੰਗਠਨ ਖਾਲਿਸਤਾਨ ਜ਼ਿੰਦਾਬਾਦ ਫੋਰਸ 'ਕੇਜ਼ੈਡਐਫ' ਨਾਲ ਜੁੜੇ ਹੋਏ ਸਨ। ਇਹ ਪਾਬੰਦੀਸ਼ੁਦਾ ਸੰਗਠਨ ਪਾਕਿਸਤਾਨ ਦੀ ਗੁਪਤ ਸੇਵਾ ਏਜੰਸੀ ਆਈਐਸਆਈ ਦੇ ਇਸ਼ਾਰੇ 'ਤੇ ਸਰਹੱਦੀ ਰਾਜ ਪੰਜਾਬ ਵਿੱਚ ਅੱਤਵਾਦੀ ਗਤੀਵਿਧੀਆਂ ਨੂੰ ਅੰਜਾਮ ਦੇ ਰਿਹਾ ਹੈ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਵਿੱਚ ਪਟਿਆਲਾ ਦੇ ਮਨਜੀਤ ਸਿੰਘ ਅਤੇ ਅੰਬਾਲਾ ਦੇ ਗੁਰਵਿੰਦਰ ਸਿੰਘ ਸ਼ਾਮ ਲ ਹਨ। ਇਹ ਸਾਰੇ ਪੰਜਾਬ ਰਾਜ ਵਿੱਚ ਅੱਤਵਾਦੀ ਗਤੀਵਿਧੀਆਂ ਨੂੰ ਅੰਜਾਮ ਦੇਣ ਲਈ ਆਫਸ਼ੋਰ ਖਾਤਿਆਂ ਰਾਹੀਂ ਪੰਜਾਬ ਵਿੱਚ ਪਾਬੰਦੀਸ਼ੁਦਾ ਸੰਗਠਨ ਦੇ ਕਾਰਕੁਨਾਂ ਨੂੰ ਭਾਰੀ ਮਾਤਰਾ ਵਿੱਚ ਫੰਡ ਟ੍ਰਾਂਸਫਰ ਕਰਨ ਵਿੱਚ ਸ਼ਾਮਲ ਪਾਏ ਗਏ ਸਨ।

ਦੇਸ਼ ਨਿਕਾਲਾ ਦਿੱਤੇ ਗਏ ਕਾਰਕੁੰਨ ਪੰਜਾਬ ਸਥਿਤ ਪਾਬੰਦੀਸ਼ੁਦਾ ਸੰਗਠਨ ਦੇ ਕਾਰਕੁੰਨਾਂ ਨੂੰ ਵਿੱਤੀ ਫੰਡਿੰਗ ਵਿੱਚ ਸ਼ਾਮਲ ਸਨ ਜੋ 3 ਅੱਤਵਾਦੀ ਘਟਨਾਵਾਂ ਵਿੱਚ ਸ਼ਾਮਲ ਸਨ, ਜਿਨ੍ਹਾਂ ਵਿੱਚ ਫਤਿਹਗੜ੍ਹ ਸਾਹਿਬ ਦੇ ਸਰਹਿੰਦ ਵਿਖੇ ਰੇਲਵੇ ਟਰੈਕ ਧਮਾਕੇ, ਪਟਿਆਲਾ ਦੇ ਸ਼ੰਭੂ ਅਤੇ ਮੋਗਾ ਵਿੱਚ ਸੀਆਈਏ ਦੇ ਕੰਪਲੈਕਸ 'ਤੇ ਅੱਤਵਾਦੀ ਹਮਲਾ ਸ਼ਾਮਲ ਸੀ।

ਡਿਪੋਰਟ ਕੀਤੇ ਗਏ ਵਿਅਕਤੀ ਮਲੇਸ਼ੀਆ ਵਿੱਚ ਸਨ ਅਤੇ ਦੋਵਾਂ ਦੇਸ਼ਾਂ ਵਿਚਕਾਰ ਲੋੜੀਂਦੇ ਡੇਟਾ ਸਾਂਝੇ ਕਰਨ ਅਤੇ ਉਨ੍ਹਾਂ ਨੂੰ ਲੱਭਣ ਅਤੇ ਟਰੈਕ ਕਰਨ ਲਈ ਲੋੜੀਂਦੇ ਬਲੂ ਕਾਰਨਰ ਨੋਟਿਸ ਜਾਰੀ ਕਰਨ ਤੋਂ ਬਾਅਦ, ਰਾਇਲ ਮਲੇਸ਼ੀਆ ਫੋਰਸ ਨੇ ਉਨ੍ਹਾਂ ਨੂੰ ਗ੍ਰਿਫਤਾਰ ਕਰ ਲਿਆ ਅਤੇ ਉਨ੍ਹਾਂ ਨੂੰ ਵਾਪਸ ਭਾਰਤ ਭੇਜ ਦਿੱਤਾ ਅਤੇ ਉਨ੍ਹਾਂ ਨੂੰ ਪਟਿਆਲਾ ਪੁਲਿਸ ਦੀਆਂ ਟੀਮਾਂ ਨੇ ਆਈਜੀਆਈ ਹਵਾਈ ਅੱਡੇ, ਨਵੀਂ ਦਿੱਲੀ ਤੋਂ ਹਿਰਾਸਤ ਵਿੱਚ ਲੈ ਲਿਆ।

ਇਸ ਗ੍ਰਿਫ਼ਤਾਰੀ ਅਤੇ ਪਹਿਲਾਂ ਬਰਾਮਦਗੀਆਂ ਦੇ ਨਾਲ, #ਮੋਗਾ, ਸਰਹਿੰਦ ਅਤੇ ਸ਼ੰਭੂ ਵਿੱਚ ਤਿੰਨੋਂ ਅੱਤਵਾਦੀ ਘਟਨਾਵਾਂ ਨੂੰ ਸਫਲਤਾਪੂਰਵਕ ਹੱਲ ਕਰ ਲਿਆ ਗਿਆ ਹੈ।

ਪੰਜਾਬ ਪੁਲਿਸ ਸੂਬੇ ਭਰ ਵਿੱਚ ਅੱਤਵਾਦੀ ਨੈੱਟਵਰਕਾਂ ਨੂੰ ਖਤਮ ਕਰਨ ਅਤੇ ਸ਼ਾਂਤੀ, ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ।

# ਭਾਰਤ ਸਰਕਾਰ ਹੁਣ ਰਾਸ਼ਨ ਸਬਸਿਡੀ ਦੀ ਰਕਮ ਸਿੱਧੇ ਲਾਭਾਰਥੀਆਂ ਦੇ ਬੈਂਕ ਖਾਤਿਆਂ ਵਿੱਚ ਭੇਜਣ ਦੀ ਬਜਾਏ ਮੋਬਾਈਲ ਐਪਲੀਕੇਸ਼ਨ ਦੇ ਜ਼ਰੀਏ ਪ੍ਰਦਾਨ ਕਰੇਗੀ

**ਨਵੀਂ ਦਿੱਲੀ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਰੇ ਰਾਸ਼ਨ ਕਾਰਡ ਧਾਰਕਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਭਾਰਤ ਸਰਕਾਰ ਹੁਣ ਰਾਸ਼ਨ ਸਬਸਿਡੀ ਦੀ ਰਕਮ ਸਿੱਧੇ ਲਾਭਾਰਥੀਆਂ ਦੇ ਬੈਂਕ ਖਾਤਿਆਂ ਵਿੱਚ ਭੇਜਣ ਦੀ ਬਜਾਏ ਮੋਬਾਈਲ ਐਪਲੀਕੇਸ਼ਨ ਦੇ ਜ਼ਰੀਏ ਪ੍ਰਦਾਨ ਕਰੇਗੀ। ਇਸ ਉਦੇਸ਼ ਲਈ ਲਾਭਾਰਥੀਆਂ ਦੀ ਸਹਾਇਤਾ ਹਿਤ 03.06.2026 ਤੋਂ ਰੋਜ਼ਾਨਾ ਸਵੇਰੇ 8:00 ਵਜੇ ਤੋਂ ਸ਼ਾਮ 5:00 ਵਜੇ ਤੱਕ ਵਿਸ਼ੇਸ਼ ਕੈਂਪ ਆਯੋਜਿਤ ਕੀਤੇ ਜਾ ਰਹੇ ਹਨ।

ਇਹ ਕੈਂਪ ਵਿਕਾਸ ਨਗਰ (ਮੌਲੀ ਜੱਗਰਾਂ), ਮਲੋਆ, ਸੈਕਟਰ 25, ਰਾਮਲੀਲਾ ਗਰਾਊਂਡ ਬੁੜੈਲ, ਕਜਹੇੜੀ, ਹੱਲੋ ਮਾਜਰਾ, ਮਿਲਕ ਕਲੋਨੀ ਧਨਾਸ, ਡੱਡੂ ਮਾਜਰਾ, ਰਾਮ ਦਰਬਾਰ, ਬੁਟਰੇਲਾ, ਬਾਪੂ ਧਾਮ, ਸੈਕਟਰ 30, 40, 56 ਅਤੇ ਮਨੀ ਮਾਜਰਾ (ਰਿਮਟ/RIMT) ਸਕੂਲ ਦੇ ਪਾਸ) ਦੇ ਕਮਿਊਨਿਟੀ ਸੈਂਟਰਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ।

ਜਿਨ੍ਹਾਂ ਲਾਭਾਰਥੀਆਂ ਨੇ ਮੋਬਾਈਲ ਫੋਨ 'ਤੇ ਰਾਸ਼ਨ ਸਬਸਿਡੀ ਪ੍ਰਾਪਤ ਕਰਨ ਲਈ ਆਪਣੀ ਜਾਣਕਾਰੀ ਪਹਿਲਾਂ ਹੀ ਜਮ੍ਹਾਂ ਕਰਵਾ ਦਿੱਤੀ ਹੈ, ਲੇਕਿਨ ਅਜੇ ਤੱਕ ਆਪਣੇ ਮੋਬਾਈਲ ਫੋਨ ਵਿੱਚ ਐਪਲੀਕੇਸ਼ਨ ਡਾਊਨਲੋਡ ਨਹੀਂ ਕੀਤੀ ਹੈ, ਉਨ੍ਹਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੇ ਆਧਾਰ ਕਾਰਡ ਅਤੇ ਆਧਾਰ ਨਾਲ ਜੁੜੇ ਮੋਬਾਈਲ ਫੋਨ ਨਾਲ ਕੈਂਪ ਵਿੱਚ ਆ ਕੇ ਪ੍ਰਕਿਰਿਆ ਪੂਰੀ ਕਰਨ।

ਜਿਨ੍ਹਾਂ ਲਾਭਾਰਥੀਆਂ ਨੇ ਅਜੇ ਤੱਕ ਆਪਣੀ ਜਾਣਕਾਰੀ ਜਮ੍ਹਾਂ ਨਹੀਂ ਕਰਵਾਈ ਹੈ, ਉਹ ਵੀ ਕੈਂਪ ਵਿੱਚ ਆਪਣੇ ਆਧਾਰ ਕਾਰਡ ਅਤੇ ਆਧਾਰ ਨਾਲ ਜੁੜੇ ਮੋਬਾਈਲ ਫੋਨ ਨਾਲ ਕੈਂਪ ਵਿੱਚ ਆ ਕੇ ਜ਼ਰੂਰੀ ਫਾਰਮੈਲਿਟੀਆਂ ਪੂਰੀਆਂ ਕਰਨ।

ਚੰਡੀਗੜ੍ਹ ਵਿੱਚ 40,000 ਤੋਂ ਅਧਿਕ ਰਾਸ਼ਨ ਕਾਰਡ ਧਾਰਕ ਪਹਿਲਾਂ ਹੀ ਐਪਲੀਕੇਸ਼ਨ ਡਾਊਨਲੋਡ ਕਰ ਚੁੱਕੇ ਹਨ। ਲੇਕਿਨ ਅਜੇ ਵੀ, ਲਗਭਗ 25,000 ਲਾਭਾਰਥੀਆਂ, ਵਿਸ਼ੇਸ਼ ਕਰਕੇ ਮਲੋਆ, ਮੌਲੀ ਜੱਗਰਾਂ, ਮਨੀ ਮਾਜਰਾ, ਸੈਕਟਰ 25, ਬੁੜੈਲ, ਸੈਕਟਰ 55 ਅਤੇ 56, ਹੱਲੋ ਮਾਜਰਾ ਅਤੇ ਪਲਸੌਰਾ ਦੇ ਲਾਭਾਰਥੀਆਂ ਨੇ ਅਜੇ ਤੱਕ ਪ੍ਰਕਿਰਿਆ ਪੂਰੀ ਨਹੀਂ ਕੀਤੀ ਹੈ।

ਸਾਰੇ ਰਾਸ਼ਨ ਕਾਰਡ ਧਾਰਕਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਾਸ਼ਨ ਸਬਸਿਡੀ ਪ੍ਰਾਪਤ ਕਰਨ ਲਈ ਮੋਬਾਈਲ ਐਪਲੀਕੇਸ਼ਨ ਡਾਊਨਲੋਡ ਕਰਨਾ ਅਤੇ ਐਕਟੀਵੇਟ ਕਰਨਾ ਜ਼ਰੂਰੀ ਹੈ।

ਜਿਹੜੇ ਲਾਭਾਰਥੀ ਇਹ ਪ੍ਰਕਿਰਿਆ ਪੂਰੀ ਨਹੀਂ ਕਰਨਗੇ, ਉਨ੍ਹਾਂ ਨੂੰ ਰਾਸ਼ਨ ਸਬਸਿਡੀ ਦੀ ਰਕਮ ਮਿਲਣੀ ਬੰਦ ਹੋ ਸਕਦੀ ਹੈ। ਇਸ ਲਈ, ਬਾਕੀ ਸਾਰੇ ਲਾਭਾਰਥੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਜਲਦੀ ਤੋਂ ਜਲਦੀ ਕੈਂਪਾਂ ਵਿੱਚ ਆ ਕੇ ਇਹ ਪ੍ਰਕਿਰਿਆ ਪੂਰੀ ਕਰਨ।

ਜਿਨ੍ਹਾਂ ਲਾਭਾਰਥੀਆਂ ਨੇ ਆਪਣੀ ਜਾਣਕਾਰੀ ਪਹਿਲਾਂ ਹੀ ਜਮ੍ਹਾਂ ਕਰਵਾ ਦਿੱਤੀ ਹੈ, ਉਹ ਗੂਗਲ ਪਲੇ ਸਟੋਰ ਜਾਂ ਐਪਲ ਐਪ ਸਟੋਰ ਤੋਂ ਪੀਐੱਨਬੀ ਡਿਜੀਟਲ ਰੁਪੀ ਐਪਲੀਕੇਸ਼ਨ ਡਾਊਨਲੋਡ ਕਰਕੇ ਘਰ ਬੈਠੇ ਵੀ ਆਪਣੀ ਰਜਿਸਟ੍ਰੇਸ਼ਨ ਪੂਰੀ ਕਰ ਸਕਦੇ ਹਨ।

ਕਿਸੇ ਵੀ ਜਾਣਕਾਰੀ, ਸਹਾਇਤਾ ਜਾਂ ਮਾਰਗਦਰਸ਼ਨ ਲਈ, ਰਾਸ਼ਨ ਕਾਰਡ ਧਾਰਕ ਵਿਭਾਗ ਦੇ ਟੋਲ-ਫ੍ਰੀ ਹੈਲਪਲਾਇਨ ਨੰਬਰ 1800-180-2068 'ਤੇ ਸੰਪਰਕ ਕਰ ਸਕਦੇ ਹਨ।

*ਨਵੇਂ ਲੇਖਕਾਂ ਨੂੰ ਨਜ਼ਰ ਵਿਚ ਰੱਖਦੇ ਹੋਏ ਅਸੀਂ ਇਹ ਕਾਲਮ 'ਸੋਨ ਸੁਨਹਿਰੀ ਕਲਮਾਂ' ਸ਼ੁਰੂ ਕੀਤਾ ਹੈ। ਇਸ ਵਿਚ ਲੇਖਕ ਦੇ ਜੀਵਨ ਦੀ ਸੰਖੇਪ ਜਾਣਕਾਰੀ ਦੇ ਨਾਲ ਉਸ ਦੀਆਂ ਰਚਨਾਵਾਂ ਵੀ ਪਾਠਕਾਂ ਦੇ ਰੂਬਰੂ ਕੀਤੀਆਂ ਜਾਂਦੀਆਂ ਹਨ।*

## ਸੋਨ ਸੁਨਹਿਰੀ ਕਲਮਾਂ

# ਕਵਿਤਾਵਾਂ ਰਾਹੀਂ ਜਾਗਰੂਕ ਕਰਨ ਵਾਲੀ ਲੇਖਿਕਾ



ਸੁੱਖ ਘੁੰਮਣ
98777-10248

ਸੁੱਖ ਘੁੰਮਣ ਪੰਜਾਬੀ ਸਾਹਿਤ ਵਿਚ ਨਵੀਂ ਅਤੇ ਉੱਭਰਦੀ ਲੇਖਿਕਾ ਹੈ। ਜਿਸ ਨੇ ਕਵਿਤਾਵਾਂ, ਕਹਾਣੀਆਂ, ਰਾਹੀਂ ਨੌਜਵਾਨਾਂ ਨੂੰ ਨਸ਼ਿਆਂ ਅਤੇ ਭਰੂਣ ਹੱਤਿਆ ਵਰਗੀਆਂ ਸਮਾਜਿਕ ਅਲਾਮਤਾਂ ਤੋਂ ਬਚਣ ਦਾ ਸਨੇਹਾ ਦਿੱਤਾ। ਉਂਝ ਤਾਂ ਉਸ ਦਾ ਪੂਰਾ ਨਾਂ ਸੁੱਖਪ੍ਰੀਤ ਕੌਰ ਘੁੰਮਣ ਹੈ। ਉਸ ਦਾ ਜਨਮ 27 ਅਕਤੂਬਰ 1997 ਨੂੰ ਪਿਤਾ ਹਰਦੇਵ ਸਿੰਘ ਅਤੇ ਮਾਤਾ ਰਣਜੀਤ ਕੌਰ ਦੇ ਘਰ ਜ਼ਿਲ੍ਹਾ ਬਠਿੰਡਾ 'ਚ ਵਸਦੇ ਪਿੰਡ ਘੁੰਮਣ ਕਲਾਂ ਵਿਖੇ ਹੋਇਆ। ਸੁੱਖ ਨੇ ਦਸਵੀਂ ਦੀ ਪੜ੍ਹਾਈ ਪਿੰਡ ਪੂਹਲੀ ਕਲਾਂ ਦੇ ਸਕੂਲ ਤੋਂ ਕੀਤੀ ਅਤੇ ਬਾਰ੍ਹਵੀਂ ਐੱਸਐੱਸ ਮਾਨ ਗਰਲਜ਼ ਸਕੂਲ ਤੋਂ ਕੀਤੀ। ਸੁੱਖ ਘੁੰਮਣ ਅੱਜ ਕੱਲ੍ਹ ਪਿੰਡ ਪੂਹਲੀ ਕਲਾਂ ਜ਼ਿਲਾ ਬਠਿੰਡਾ ਵਿਖੇ ਰਹਿ ਰਹੀ ਹੈ। ਉਸ ਨੇ ਬੀਏ ਦੀ ਪੜ੍ਹਾਈ ਬਾਬਾ ਮੋਨੀ ਜੀ ਡਿਗਰੀ ਕਾਲਜ ਲਹਿਰਾ ਮੁਹੱਬਤ ਤੋਂ ਕੀਤੀ। ਸੁੱਖ ਹੁਣ ਐੱਮਏ ਪੰਜਾਬੀ ਦਿ ਰੋਇਲ ਕਾਲਜ ਬੋੜ੍ਹਾਵਾਲ (ਮਾਨਸਾ) ਤੋਂ ਕਰ ਰਹੀ ਹੈ। ਆਉ, ਸੁੱਖ ਘੁੰਮਣ ਦੀਆਂ ਰਚਨਾ ਦਾ ਅਨੰਦ ਮਾਣਦੇ ਹਾਂ।

• **ਹਰਮਨ ਸੂਫ਼ੀ ਲਹਿਰਾ**

### ਕਵਿਤਾ

## ਖੋ ਲਏ ਪੁੱਤ

ਘਰ ਵਾਰ ਸਭ ਨੇ,
ਵਿਕਾਤੇ ਚਿੱਟੇ ਨੇ।
ਮਾਪਿਆ ਦੇ ਸਿਰੋਂ,
ਖੋ ਲਏ ਪੁੱਤ ਨੇ।
ਨਸ਼ਿਆਂ ਨੇ ਖਾ ਲਈ,
ਜਵਾਨੀ ਤੇਰੀ ਪੁੱਤਰਾ।
ਸਰੀਰ ਕਰ ਦਿੱਤੇ,
ਥੋਥੇ ਚਿੱਟੇ ਨੇ।
ਕੈਸੀ ਖੇਡ ਏ ਬਣਾਈ,
ਰੱਬਾ ਲੋਕਾਂ ਨੇ।
ਕਈ ਰਿਸ਼ਤੇ ਨੇ,
ਮਾਰੇ ਚਿੱਟੇ ਨੇ।
ਚਾਰ ਦਿਨ ਖ਼ੁਸ਼ੀ ਪਿੱਛੇ,
ਨਸ਼ੇ ਕਾਰਨ !
ਜ਼ਿੰਦਗੀ 'ਚੋ ਹੱਥ ਧੋਂਦੇ ਦੇਖੇ ਮੈਂ।
ਨਸ਼ਿਆਂ ਦੀ ਲੱਤ ਪਿੱਛੇ,
ਬਾਪ ਦੀ ਕਮਾਈ ਪੁੱਤਾ
ਚਿੱਟੇ ਵਿੱਚ ਰੋਲ 'ਤੀ।

ਸਾਡਾ ਪਤਾ ਹੈ–
ਸੰਪਾਦਕ, ਪੰਜਾਬੀ ਜਾਗਰਣ, ਸੀ–120, ਫੋਕਲ ਪੁਆਇੰਟ ਐਕਸਟੈਸ਼ਨ, ਇੰਡਸਟਰੀਅਲ ਏਰੀਆ, ਜਲੰਧਰ।
editormail@punjabi.jagran.com

## ਕੁਝ ਕੰਮ ਦੀਆਂ ਗੱਲਾਂ

- ਮੌਤ ਦਾ ਡਰ ਸਭ ਤੋਂ ਭਿਆਨਕ ਡਰ ਮੰਨਿਆ ਜਾਂਦਾ ਹੈ, ਜਦੋਂ ਇਹ ਡਰ ਖ਼ਤਮ ਫਿਰ ਬਾਕੀ ਡਰ ਵੀ ਖ਼ਤਮ ਹੋ ਜਾਂਦੇ ਹਨ।
- ਸੋਚ ਬਦਲੇਗੀ ਤਾਂ ਕਰਮ ਬਦਲੇਗਾ, ਕਰਮ ਬਦਲੇਗਾ ਤਾਂ ਜ਼ਿੰਦਗੀ ਬਦਲੇਗੀ।
- ਜਦੋਂ ਸੁੱਖ-ਦੁੱਖ, ਹਾਨੀ- ਲਾਭ ,ਚੰਗਾ- ਬੁਰਾ, ਇੱਕੋ ਲੱਗਦਾ ਹੈ ਤਾਂ ਸੱਚ ਮੁੱਚ ਜ਼ਿੰਦਗੀ ਅਨੰਦਮਈ ਹੋ ਜਾਂਦੀ ਹੈ।
- ਤੁਸੀਂ ਜਿੰਨੀ ਮਿਹਨਤ ਅਤੇ ਵਿਸ਼ਵਾਸ ਨਾਲ ਕੰਮ ਕਰਾਂਗੇ ਫਲ ਵੀ ਓਨਾ ਹੀ ਬਿਹਤਰ ਅਤੇ ਮਿੱਠਾ ਹੋਵੇਗਾ।
- ਕੁਦਰਤ ਕੋਲ ਹਰ ਬੀਮਾਰੀ ਦਾ ਇਲਾਜ ਹੈ ਅਤੇ ਹਰ ਸਮੱਸਿਆ ਦਾ ਹੱਲ।
- ਜਿਵੇਂ ਸਾਗਰ ਲਹਿਰਾਂ ਤੋਂ ਬਿਨਾਂ ਨਹੀਂ ਹੁੰਦਾ ਜ਼ਿੰਦਗੀ ਵੀ ਸੁੱਖ ਦੁੱਖ ਤਕਲੀਫਾਂ ਆਦਿ ਤੋਂ ਬਿਨਾਂ ਨਹੀਂ ਹੁੰਦੀ।
- ਕੁਦਰਤ ਕੋਲ ਹਰ ਸਮੱਸਿਆ ਦਾ ਹੱਲ ਹੈ।



# ਸੱਭਿਅਕ ਬਣਨ ਦੀ ਕੋਸ਼ਿਸ਼

**ਦਵਿੰਦਰ ਕੌਰ**

ਅਸੀਂ ਸਭ ਜਾਣਦੇ ਹਾਂ ਅੱਜ ਦਾ ਯੁੱਗ ਵਿਗਿਆਨ ਦਾ ਯੁੱਗ ਹੈ ਅਤੇ ਯੁੱਗ ਬਦਲਣ ਨਾਲ ਜ਼ਮਾਨਾ ਵੀ ਬਦਲ ਗਿਆ ਹੈ। ਜੀਵਨ ਵਿਚ ਅਸੀਂ ਬਹੁਤ ਤਰੱਕੀਆਂ ਕਰ ਲਈਆਂ ਹਨ। ਨਵੀਆਂ-ਨਵੀਆਂ ਦਵਾਈਆਂ ਨਾਲ ਕਈ ਮਾਰੂ ਬਿਮਾਰੀਆਂ 'ਤੇ ਵੀ ਹੁਣ ਕਾਬੂ ਪੈ ਗਿਆ ਹੈ। ਅਨਪੜ੍ਹਤਾ ਵੀ ਘੱਟ ਹੁੰਦੀ ਜਾ ਰਹੀ ਹੈ। ਸਾਨੂੰ ਜੀਵਨ ਜਿਊਣ ਦੀ ਸੋਝੀ ਆ ਗਈ ਹੈ। ਹੁਣ ਜ਼ਮਾਨੇ ਦੇ ਨਾਲ ਰਲਣ ਲਈ ਅਸੀਂ ਸਾਰੇ ਯਤਨ ਕਰਦੇ ਹਾਂ। ਕੋਈ ਵੀ ਇਨਸਾਨ ਖ਼ੁਦ ਨੂੰ ਨੀਵਾਂ ਨਹੀਂ ਦਿਖਾਉਣਾ ਚਾਹੁੰਦਾ। ਇਸੇ ਦੌੜ ਵਿਚ ਜੀਵਨ ਦਾ ਹਰ ਪੱਖ ਬਦਲ ਗਿਆ।

### ਪਹਿਰਾਵਾ ਅਤੇ ਸੁੰਦਰਤਾ

ਖਾਣ-ਪੀਣ, ਬੋਲਣ, ਬੈਠਣ-ਉੱਠਣ, ਪਹਿਰਾਵਾ ਅਤੇ ਸੁੰਦਰਤਾ ਦੇ ਪੱਖ ਤੋਂ ਲੋਕਾਂ ਵਿਚ ਕਾਫ਼ੀ ਜਾਗਰੂਕਤਾ ਆਈ ਹੈ ਤੇ ਸਾਰੇ ਢੰਗ ਬਦਲ ਗਏ ਹਨ ਪਰ ਇਨ੍ਹਾਂ ਬਦਲਦੇ ਹੋਏ ਢੰਗਾਂ ਨੇ ਕਿਤੇ ਨਾ ਕਿਤੇ ਸਾਡੀ ਸਿਹਤ, ਸੁੰਦਰਤਾ ਅਤੇ ਸਰੀਰ ਨਾਲ ਕਾਫ਼ੀ ਖਿਲਵਾੜ ਕੀਤਾ ਹੈ। ਸਾਡੀਆਂ ਆਦਤਾਂ ਵਿਚ ਘੁਟਣ ਜਿਹੀ ਸਮਾ ਗਈ ਹੈ। ਜ਼ਿੰਦਗੀ ਜਿਊਣ ਦੇ ਢੰਗ ਵੀ ਨਿਯਮਿਤ ਅਤੇ ਸੀਮਿਤ ਜਿਹੇ ਹੋ ਗਏ ਹਨ। ਖੁੱਲ੍ਹ ਕੇ ਹੱਸਣ ਨੂੰ ਹੁਣ ਅਸੱਭਿਅਕ ਮੰਨਿਆ ਜਾਂਦਾ ਹੈ ਪਰ ਬਿਮਾਰੀਆਂ ਦੂਰ ਕਰਨ ਲਈ ਖੁੱਲ੍ਹਾ ਹਾਸਾ ਜਾਂ ਤਾਂ ਯੋਗਾ ਕਲਾਸਾਂ ਦੇ ਵਿਚ ਮਿਲਦਾ ਹੈ ਜਾਂ ਸਪੈਸ਼ਲ ਕਸਰਤ ਹੀ ਬਣ ਗਿਆ ਹੈ। ਪਿੰਡਾਂ ਦੇ ਮਾਹੌਲ 'ਤੇ ਵੀ ਸ਼ਹਿਰੀ ਰੰਗ ਚੜ੍ਹਦਾ ਜਾਂਦਾ ਹੈ ਅਤੇ ਆਪਣਾ ਦੇਸੀਪਨ ਖ਼ਤਮ ਹੁੰਦਾ ਜਾ ਰਿਹਾ ਹੈ। ਆਧੁਨਿਕ ਬਣਨਾ ਵੀ ਜ਼ਰੂਰੀ ਹੈ ਪਰ ਆਪਣੀ ਅਸਲੀਅਤ ਤੋਂ ਦੂਰ ਭੱਜਣਾ ਸਾਨੂੰ ਮਹਿੰਗਾ ਪੈਂਦਾ ਹੈ। ਜੀਵਨ ਜਾਚ ਵਿਚ ਬਹੁਤ ਕੁਝ ਬਦਲ ਚੁੱਕਾ ਹੈ ਜਿਸ ਨੇ ਹਰ ਆਦਮੀ ਦੀ ਸਿਹਤ, ਮਨ, ਦਿਮਾਗ਼, ਸਾਦਗੀ, ਭੋਲਾਪਨ ਅਤੇ ਕੁਦਰਤੀ ਸੁੰਦਰਤਾ ਨੂੰ ਪ੍ਰਭਾਵਿਤ ਕੀਤਾ ਹੈ।

### ਪੁਰਾਣੀਆਂ ਖ਼ੁਰਾਕਾਂ

ਪਹਿਲਾਂ ਲੋਕ ਦੇਸੀ ਖ਼ੁਰਾਕਾਂ ਖਾਂਦੇ ਸਨ। ਖਾਣ-ਪੀਣ ਦਾ ਸਮਾਂ ਵੀ ਸਹੀ ਅਤੇ ਬੱਝਵਾਂ ਹੁੰਦਾ ਸੀ। ਉਹ ਸੂਰਜ ਰਹਿੰਦਿਆਂ ਖਾਣਾ ਖਾ ਲੈਂਦੇ ਸਨ। ਹੋਰ ਵੀ ਸਾਰੇ ਭੋਜਨ ਪਦਾਰਥ ਘਰੇਲੂ ਅਤੇ ਪੌਸ਼ਟਿਕ ਹੁੰਦੇ ਸਨ। ਸਭ ਕੁਝ ਖਾ ਪੀ ਕੇ ਵੀ ਇੰਨੀਆਂ ਬਿਮਾਰੀਆਂ ਨਹੀਂ ਸਨ ਜਿੰਨੀਆਂ ਅੱਜ ਕੱਲ੍ਹ ਹਨ ਪਰ ਹੁਣ ਵੰਨ-ਸੁਵੰਨੇ ਮਸਾਲੇਦਾਰ ਅਤੇ ਚਟਪਟੇ ਭੋਜਨ ਅਤੇ ਜੰਕ-ਫ਼ੂਡ ਤੇ ਹੋਰ ਪੀਣ ਵਾਲੇ ਬਣਾਵਟੀ ਪਦਾਰਥ ਚੱਲ ਪਏ ਹਨ ਜੋ ਸਿੱਧੇ ਤੌਰ 'ਤੇ ਬਿਮਾਰੀਆਂ ਨੂੰ ਸੱਦਾ ਦੇਣਾ ਹੈ। ਦੁੱਧ-ਲੱਸੀ ਦੀ ਥਾਂ ਹੁਣ ਕੋਲਡਰਿੰਕ ਨੇ ਲੈ ਲਈ ਤੇ ਪੁਰਾਣੀਆਂ ਖ਼ੁਰਾਕਾਂ ਕਿਸੇ ਦੇ ਹਜ਼ਮ ਨਹੀਂ ਹੁੰਦੀਆਂ।

### ਖੁੱਲ੍ਹ ਕੇ ਵਿਚਾਰ ਪ੍ਰਗਟ ਕਰਨਾ

ਪਹਿਲਾਂ ਲੋਕ ਸਾਦਗੀ ਭਰਪੂਰ ਆਪਣੇ ਦਿਲ ਦੇ ਵਿਚਾਰ ਖੁੱਲ੍ਹ ਕੇ ਪ੍ਰਗਟ ਕਰਦੇ ਸਨ। ਕੁਝ ਕਹਿ ਲੈਂਦੇ ਸਨ ਤੇ ਕੁਝ ਸੁਣ ਲੈਂਦੇ ਸਨ ਪਰ ਹੁਣ ਅਸੀਂ ਸੱਭਿਅਕ ਬਣਨ ਦੀ ਕੋਸ਼ਿਸ਼ ਕਰਦੇ-ਕਰਦੇ ਵਿਚਾਰਾਂ ਅਤੇ ਹਾਵ-ਭਾਵ ਨੂੰ ਦਬਾ ਕੇ ਰਸਮੀ ਤੌਰ 'ਤੇ ਬੋਲਣ ਲੱਗ ਗਏ ਹਾਂ ਕਿ ਕਿਸੇ ਨੂੰ ਬੁਰਾ ਨਾ ਲੱਗੇ। ਜਿਸ ਨਾਲ ਅਸੀਂ ਮਾਨਸਿਕ ਤੌਰ 'ਤੇ ਬਿਮਾਰ ਹੁੰਦੇ ਜਾ ਰਹੇ ਹਾਂ ਅਤੇ ਵਿਚਾਰਾਂ ਦਾ ਤਾਣਾ-ਬਾਣਾ ਦਿਮਾਗ਼ ਦੇ ਅੰਦਰ ਹੀ ਉਲਝਿਆ ਰਹਿੰਦਾ ਹੈ ਜੋ ਸੁਭਾਅ ਨੂੰ ਚਿੜਚਿੜਾ ਬਣਾਉਂਦਾ ਹੈ।



### ਮਾਪਦੰਡ

ਬੋਲਣ-ਚੱਲਣ ਦੇ ਵਾਂਗ ਹੁਣ ਬੈਠਣਾ-ਉਠਣਾ ਵੀ ਸੱਭਿਅਕ ਰੂਪ ਦੇ ਮਾਪਦੰਡ ਮਾਪਦਾ ਰਹਿੰਦਾ ਹੈ। ਰਸਮੀ ਤੌਰ 'ਤੇ ਬੈਠਣਾ, ਉੱਠਣਾ ਜਾਂ ਤੁਰਨਾ ਵੀ ਸਾਡੇ ਸਰੀਰ 'ਤੇ ਕਾਫ਼ੀ ਪ੍ਰਭਾਵ ਪਾਉਂਦਾ ਹੈ। ਪਹਿਲਾਂ ਲੋਕ ਖੁੱਲ੍ਹ ਕੇ ਮਨਮਰਜ਼ੀ ਨਾਲ ਆਪਣੇ ਆਪ ਨੂੰ ਸੁਖਾਵਾਂ ਕਰ ਕੇ ਬਹਿੰਦੇ ਉੱਠਦੇ ਅਤੇ ਚਲਦੇ ਸਨ। ਹੁਣ ਜੋ ਤਬਦੀਲੀ ਆਈ ਹੈ ਉਸ ਅਨੁਸਾਰ ਲੋੜ ਤੋਂ ਵੱਧ ਰਸਮੀਪਨ ਸਰੀਰ ਨੂੰ ਤਕਲੀਫ਼ ਦਿੰਦਾ ਹੈ। ਅਸੀਂ ਇਸ ਚਿੰਤਾ ਵਿਚ ਹੀ ਰਹਿੰਦੇ ਹਾਂ ਕਿ ਵੇਖਣ ਵਾਲੇ ਨੂੰ ਕਿਵੇਂ ਲੱਗੇਗਾ।

### ਆਧੁਨਿਕ ਯੁੱਗ

ਪੁਰਾਣੇ ਸਮੇਂ ਅਤੇ ਆਧੁਨਿਕ ਯੁੱਗ ਦੇ ਪਹਿਰਾਵੇ ਵਿਚ ਹੁਣ ਬਹੁਤ ਫ਼ਰਕ ਆ ਗਿਆ ਹੈ। ਸਮੇਂ ਦੇ ਹਾਣੀ ਹੋਣ ਦੇ ਨਾਤੇ ਸਾਨੂੰ ਆਪਣਾ ਪਹਿਰਾਵਾ ਬਦਲਣਾ ਚਾਹੀਦਾ ਹੈ ਅਤੇ ਵਧੀਆ ਦਿੱਖ ਹੋਣੀ ਜ਼ਰੂਰੀ ਹੈ ਪਰ ਜੇਕਰ ਉਹ ਸਰੀਰ ਨੂੰ ਤਕਲੀਫ਼ ਜਾਂ ਘੁਟਣ ਦਿੰਦਾ ਹੈ ਤਾਂ ਅਸੀਂ ਅਜਿਹੇ ਅਣਸੁਖਾਵੇਂ ਪਹਿਰਾਵੇ ਤੋਂ ਪਰਹੇਜ਼ ਵੀ ਕਰ ਸਕਦੇ ਹਾਂ। ਜ਼ਿਆਦਾ ਘੁਟਵੇ ਜਾਂ ਅਣਸੁਖਾਵੇ ਕੱਪੜੇ ਸਾਡੇ ਸਰੀਰ ਦੇ ਨਾਲ-ਨਾਲ ਸਾਡੇ ਸੁਭਾਅ ਨੂੰ ਵੀ ਖ਼ਰਾਬ ਕਰਦੇ ਹਨ।

### ਬਣਾਵਟੀ ਸੁੰਦਰਤਾ

ਅੱਜ ਦੇ ਜ਼ਮਾਨੇ ਵਿਚ ਹਰ ਇਨਸਾਨ ਬਣਾਵਟੀ ਸੁੰਦਰਤਾ ਦੀ ਦੌੜ ਵਿਚ ਲੱਗਾ ਹੋਇਆ ਹੈ ਜਿਸ ਦੇ ਥੱਲੇ ਸਾਡਾ ਅਸਲੀ ਚਿਹਰਾ ਗੁੰਮ ਹੋ ਗਿਆ ਹੈ। ਅੱਜ ਦਾ ਯੁੱਗ ਫ਼ੈਸ਼ਨ ਦਾ ਯੁੱਗ ਹੈ। ਹਰ ਕੋਈ ਮਾਡਰਨ ਬਣ ਕੇ ਰਹਿਣਾ ਚਾਹੁੰਦਾ ਹੈ। ਕਈ ਵਾਰ ਸਾਦੇ ਬੰਦੇ ਨੂੰ ਜ਼ਮਾਨਾ ਪੱਛੜਿਆ ਹੋਇਆ ਵੀ ਸਮਝਦਾ ਹੈ। ਹਰ ਇਨਸਾਨ ਬਣਾਵਟੀ ਸੁੰਦਰਤਾ ਦੇ ਜਾਲ਼ ਵਿਚ ਫ਼ਸ ਕੇ ਮਜਬੂਰ ਹੋ ਚੁੱਕਾ ਹੈ। ਇਸ ਦਾ ਪ੍ਰਭਾਵ ਇਹ ਪੈਂਦਾ ਹੈ ਕਿ ਸੁੰਦਰਤਾ ਜਾਂ ਮੇਕਅੱਪ ਦੀਆਂ ਸਭ ਚੀਜ਼ਾਂ ਕਈ ਪ੍ਰਕਾਰ ਦੇ ਕਾਸਮੈਟਿਕਸ ਸਾਨੂੰ ਖ਼ੂਬਸੂਰਤ ਬਣਾ ਦਿੰਦੀਆਂ ਹਨ ਪਰ ਉਸ ਦਾ ਸਾਡੀ ਚਮੜੀ ਤੇ ਬੁਰਾ ਪ੍ਰਭਾਵ ਪੈਂਦਾ ਹੈ ਜਿਸ ਨਾਲ ਅਸੀਂ ਆਪਣੀ ਕੁਦਰਤੀ ਸੁੰਦਰਤਾ ਵੀ ਹੌਲੀ-ਹੌਲੀ ਗਵਾ ਬੈਠਦੇ ਹਾਂ ਅਤੇ ਸਾਡੇ ਚਿਹਰੇ ਮੁਰਝਾ ਜਾਂਦੇ ਹਨ। ਪੁਰਾਣੇ ਸਮਿਆਂ ਵਿਚ ਲੋਕਾਂ ਕੋਲ ਘਰੇਲੂ ਨੁਸਖ਼ੇ ਹੁੰਦੇ ਸਨ ਜਿਸ ਨਾਲ ਚਿਹਰੇ 'ਤੇ ਰੌਣਕ ਬਣੀ ਰਹਿੰਦੀ ਸੀ।

### ਅਜੋਕੀ ਪੀੜ੍ਹੀ

ਹੁਣ ਨੌਜਵਾਨ ਵਰਗ ਦਾ ਸਾਰਾ ਧਿਆਨ ਵਾਲਾਂ ਨੇ ਖਿਚਿਆ ਹੋਇਆ ਹੈ। ਤਰ੍ਹਾਂ-ਤਰ੍ਹਾਂ ਦੇ ਵਾਲਾਂ ਦੇ ਡਿਜ਼ਾਇਨ ਅਤੇ ਰੰਗ ਅਜੋਕੀ ਪੀੜ੍ਹੀ ਨੂੰ ਆਕਰਸ਼ਿਤ ਤਾਂ ਕਰਦੇ ਹਨ ਪਰ ਇਸ ਦੇ ਪ੍ਰਭਾਵ ਬਹੁਤ ਨੁਕਸਾਨਦਾਇਕ ਹਨ ਜੋ ਸਰੀਰਕ ਅਤੇ ਮਾਨਸਿਕ ਪੱਖ ਤੋਂ ਵਿਨਾਸ਼ ਕਰਦੇ ਹਨ। ਉਮਰ ਤੋਂ ਪਹਿਲਾਂ ਵਾਲ ਕਮਜ਼ੋਰ ਹੋ ਜਾਂਦੇ ਨੇ ਤੇ ਦਿਮਾਗ਼ ਵਾਲ ਸਵਾਰਨ ਵਿਚ ਲੱਗਿਆ ਹੋਣ ਕਾਰਨ ਬੰਦਾ ਆਪਣੇ ਕੰਮਾਂ ਵਿਚ ਧਿਆਨ ਨਹੀਂ ਦੇ ਸਕਦਾ। ਸੋ ਇਸ ਸਭ ਕੁਝ ਸੋਚਣ ਦੇ ਬਾਅਦ ਇਸ ਨਤੀਜੇ ਤੇ ਪਹੁੰਚਦੇ ਹਾਂ ਕਿ ਆਧੁਨਿਕਤਾ ਅਤੇ ਸ਼ੌਕੀਨੀ ਦੇ ਰੰਗ ਵਿਚ ਰੰਗੇ ਹੋਏ ਇਨਸਾਨ ਨੂੰ ਇਸ ਦੇ ਨਤੀਜਿਆ ਬਾਰੇ ਸੋਚ ਕੇ ਹੀ ਕਿਸੇ ਨਵੀਂ ਚੀਜ਼ ਨੂੰ ਅਪਣਾਉਣਾ ਚਾਹੀਦਾ ਹੈ। ਆਧੁਨਿਕ ਚੀਜ਼ਾ ਅਪਣਾਉਣੀਆਂ ਚਾਹੀਦੀਆਂ ਹਨ ਤਾਂ ਹੀ ਸਮੇਂ ਦਾ ਹਾਣੀ ਵੀ ਬਣਿਆ ਜਾ ਸਕਦਾ ਹੈ। ਇਸ ਦੇ ਨਾਲ ਹੀ ਆਪਣੇ ਆਪ ਨੂੰ ਵੀ ਸੰਭਾਲੀ ਰੱਖਣਾ ਜ਼ਰੂਰੀ ਹੈ ਕਿਉਂਕਿ ਕਿਸੇ ਵੀ ਚੀਜ਼ ਦੀ ਘਾਟ ਮਾੜੀ ਹੁੰਦੀ ਹੈ ਅਤੇ ਬਹੁਤਾਤ ਵੀ। ਸਾਨੂੰ ਪੁਰਾਤਨ ਵਿਰਸੇ ਦੀਆਂ ਚੀਜ਼ਾਂ ਨੂੰ ਨਾਲ ਲੈ ਕੇ ਚਲਦੇ ਹੋਏ ਆਧੁਨਿਕ ਸਮੇਂ ਵਿਚ ਸ਼ਾਮਿਲ ਹੋਣਾ ਚਾਹੀਦਾ ਹੈ ਅਤੇ ਦੇਸੀ ਚੀਜ਼ਾਂ ਦੀ ਵਰਤੋਂ ਕਰਦੇ ਸਮੇਂ ਸ਼ਰਮ ਨਹੀਂ ਮਹਿਸੂਸ ਕਰਨੀ ਚਾਹੀਦੀ। •

82838-32839



## ਪੱਤਰ ਹਰੇ ਕਚੂਰ

# ਬਹੁਪੱਖੀ ਸ਼ਖ਼ਸੀਅਤ



ਤਰਸੇਮ ਬੁੱਟਰ
81465-82152

ਤਰਸੇਮ ਬੁੱਟਰ ਬਹੁਪੱਖੀ ਸ਼ਖ਼ਸੀਅਤ ਦਾ ਨਾਂ ਹੈ। ਉਹ ਇਲਾਕੇ ਦਾ ਉੱਘਾ ਸਮਾਜ ਸੇਵਕ, ਖ਼ੂਨਦਾਨੀ, ਅਦਾਕਾਰ, ਰੇਡੀਓ ਅਨਾਊਂਸਰ, ਸਫਲ ਮੰਚ ਸੰਚਾਲਕ, ਲੇਖਕ ਤਾਂ ਹੈ ਹੀ ਇਸ ਦੇ ਨਾਲ-ਨਾਲ ਉਹ ਵਧੀਆ ਇਨਸਾਨ ਵੀ ਹੈ। ਬੁੱਟਰ ਕਿੱਤੇ ਵਜੋਂ ਸਰਕਾਰੀ ਅਧਿਆਪਕ ਤੇ ਐੱਫਐੱਮ ਰੇਡੀਓ ਬਠਿੰਡਾ 'ਤੇ ਬਤੌਰ ਅਨਾਊਂਸਰ ਕੰਮ ਵੀ ਕਰ ਰਿਹਾ ਹੈ। ਅਦਾਕਾਰੀ ਪੱਖੋਂ ਉਹ ਅਨੇਕਾਂ ਹੀ ਟੈਲੀ ਫ਼ਿਲਮਾਂ ਤੋਂ ਇਲਾਵਾ ਇਕ ਵੱਡੇ ਪਰਦੇ ਦੀ ਫਿਲਮ ਵੀ ਕਰ ਚੁੱਕਾ ਹੈ। ਤਰਸੇਮ ਆਪਣੇ ਪਿੰਡ ਦੇ ਮਾਲਵਾ ਵੈੱਲਫੇਅਰ ਕਲੱਬ ਦਾ ਜਨਰਲ ਸਕੱਤਰ ਹੈ, ਜਿਸ ਦੇ ਜ਼ਰੀਏ ਉਹ ਅਨੇਕਾਂ ਹੀ ਸਮਾਜ ਸੇਵੀ ਕੰਮਾਂ ਤੋਂ ਇਲਾਵਾ ਹੁਣ ਤਕ ਵੀਹ ਵਾਰ ਖ਼ੂਨਦਾਨ ਕਰ ਚੁੱਕਾ ਹੈ। ਬੁੱਟਰ ਇਲਾਕੇ ਦੀਆਂ ਨਾਮਵਰ ਸਾਹਿਤਕ ਸਭਾਵਾਂ ਦਾ ਸਰਗਰਮ ਕਾਰਕੁਨ ਅਤੇ ਅਹੁਦੇਦਾਰ ਹੋਣ ਕਰਕੇ ਉਸ ਨੂੰ ਮੰਚ ਸੰਚਾਲਕ ਦੀ ਭੂਮਿਕਾ ਨਿਭਾਉਂਦੇ ਆਮ ਵੇਖਿਆ ਜਾਂਦਾ ਹੈ। ਜੇਕਰ ਉਸ ਦੀ ਲੇਖਣੀ ਦੀ ਗੱਲ ਕਰੀਏ ਤਾਂ ਉਹ ਲਿਖਤਾਂ ਜ਼ਰੀਏ ਪੰਜਾਬੀ ਦੇ ਪ੍ਰਸਿੱਧ ਰਸਾਲਿਆਂ, ਮੈਗਜ਼ੀਨਾਂ, ਅਖ਼ਬਾਰਾਂ, ਰੇਡੀਓ, ਟੈਲੀਵਿਜ਼ਨ, ਸੋਸ਼ਲ ਮੀਡੀਆ ਆਦਿ 'ਤੇ ਆਪਣੀ ਭਰਵੀਂ ਹਾਜ਼ਰੀ ਲਵਾ ਰਿਹਾ ਹੈ। ਫ਼ਖ਼ਰ ਵਾਲੀ ਗੱਲ ਹੈ ਕਿ ਉਸ ਦੀਆਂ ਲਿਖਤਾਂ ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸਿਲੇਬਸ ਵਿਚ ਸ਼ਾਮਲ ਕੀਤਾ ਗਿਆ ਹੈ। ਮਾਣਦੇ ਹਾਂ ਉਸ ਦੀ ਰਚਨਾ ਦਾ ਅਨੰਦ।

• **ਕੁਲਦੀਪ ਸਿੰਘ ਬੰਗੀ**
94174-07778

### ਨਜ਼ਮ

## ਰੁੱਖੀ ਮਿੱਸੀ

ਨਾ ਵੇਖ ਸ਼ਾਹੀ ਪਕਵਾਨਾ ਨੂੰ ਜੀਅ ਲਲਚਾਈ ਜਾ।
ਖਾ ਕੇ ਰੁੱਖੀ ਮਿੱਸੀ ਰੱਬ ਦਾ ਸ਼ੁਕਰ ਮਨਾਈ ਜਾ।
ਚੈਨ ਖ਼ੁਸ਼ੀ, ਅਨੰਦ, ਤਸੱਲੀ ਆਪ ਮੁਹਾਰੇ ਆਵਣਗੇ,
ਆਪ ਤੋਂ ਨੀਵੇਂ ਵੇਖ ਆਪਣਾ ਵਕਤ ਲੰਘਾਈ ਜਾ
ਮੁਸ਼ਕਿਲ, ਭੀੜਾਂ, ਬਿਪਤਾ, ਸੰਕਟ ਜ਼ਰਨੇ ਪੈਂਦੇ ਬੰਦਿਆਂ ਨੂੰ,
ਦੁੱਖ, ਦਲਿੱਦਰ, ਸਰਵ ਵਿਆਪਕ ਮਨ ਸਮਝਾਈ ਜਾ।
ਟੋਏ ਟਿੱਬੇ, ਪਰਬਤ, ਸਾਗਰ, ਜੰਗਲ ਰਾਹ ਵਿਚ ਅੜਨਾ ਨਾ,
ਮੰਜ਼ਿਲ ਪਾਉਣੀ ਹੱਥ 'ਚ ਤੇਰੇ ਨਾ ਘਬਰਾਈ ਜਾ।
ਮੰਦਰ, ਮਸਜਿਦ, ਗੁਰਦੁਆਰੇ ਹਰ ਮਾਨਵ ਲਈ ਸਾਂਝੇ ਨੇ,
ਧਰਮ ਦੇ ਨਾਂ 'ਤੇ ਲੋਕਾਂ ਵਿਚ ਨਾ ਵੰਡੀਆਂ ਪਾਈ ਜਾ।
ਕੈਂਚੀ ਵਾਂਗੂ ਕੱਟਣ ਦੀ ਥਾਂ ਸੂਈ ਵਾਂਗੂ ਸਿਆਉਣਾ ਸਿੱਖ,
ਬੁੱਟਰ ਵੰਡੀਆਂ ਪਾ-ਪਾ ਕੇ ਤੂੰ ਨਾ ਲੋਕ ਨੂੰ ਲੜਾਈ ਜਾ।

### ਗ਼ਜ਼ਲ



ਗੁਰਪ੍ਰੀਤ ਕੌਰ ਧਾਲੀਵਾਲ
98798-002110

ਘਰ ਤਾਂ ਆਖ਼ਰ ਘਰ ਹੁੰਦੇ ਨੇ।
ਘਰਾਂ 'ਚ ਕਾਹਦੇ ਡਰ ਹੁੰਦੇ ਨੇ।
ਉੱਤੋਂ ਖ਼ੁਸ਼ੀਆਂ ਵੰਡਦੇ ਹਾਂ ਪਰ,
ਹੌਂਕੇ ਲੁੱਕ-ਲੁੱਕ ਭਰ ਹੁੰਦੇ ਨੇ।
ਆਪਣਿਆਂ ਦੀ ਓਟ ਦੇ ਸਦਕਾ,
ਜਗ ਦੇ ਤਾਹਨੇ ਜ਼ਰ ਹੁੰਦੇ ਨੇ।
ਹੱਕਾਂ ਲਈ ਲੜਨਾ ਨਹੀਂ ਮਾੜਾ,
ਲੜ ਕੇ ਈ ਸੁਪਨੇ ਸਰ ਹੁੰਦੇ ਨੇ।
ਪਿਆਰ ਦੇ ਬੂਟੇ ਮਹਿਕਣ ਉੱਥੇ,
ਤਿੱਤਲੀ ਜਿਹੇ ਜੋ ਦਰ ਹੁੰਦੇ ਨੇ।
ਮਰਨ ਮਿਟਣ ਦੇ ਜਜ਼ਬੇ ਨਾਲ ਹੀ,
ਸੀਸ ਤਲੀ 'ਤੇ ਧਰ ਹੁੰਦੇ ਨੇ।
'ਪ੍ਰੀਤ' ਜੋ ਪਿਆਰ ਵਫ਼ਾ ਨੂੰ ਪਾਲਣ,
ਬੰਦੇ ਓਹੀ ਨਰ ਹੁੰਦੇ ਨੇ।

# ਕਿਸ ਨੇ ਖੋਹ ਲਿਆ ਨਾਨਕੇ ਜਾਣ ਦਾ ਚਾਅ

ਜੂਨ ਦੀਆਂ ਛੁੱਟੀਆਂ ਵਿਚ ਬੱਚਿਆਂ ਨੂੰ ਨਾਨਕੇ ਜਾਣ ਦਾ ਚਾਅ ਇੰਨਾ ਜ਼ਿਆਦਾ ਹੁੰਦਾ ਸੀ ਕਿ ਇਕ ਮਹੀਨੇ ਵਿਚ ਕਰਨ ਵਾਲਾ ਸਕੂਲ ਦਾ ਕੰਮ, ਯਾਨਿ ਕਿ ਜੂਨ ਦੀਆਂ ਛੁੱਟੀਆਂ ਦਾ ਕੰਮ ਇਕ ਹਫ਼ਤੇ ਵਿਚ ਹੀ ਪੂਰਾ ਕਰ ਲਿਆ ਜਾਂਦਾ ਸੀ ਤਾਂ ਕਿ ਨਾਨਕੇ ਜਾ ਕੇ ਪੜ੍ਹਾਈ ਦਾ ਕੋਈ ਫ਼ਿਕਰ ਨਾ ਰਹਿ ਜਾਵੇ। ਬੱਚਿਆਂ ਨੂੰ ਤਾਂ ਖੇਡਣ ਮੱਲਣ ਦਾ ਹੀ ਚਾਅ ਹੁੰਦਾ ਏ ਪੜ੍ਹਨ ਪੜ੍ਹਾਉਣ ਦੀਆਂ ਤਾਂ ਬਾਅਦ ਦੀਆਂ ਗੱਲਾਂ ਹੁੰਦੀਆਂ ਨੇ। ਅੱਜ ਕੱਲ੍ਹ ਜੂਨ ਦੀਆਂ ਛੁੱਟੀਆਂ ਵਿਚ ਨਾਨਕੀ ਜਾਣ ਦੀ ਬਜਾਏ ਠੰਢੀਆਂ ਥਾਵਾਂ 'ਤੇ ਜਾਣੀ ਕਿ ਕੁੱਲੂ, ਮਨਾਲੀ, ਸ਼ਿਮਲੇ ਜਾਂ ਫਿਰ ਵਿਦੇਸ਼ ਜਾਣ ਨੂੰ ਪਹਿਲ ਦੇ ਰਹੇ ਨੇ। ਇਹੀ ਮੋਹ ਪਿਆਰ ਘਟਨ ਦੇ ਸਬੂਤ ਨੇ। ਪਿਛਲੇ ਸਮਿਆਂ ਵਿਚ ਭਾਵੇਂ ਟੈਲੀਫੋਨ ਨਹੀਂ ਸੀ ਹੁੰਦੇ ਪਰ ਫਿਰ ਵੀ ਮਾਮੇ ਮਾਸੀਆਂ ਨੂੰ ਆਪਣੇ ਭਾਣਜੇ, ਭਾਣਜੀਆਂ ਦੇ ਆਉਣ ਦੀ ਪੂਰੀ ਉਡੀਕ ਹੁੰਦੀ ਸੀ ਕਿਉਂਕਿ ਜੂਨ ਦੀਆਂ ਛੁੱਟੀਆਂ ਵਿਚ ਹਰ ਇਕ ਨੇ ਆਪਣੇ ਨਾਨਕੇ ਜ਼ਰੂਰ ਆਉਣਾ ਜਾਣਾ ਹੁੰਦਾ ਸੀ ਪਰ ਅੱਜ ਕੱਲ੍ਹ ਇਹ ਸਭ ਚਾਅ ਘਟਦੇ ਜਾ ਰਹੇ ਨੇ। ਅੱਜ ਨਾ ਤਾਂ ਕੋਈ ਪਹਿਲਾਂ ਵਾਂਗੂ ਉਡੀਕ ਕਰਦਾ ਤੇ ਨਾ ਹੀ ਬਹੁਤੀ ਨਾਨਕੇ ਜਾਣ ਨੂੰ ਤਰਜੀਹ ਦੇ ਦਿੰਦਾ ਹੈ ਜਿਵੇਂ ਹਰ ਥਾਂ 'ਤੇ ਬੱਚਿਆਂ ਨੂੰ ਪਿਤਾ ਦੇ ਨਾਂ 'ਤੇ ਜਾਣਿਆ ਜਾਂਦਾ ਹੈ ਪਰ ਨਾਨਕੀ ਜਾ ਕੇ ਬੱਚਿਆਂ ਦੀ ਵੱਖਰੀ ਪਛਾਣ ਹੁੰਦੀ ਹੈ। ਇੱਥੇ ਉਨ੍ਹਾਂ ਨੂੰ ਮਾਵਾਂ ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਨਾਨਕਿਓਂ ਆਉਣ ਲੱਗਿਆਂ ਨੂੰ ਨਾਨੀ ਵੱਲੋਂ ਕੱਪੜੇ, ਨਗਦੀ, ਹੋਰ ਖਾਣ ਪੀਣ ਦੇ ਸਮਾਨ ਵਿਚ ਘਰ ਦੇ ਬਣਾਏ ਹੋਏ ਬਿਸਕੁਟ, ਸੇਵੀਆਂ ਆਦਿ ਦਿੱਤੇ ਜਾਂਦੇ ਸਨ। ਜ਼ਿਆਦਾ ਤਰ ਪਹਿਲੇ ਬੱਚੇ ਨੂੰ ਨਾਨਕਿਆ ਵੱਲੋਂ ਹੀ ਪਾਲਿਆ ਜਾਂਦਾ ਸੀ। ਇਸ ਦੇ ਨਾਲ-ਨਾਲ 7 ਜਾਂ 9 ਸਾਲ ਦੀ ਉਮਰ ਵਿਚ ਪੱਗ ਬਣਾਈ ਦੀ ਰਸਮ ਵੀ ਨਾਨਕਿਆਂ ਵੱਲੋਂ ਹੀ ਕੀਤੀ ਜਾਂਦੀ ਸੀ। ਪਹਿਲੇ ਵਿਆਹ ਦੇ ਖ਼ਰਚ ਦਾ ਕੁਝ ਹਿੱਸਾ ਨਾਨਕਿਆਂ ਵੱਲੋਂ ਕੀਤਾ ਜਾਂਦਾ ਸੀ। ਜਿਸ ਨੂੰ ਨਾਨਕੀ ਸ਼ੱਕ ਆਖਦੇ ਸਨ ਪਰ ਅੱਜ ਕੱਲ੍ਹ ਸਾਡੀਆਂ ਲੋੜਾਂ, ਮਜਬੂਰੀਆਂ, ਮਹਿਗਾਈ ਤੇ ਲਾਲਚਾ ਨੇ ਸਾਡੇ ਰਿਸ਼ਤਿਆਂ ਨੂੰ ਤਹਿਸ-ਨਹਿਸ ਕਰ ਕੇ ਸਾਡੇ ਪੱਕੇ ਪਵਿੱਤਰ ਰਿਸ਼ਤਿਆਂ ਵਿਚ ਭਾਈਚਾਰਕ ਸਾਂਝ ਵਰਗੇ ਵਰਤਾਰੇ ਤੇ ਪਿਆਰ ਨੂੰ ਜਿਉਂਦਾ ਨਹੀਂ ਰਹਿਣ ਦਿੱਤਾ। ਲੱਗਦਾ ਏ ਹੁਣ ਸਾਡੀ ਆਪ ਮੋਹਾਰੀ ਜ਼ਿੰਦਗੀ ਵਿਚ ਸਾਡੇ ਵਰਤਾਰੇ ਤੇ ਪਿਆਰ ਸਾਥੋਂ ਕੋਹਾਂ ਦੂਰ ਚਲੇ ਗਏ ਹਨ।



• **ਰੇਸ਼ਮ ਸਿੰਘ**, 98151-53111

# ਜੁੱਤੀ ਕਸੂਰੀ ਪੈਰੀਂ ਨਾ ਪੂਰੀ...

**ਜੇ. ਐੱਸ. ਬਲਿਆਲਵੀ**

ਪੰਜਾਬੀ ਜੁੱਤੀ ਦਾ ਗੜ੍ਹ ਰਿਹਾ ਅਣਵੰਡੇ ਪੰਜਾਬ ਵੇਲੇ ਦਾ ਕਸੂਰ ਸ਼ਹਿਰ। ਲੋਕ ਬੋਲੀਆ ਵਿਚ ਇਸ ਦਾ ਜ਼ਿਕਰ ਅਜੇ ਵੀ ਕਾਇਮ ਹੈ। 'ਜੁੱਤੀ ਕਸੂਰੀ ਪੈਰੀਂ ਨਾ ਪੂਰੀ, ਹਾਏ ਰੱਬਾ ਵੇ ਮੈਨੂੰ ਤੋਰਨਾ ਪਿਆ' ਗੀਤ ਤੁਸੀਂ ਸੁਣਿਆ ਹੀ ਹੋਵੇਗਾ। ਕਿੰਨਾ ਮਿੱਠਾ ਹੈ ਇਹ ਗੀਤ। ਮਨ ਦੇ ਵਲਵਲੇ ਕਿਸ ਤਰ੍ਹਾਂ ਦਰਸਾਏ ਗਏ ਨੇ ਇਸ ਗੀਤ ਵਿਚ। ਜੁੱਤੀ ਨਾਲ ਜੁੜਿਆ ਇਹ ਗੀਤ ਅੱਜ ਵੀ ਸੰਗੀਤ ਪ੍ਰੇਮੀਆਂ ਨੂੰ ਚੰਗਾ ਲੱਗਦਾ ਹੈ। ਭਾਵੇਂ ਜੁੱਤੀ ਦਾ ਰਿਵਾਜ ਪਹਿਲਾ ਦੇ ਮੁਕਾਬਲੇ ਬਹੁਤ ਘੱਟ ਰਿਹੈ ਤੇ ਜੁੱਤੀ ਲੋੜ ਦੀ ਥਾਂ ਫ਼ੈਸ਼ਨ ਦਾ ਹਿੱਸਾ ਬਣਦੀ ਜਾ ਰਹੀ ਹੈ ਪਰ ਕਿਸੇ ਵੇਲੇ ਕਸੂਰ ਸ਼ਹਿਰ ਤੋਂ ਇਲਾਵਾ ਮੁਕਤਸਰ, ਪਟਿਆਲਾ, ਕਪੂਰਥਲਾ ਤੇ ਅੰਮ੍ਰਿਤਸਰ ਦੀ ਬਣੀ ਜੁੱਤੀ ਦੀ ਵੀ ਵਧੇਰੇ ਅਹਿਮੀਅਤ ਹੁੰਦੀ ਸੀ। ਕੋਈ ਵੇਲਾ ਸੀ ਜਦੋਂ ਇੱਥੋਂ ਦੀ ਬਣੀ ਲਾਲ ਸੂਹੇ ਰੰਗ ਦੀ ਕੱਢਵੀ ਜੁੱਤੀ ਦੂਰ-ਦੂਰ ਤਕ ਮਸ਼ਹੂਰ ਸੀ। ਚੀਕੂੰ-ਚੀਕੂੰ ਕਰਦੀ ਉਹ ਜੁੱਤੀ ਦੂਜਿਆ ਉੱਪਰ ਪਹਿਨਣ ਵਾਲੇ ਦੇ ਵਿਅਕਤੀਤਵ ਦਾ ਵੱਖਰਾ ਪ੍ਰਭਾਵ ਛੱਡਦੀ ਸੀ ਤੇ ਸਾਰਿਆਂ ਦਾ ਧਿਆਨ ਆਪਣੇਂ ਵੱਲ ਖਿੱਚਦੀ ਸੀ। ਮਰਦ ਹੀ ਨਹੀਂ ਔਰਤਾਂ ਦੀ ਵੀ ਇਹ ਪਹਿਲੀ ਪਸੰਦ ਵਿਚ ਸ਼ਾਮਲ ਸੀ। ਅੱਜ ਦੇ ਸਮੇਂ ਇਹ ਵਿਰਲੇ ਟਾਵੇਂ ਨੌਜਵਾਨਾਂ ਦੇ ਸ਼ੌਕ ਤਕ ਹੀ ਸੀਮਤ ਹੋ ਕੇ ਰਹਿ ਗਈ ਹੈ। ਕਿਉਂਕਿ ਹੁਣ ਦੀ ਨਵੀਂ ਪਨੀਰੀ ਤੋਂ ਲੈ ਕੇ ਕਿਸੇ ਅਧੇੜ੍ਹ ਉਮਰ ਦੇ ਮਰਦ ਤਕ ਕੁੜਤੇ-ਪਜਮੇ ਦੀ ਥਾਂ ਫੈਸ਼ਨ ਮੁਤਾਬਕ ਪੈਂਟ-ਸ਼ਰਟ ਪਉਂਦੇ ਹਨ ਤੇ ਪੈਂਟ-ਸ਼ਰਟ ਨਾਲ ਜੁੱਤੀ ਦਾ ਕੀ ਮੇਲ, ਇਸ ਕਰਕੇ ਵੀ ਸ਼ਾਇਦ ਜੁੱਤੀ ਪਹਿਨਣ ਦਾ ਸ਼ੌਕ ਘੱਟਦਾ ਜਾ ਰਿਹਾ ਹੈ।



ਪਹਿਲੇਂ ਸਮਿਆਂ 'ਚ ਵਿਆਹ-ਸ਼ਾਦੀਆਂ, ਮੇਲਿਆਂ ਜਾਂ ਹੋਰ ਦਿਨਾਂ ਤਿਉਹਾਰਾਂ 'ਤੇ ਜੁੱਤੀ ਨੂੰ ਤੋਹਫ਼ੇ ਵੱਜੋਂ ਘਰ ਲਿਆਂਦਾ ਜਾਂਦਾ ਸੀ। ਇਹ ਮੌਕਿਆਂ 'ਤੇ ਗੱਭਰੂਆਂ ਦੇ ਪੈਰਾਂ ਵਿਚ ਸਜੀ ਕੱਢਵੀ ਜੁੱਤੀ ਇੰਨੀਂ ਜੱਚਦੀ ਹੈ ਕਿ ਦੇਖਣ ਵਾਲੇ ਦੇਖਦੇ ਹੀ ਰਹਿ ਜਾਂਦੇ। ਉਸ ਵੇਲੇ ਦੇ ਕਰੀਗਰ ਸਾਦੀਆਂ, ਵੱਖ-ਵੱਖ ਕਲਾਕਿਰਤੀਆਂ ਵਾਲੀਆਂ ਅਨੇਕਾਂ ਹੀ ਕਿਸਮ ਦੀਆਂ ਜੁੱਤੀਆਂ ਤਿਆਰ ਕਰਦੇ ਰਹੇ ਹਨ। ਪੰਜਾਬੀਆਂ ਵੱਲੋਂ ਜ਼ਿਆਦਾਤਰ ਮੌਜਾ, ਨੋਕ ਵਾਲੀ ਜੁੱਤੀ ਅਤੇ ਉਲਟਵੀ ਨੋਕ ਵਾਲੀ ਜੁੱਤੀ ਪਸੰਦ ਕੀਤੀ ਜਾਂਦੀ ਸੀ। ਤਿੱਲੇਦਾਰ ਜੁੱਤੀ ਦੀ ਮੰਗ ਅੱਜ ਵੀ ਗੱਭਰੂਆਂ ਵੱਲੋਂ ਕੀਤੀ ਜਾਂਦੀ ਹੈ। ਮਲਵਈ ਜੁੱਤੀਆਂ ਮੱਧਵਰਗੀ ਪਰਿਵਾਰਾਂ ਵੱਲੋਂ ਪਸੰਦ ਕੀਤੀਆਂ ਜਾਂਦੀਆਂ ਸਨ। ਇਹ ਜੁੱਤੀਆਂ ਤਿੱਲੇਦਾਰ ਜੁੱਤੀ ਨਾਲੋਂ ਵਧੇਰੇ ਮਜ਼ਬੂਤ ਅਤੇ ਮਹਿੰਗੀਆਂ ਹੁੰਦੀਆਂ ਸਨ। ਰਾਜੇ-ਮਹਾਰਾਜੇ ਜੁੱਤੀਆਂ ਉਪਰ ਕਾਰੀਗਰਾਂ ਪਾਸੋਂ ਤਿੱਲੇ ਦੀ ਥਾਂ ਸੋਨੇਂ ਅਤੇ ਚਾਂਦੀ ਦੀਆਂ ਤਾਰਾਂ ਦੀ ਕੱਢਵਾਈ ਕਰਵਾਉਦੇ ਸਨ। ਇਕ ਜੋੜੀ ਜੁੱਤੀ ਨੂੰ ਤਿਆਰ ਕਰਨ ਵਿਚ ਇਕ ਕਾਰੀਗਰ ਦੇ 30 ਤੋਂ 40 ਦਿਨ ਲੱਗ ਜਾਂਦੇ ਸਨ। ਅੱਜ ਮਹਿੰਗਾਈ ਦੇ ਦੌਰ 'ਚ ਦੇਸੀ ਜੁੱਤੀਆ ਦੀ ਬਹੁਤੀ ਕਦਰ ਨਹੀਂ ਰਹੀ। ਭਾਵੇਂ ਕੁਝ ਲੋਕ ਅੱਜ ਵੀ ਬੂਟਾਂ ਦੇ ਤਸਮੇ ਖੋਲਣ-ਬੰਨ੍ਹਣ ਨਾਲੋਂ ਜੁੱਤੀ ਪਹਿਨਣਾ ਪਸੰਦ ਕਰਦੇ ਹਨ। ਬੀਤੇ ਸਮਿਆਂ 'ਚ ਜੁੱਤੀਆਂ ਤਿਆਰ ਕਰਨ ਵਾਲਿਆ ਦੀਆਂ ਦੁਕਾਨਾਂ ਵਿਚ ਰੌਣਕਾਂ ਲੱਗੀਆਂ ਰਹਿੰਦੀਆਂ ਸਨ ਪਰ ਅੱਜ ਉਨ੍ਹਾਂ 'ਤੇ ਇੱਕੜ-ਦੁੱਕੜ ਲੋਕ ਹੀ ਨਜ਼ਰ ਆਉਂਦੇ ਹਨ। •

99886-68608

# ਦੁੱਖ-ਸੁੱਖ ਦੀ ਸਾਂਝ


ਦੁਨੀਆ ਦੀ ਸਭ ਤੋਂ ਪਿਆਰੀ ਜਗ੍ਹਾ ਘਰ ਹੁੰਦੀ ਹੈ। ਘਰ ਵਿਚ ਪਿਆਰੇ ਰਿਸ਼ਤੇ ਤੇ ਇਨ੍ਹਾਂ ਰਿਸ਼ਤਿਆਂ ਵਿਚ ਅਸੀਂ ਆਪਸੀ ਪਿਆਰ ਅਤੇ ਦੁੱਖ-ਸੁੱਖ ਦੀ ਸਾਂਝ ਕਰਕੇ ਜੁੜੇ ਰਹਿੰਦੇ ਹਾਂ। ਘਰ ਵਿਚ ਕਈ ਇਨਸਾਨ ਰਹਿੰਦੇ ਹਨ। ਉਨ੍ਹਾਂ ਵਿੱਚੋਂ ਜੇਕਰ ਕਿਸੇ ਇਕ ਨੂੰ ਤਕਲੀਫ਼ ਹੁੰਦੀ ਸੀ ਤਾਂ ਸਿਸਕਦੇ ਸਾਰੇ ਸਨ। ਅੱਥਰੂ ਹਰ ਇਕ ਦੀ ਅੱਖ ਵਿੱਚੋਂ ਝਲਕਦਾ ਸੀ। ਸ਼ਾਇਦ ਇਹ ਹੀ ਕਾਰਨ ਹੈ ਕਿ ਸਾਡੇ ਪੂਰਵਜ ਆਰੀਅਨ ਲੋਕ ਲੰਮੀ ਉਮਰ ਪਾਉਣ ਤੇ ਇਸ ਘਰ ਦੇ ਨਿੱਘ ਨੂੰ ਮਾਣਨ ਲਈ ਯੱਗ ਤੇ ਬਲੀਆਂ ਕਰਦੇ ਸਨ। ਉਹ ਸੰਸਾਰ ਤੇ ਇਸ ਦੇ ਰਿਸ਼ਤਿਆਂ ਨੂੰ ਮਾਣਨਾ ਚਾਹੁੰਦੇ ਸਨ। ਸ਼ਾਇਦ ਇਸ ਕਰਕੇ ਬਾਅਦ ਵਿਚ ਮਨੁੱਖ ਨੇ ਆਪਣੇ ਪੂਰਵਜਾਂ ਦੀ ਪੂਜਾ ਕਰਨੀ ਸ਼ੁਰੂ ਕੀਤੀ ਕਿ ਉਹ ਉਨ੍ਹਾਂ ਨੂੰ ਸੰਸਾਰਿਕ ਸੁੱਖ ਪ੍ਰਦਾਨ ਕਰਨਗੇ ਕਿਉਂਕਿ ਉਨ੍ਹਾਂ ਦੀ ਆਪਣੇ ਪੂਰਵਜਾਂ ਨਾਲ ਖ਼ੂਨ ਦੀ ਸਾਂਝ ਦੇ ਨਾਲ-ਨਾਲ ਦੁੱਖ-ਸੁੱਖ ਦੀ ਸਾਂਝ ਵੀ ਹੈ। ਦੁਨੀਆ ਦੀ ਇਸ ਪਿਆਰੀ ਜਗ੍ਹਾ ਘਰ ਨੂੰ ਕਿਸੇ ਦੀ ਨਜ਼ਰ ਲੱਗ ਗਈ ਹੈ। ਜਿੱਥੇ ਖ਼ੂਨ ਦੇ ਤੌਰ 'ਤੇ ਸਾਡੀ ਸਾਂਝ ਹੈ ਪਰ ਦੁੱਖ-ਸੁੱਖ ਵਿਚ ਅਸੀਂ ਅਲੱਗ ਹਾਂ। ਇਹੀ ਕਾਰਨ ਹੈ ਕਿ ਅੱਜ ਕੱਲ੍ਹ ਘਰ ਟੁੱਟ ਰਹੇ ਹਨ, ਰਿਸ਼ਤੇ ਤਿੜਕਦੇ ਜਾਂ ਰਹੇ ਹਨ। ਇਕ ਘਰ ਦੇ ਮੈਂਬਰ ਵੀ ਆਪਸ ਵਿਚ ਫੋਨ 'ਤੇ ਮਿਲਦੇ ਹਨ। ਸਾਰੇ ਰਿਸ਼ਤਿਆਂ ਵਿਚ ਕੇਵਲ ਰਸਮੀ ਸਾਂਝ ਤੇ ਅਪਣੱਤ ਰਹਿ ਗਈ ਹੈ। ਅਜੋਕੇ ਸਮੇਂ ਘਰਾਂ ਵਿਚਲੀ ਸਾਂਝ ਤੇ ਪਿਆਰ ਦੀ ਥਾਂ ਈਰਖਾ ਤੇ ਗੁੱਸੇ ਨੇ ਲੈ ਲਈ ਹੈ। ਜੇ ਦੇਖਿਆ ਜਾਵੇ ਤਾਂ ਇਹ ਸਾੜਾ ਕੇਵਲ ਭੈਣ ਭਰਾ ਦੇ ਰਿਸ਼ਤੇ ਵਿਚ ਹੀ ਨਹੀਂ ਸਗੋਂ ਮਾਪਿਆਂ ਤੇ ਬੱਚਿਆਂ ਵਿਚਕਾਰ ਵੀ ਪਾਇਆ ਜਾਂਦਾ ਹੈ। ਪਹਿਲਾਂ ਘਰ ਦਾ ਮੁੱਢ ਇਸ ਦਾ ਸ਼ਿਕਾਰ ਹੁੰਦਾ ਹੈ। ਬੱਚੇ ਉਨ੍ਹਾਂ ਨੂੰ ਦੇਖ ਕੇ ਉਹੋ ਜਿਹਾ ਰੂਪ ਗ੍ਰਹਿਣ ਕਰਦੇ ਹਨ। ਤਿੜਕੇ ਰਿਸ਼ਤਿਆਂ ਵਾਲੇ ਘਰਾਂ ਵਿਚ ਪੈਦਾ ਹੋਏ ਬੱਚਿਆਂ ਲਈ ਇਨ੍ਹਾਂ ਤ੍ਰੇੜਾਂ ਨੂੰ ਭਰਨਾ ਬਹੁਤ ਮੁਸ਼ਕਿਲ ਹੋ ਜਾਂਦਾ ਹੈ ਕਿਉਂਕਿ ਉਹ ਸ਼ੁਰੂ ਤੋਂ ਇਕੱਲੇ ਰਹਿਣ ਦੇ ਆਦੀ ਹੋ ਚੁੱਕੇ ਹੁੰਦੇ ਹਨ ਫਿਰ ਉਹ ਕਿਸ ਤਰੀਕੇ ਨਾਲ ਆਪਣੀ ਸਾਂਝ ਸਥਾਪਿਤ ਕਰਨ। ਸ਼ਾਇਦ ਇਸ ਕਰਕੇ ਸੰਯੁਕਤ ਪਰਿਵਾਰ ਖ਼ਤਮ ਹੋ ਰਹੇ ਹਨ ਅਤੇ ਇਥੋਂ ਤੱਕ ਕਿ ਮਾਪੇ ਤੇ ਬੱਚੇ ਵੀ ਅਲੱਗ ਰਹਿ ਰਹੇ ਹਨ ਪਰ ਸੋਚਣ ਵਾਲੀ ਗੱਲ ਹੈ ਕਿ ਇਸ ਸਾਂਝ ਨੂੰ ਤੋੜਣ ਲਈ ਕੌਣ ਜ਼ਿੰਮੇਵਾਰ ਹੈ, ਸਮਾਜ, ਮਾਪੇ ਜਾ ਬੱਚੇ। ਅਕਸਰ ਸਮਾਜ ਤੇ ਬੱਚਿਆਂ ਨੂੰ ਇਸ ਦੇ ਜ਼ਿੰਮੇਵਾਰ ਠਹਿਰਾਇਆ ਜਾਂਦਾ ਹੈ ਪਰ ਕੀ ਕਦੇ ਅਸੀਂ ਇਹ ਸੋਚਣ ਦੀ ਕੋਸ਼ਿਸ਼ ਕੀਤੀ ਹੈ ਕਿ ਸਮਾਜ ਸਾਡੇ ਨਾਲ ਬਣਦਾ ਹੈ ਤੇ ਬੱਚਿਆਂ ਦੀ ਪਰਵਰਿਸ਼ ਵੀ ਅਸੀਂ ਕਰਦੇ ਹਾਂ ਫਿਰ ਇਸ ਸਭ ਲਈ ਜ਼ਿੰਮੇਵਾਰ ਕੌਣ? ਜੇਕਰ ਅਸੀਂ ਵੀ ਆਪਣੇ ਪੂਰਵਜਾਂ ਦੀ ਤਰ੍ਹਾਂ ਘਰ ਦੇ ਪਿਆਰ ਤੇ ਸਾਂਝ ਨੂੰ ਮਾਣਨਾ ਚਾਹੁੰਦੇ ਹਾਂ ਤਾਂ ਜ਼ਰੂਰੀ ਹੈ ਪਹਿਲਾਂ ਅਸੀਂ ਆਪਣੇ ਬਜ਼ੁਰਗਾਂ ਨਾਲ ਸਾਂਝ ਪਾਈਏ ਜਿਸ ਨਾਲ ਸਾਡੇ ਬੱਚਿਆਂ ਦੀ ਸੋਚ ਬਦਲੇਗੀ ਤੇ ਫਿਰ ਸਮਾਜ। ਇਸ ਤਰ੍ਹਾਂ ਸਾਂਝੇ ਘਰਾਂ ਵੱਲ ਆਪਣੇ ਕਦਮ ਵਧਾਈਏ ਤੇ ਫਿਰ ਤੋਂ ਘਰ ਦੀ ਨਿੱਘ ਨੂੰ ਮਾਣੀਏ।

• **ਰੁਪਿੰਦਰ ਕੌਰ ਕੰਗ**
94175-60707

# ਪੰਜਾਬੀ ਸੱਭਿਆਚਾਰ ਦੀਆਂ ਨਿਸ਼ਾਨੀਆਂ

ਪੰਜਾਬ ਦੀ ਅਮੀਰ ਸੱਭਿਅਤਾ ਦੀਆਂ ਅਨੇਕਾਂ ਵਰਤੋਂ ਵਾਲੀਆਂ ਨਿਸ਼ਾਨੀਆਂ ਲੋਪ ਹੁੰਦੀਆਂ ਜਾ ਰਹੀਆਂ ਹਨ। ਲੋਕ ਸਾਰੰਗੀਆਂ, ਅਲਗੋਜ਼ੇ, ਅਖਾੜੇ, ਝੂਮਰ, ਸੰਮੀ, ਫੁਲਕਾਰੀਆਂ, ਚਰਖੇ, ਪੱਖੀਆਂ, ਖੂਹ, ਲੋਕ ਗੀਤ, ਪਹਿਰਾਵਾ ਆਦਿ ਨਾਲੋਂ ਅਜੋਕਾ ਪੰਜਾਬੀ ਵੱਖ ਹੁੰਦਾ ਜਾ ਰਿਹਾ ਹੈ। ਅਸੀਂ ਦਿਨੋ-ਦਿਨ ਕੰਮਾਂ ਵਿਚ ਰੁੱਝੇ ਹੋਣ ਕਰਕੇ ਸੱਭਿਆਚਾਰ ਨੂੰ ਭੁੱਲ ਰਹੇ ਹਾਂ। ਅੱਜ ਕਲ੍ਹ ਦੀ ਨੌਜਵਾਨ ਪੀੜ੍ਹੀ ਬਰਗਰ, ਨੂਡਲਸ, ਪੀਜੇ ਵਰਗੀਆਂ ਚੀਜਾਂ ਖਾ ਕੇ ਬਿਮਾਰੀ ਨੂੰ ਸੱਦਾ ਦੇ ਰਹੀ ਹੈ। ਘਰੇਲੂ ਖਾਣੇ ਦੀ ਮਹੱਤਤਾ ਇਨ੍ਹਾਂ ਨੂੰ ਪਤਾ ਨਹੀਂ। ਗੱਲ ਕਰੀਏ ਫੁਲਕਾਰੀ, ਖੂਹ,ਟਿੰਡਾਂ, ਪਿੱਤਲ ਦੇ ਭਾਂਡੇ, ਦਰੀਆਂ, ਖੇਸ ਤੇ ਪੱਖੀਆਂ ਆਦਿ ਦੀ ਤਾਂ ਅੱਜ ਕੱਲ੍ਹ ਦੇ ਬੱਚਿਆਂ ਨੂੰ ਇਨ੍ਹਾਂ ਚੀਜ਼ਾਂ ਦੇ ਨਾਂ ਤਕ ਨਹੀਂ ਪਤਾ। ਮਨੁੱਖੀ ਜੀਵਨ ਵਿਚ ਤਕਨੀਕੀ ਵਿਕਾਸ ਨੇ ਜਿੱਥੇ ਇਕ ਪਾਸੇ ਜੀਵਨ ਸੌਖਾ ਕੀਤਾ ਹੈ ਉੱਥੇ ਹੀ ਕੁਦਰਤ ਤੋਂ ਮਨੁੱਖ ਦੀ ਦੂਰੀ ਵੀ ਵਧਾਈ ਹੈ। ਨਵੀਂ ਤਕਨਾਲੋਜੀ ਦੇ ਆਉਣ ਨਾਲ ਪੱਖੀ ਸਾਡੇ ਜੀਵਨ ਵਿੱਚੋਂ ਲਗਪਗ ਲੋਪ ਹੋ ਗਈ ਹੈ। ਡਿਨਰ ਸੈੱਟ 'ਤੇ ਵਧੀਆਂ ਭਾਂਡਿਆਂ ਦੀ ਵਰਤੋਂ ਘਰ ਵਿਚ ਹੋਣ ਨਾਲ ਪਿੱਤਲ ਦੇ ਭਾਂਡਿਆਂ ਨੂੰ ਕੋਈ ਨਹੀਂ ਪੁੱਛਦਾ। ਸਰਦੀਆਂ ਵਿਚ ਕਮਰਿਆਂ ਵਿਚ ਹੀਟਰ ਹੋਣਗੇ, ਗਰਮ ਕੰਬਲ ਹੋਣਗੇ ਤੇ ਖੇਸਾਂ ਦੀ ਪਛਾਣ ਕਿੱਥੋਂ ਹੋਵੇਗੀ? ਅੱਜ ਕੱਲ੍ਹ ਦੇ ਬੱਚਿਆਂ ਨੂੰ ਇਨ੍ਹਾਂ ਤੋਂ ਇਲਾਵਾ ਕਣਕ ਦੇ ਸਿੱਟਿਆਂ ਤਕ ਦਾ ਪਤਾ ਨਹੀਂ ਹੈ।ਹੁਣ ਗੱਲ ਕਰੀਏ ਮਾਂ-ਬੋਲੀ ਦੀ, ਲੋਕ ਆਪਣੀ ਮਾਂ-ਬੋਲੀ ਨੂੰ ਦਿਨੋ-ਦਿਨ ਵਿਸਾਰਦੇ ਜਾ ਰਹੇ ਹਨ। ਬੱਚੇ ਤੇ ਨੌਜਵਾਨ ਸਭ ਘਰੋਂ ਬਾਹਰ ਜਾ ਕੇ ਪੰਜਾਬੀ ਬੋਲਣ ਵਿਚ ਹੇਠੀ ਮਹਿਸੂਸ ਕਰਦੇ ਹਨ। ਮਾਤਾ-ਪਿਤਾ ਵੀ ਦੇਖੋ-ਦੇਖੀ ਸਮਾਜਿਕ ਪ੍ਰਭਾਵ ਅਧੀਨ ਆਪਣੇ ਬੱਚਿਆਂ ਨੂੰ ਅੰਗਰੇਜ਼ੀ, ਹਿੰਦੀ ਬੋਲਣ ਲਈ ਪ੍ਰੇਰਿਤ ਕਰਦੇ ਹਨ। ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਬੱਚਿਆਂ ਨੂੰ ਮਾਂ-ਬੋਲੀ ਨਾਲ ਜੋੜੀ ਰੱਖਣ ਤਾਂ ਹੀ ਬੱਚਿਆਂ ਵਿਚ ਮਾਂ-ਬੋਲੀ ਪ੍ਰਤੀ ਹੀਣ ਭਾਵਨਾ ਪੈਦਾ ਨਹੀਂ ਹੋਵੇਗੀ। ਮਾਂ-ਬੋਲੀ ਦੇ ਨਾਲ-ਨਾਲ ਸਾਡੇ ਰਹਿਣ-ਸਹਿਣ, ਪਹਿਰਾਵੇ ਅਤੇ ਖੇਡਾਂ ਵਿਚ ਵੀ ਤਬਦੀਲੀ ਆ ਰਹੀ ਹੈ। ਅਜੋਕੇ ਸਮੇਂ ਬੱਚਿਆਂ, ਨੌਜਵਾਨਾਂਨੂੰ ਕੋਟਲਾ ਛਪਾਕੀ, ਗੁੱਲੀ ਡੰਡਾ ਵਰਗੀਆਂ ਖੇਡਾਂ ਬਾਰੇ ਕੁਝ ਵੀ ਪਤਾ ਨਹੀਂ ਹੈ। ਪੁਰਾਤਨ ਯੁੱਗ ਦੇ ਪਹਿਰਾਵੇ ਤੇ ਆਧੁਨਿਕ ਯੁੱਗ ਦੇ ਪਹਿਰਾਵੇ ਵਿਚ ਢੇਰ ਸਾਰਾ ਅੰਤਰ ਆ ਗਿਆ ਹੈ। ਪਹਿਲਾਂ ਸਲਵਾਰ-ਕਮੀਜ਼ ਤੇ ਧੋਤੀ-ਕੁੜ੍ਹਤੇ, ਪੈਂਟ-ਕਮੀਜ਼ ਦਾ ਰਿਵਾਜ ਸੀ ਨੌਜਵਾਨ ਪੀੜ੍ਹੀ ਦਾ ਪਹਿਰਾਵਾ ਵੱਖਰੀ ਕਿਸਮ ਦਾ ਹੈ। ਉਨ੍ਹਾਂ ਲਈ ਪਹਿਰਾਵਾ ਇਕ ਹੁਨਰ ਬਣ ਗਿਆ ਹੈ। ਅਜਿਹੇ ਮਾਹੌਲ ਵਿਚ ਉਹ ਸੱਭਿਆਚਾਰ ਤੇ ਪੰਜਾਬੀ ਪਹਿਰਾਵੇ ਬਾਰੇ ਕਿੱਥੋਂ ਜਾਣੂ ਹੋਣਗੇ? ਹੁਣ ਕੋਈ ਵੀ ਪਰਿਵਾਰ ਬਜ਼ੁਰਗਾਂ ਦੀ ਗੱਲ ਨੂੰ ਨਹੀਂ ਸਹਾਰਦਾ। ਉਨ੍ਹਾਂ ਨੂੰ ਪਹਿਲਾ ਵਰਗਾ ਸਤਿਕਾਰ ਨਹੀਂ ਦਿੱਤਾ ਜਾਂਦਾ।

ਅਜੋਕੇ ਸਮੇਂ ਵਿਚ ਲੋੜ ਹੈ ਜਾਗਰੂਕਤਾ ਦੀ ਕਿਉਂਕਿ ਆਧੁਨਿਕ ਤਬਦੀਲੀ ਨੇ ਸਾਡੇ ਸੱਭਿਆਚਾਰ ਦੀ ਮਹੱਤਤਾ ਨੂੰ ਘਟਾ ਦਿੱਤਾ ਹੈ। ਸੰਸਾਰ ਭਰ ਦੇ ਵਿਦਵਾਨ ਮੰਨਦੇ ਹਨ ਕਿ ਬੱਚੇ ਦੀ ਸ਼ਖ਼ਸੀਅਤ ਦਾ ਤਾਂ ਹੀ ਸਹੀ ਵਿਕਾਸ ਹੋਵੇਗਾ, ਜੇ ਉਨ੍ਹਾਂ ਦੀ ਮੁੱਢਲੀ ਸਿੱਖਿਆ ਮਾਂ-ਬੋਲੀ ਵਿਚ ਹੋਵੇਗੀ। ਜੇ ਇਸੇ ਤਰ੍ਹਾਂ ਅਸੀਂ ਸੱਭਿਆਚਾਰ ਨੂੰ ਵਿਸਾਰਦੇ ਗਏ ਤਾਂ ਇਕ ਦਿਨ ਅਸੀਂ ਸੱਭਿਆਚਾਰ ਪੱਛਮੀ ਪ੍ਰਭਾਵ ਹੇਠ ਗੁਆ ਕੇ ਹੀਣ ਭਾਵਨਾ ਦਾ ਸ਼ਿਕਾਰ ਹੋ ਜਾਵਾਂਗੇ। ਤਰੱਕੀ ਹਰ ਸਮਾਜ ਲਈ ਜ਼ਰੂਰੀ ਹੈ ਪਰ ਸਾਨੂੰ ਆਪਣਾ ਸੱਭਿਆਚਾਰ ਵੀ ਸੰਭਾਲ ਕੇ ਰੱਖਣਾ ਜ਼ਰੂਰੀ ਹੈ। ਕੋਈ ਦਰਖ਼ਤ ਆਪਣੀ ਜੜ੍ਹ ਤੋਂ ਉੱਖੜ ਕੇ ਵਧ ਫੁੱਲ ਨਹੀਂ ਸਕਦਾ ਤੇ ਨਾ ਹੀ ਕੋਈ ਪੰਛੀ ਟੁੱਟੇ ਖੰਭਾਂ ਨਾਲ ਪਰਵਾਜ਼ ਭਰ ਸਕਦਾ ਹੈ।



• **ਸੰਦੀਪ ਕੌਰ ਹਿਮਾਂਯੂੰਪੁਰਾ**
97816-60021

ਪ੍ਰੋ. ਨਵ ਸੰਗੀਤ ਸਿੰਘ

**ਅਮੀਰ ਤੋਂ ਅਮੀਰ ਅਤੇ ਸਧਾਰਨ ਤੋਂ ਸਧਾਰਨ ਬੰਦਾ ਵਿਖਾਵੇ ਦੀ ਲਪੇਟ ਵਿਚ ਆ ਰਿਹਾ ਹੈ। ਇਸ ਪੂੰਜੀਵਾਦੀ ਨਿਜ਼ਾਮ ਵਿਚ ਹਰ ਚੀਜ਼ ਉਪਲੱਬਧ ਹੈ, ਬੱਸ ਤੁਹਾਡੇ ਕੋਲ ਪੈਸਾ ਹੋਣਾ ਚਾਹੀਦਾ ਹੈ ਇਸ ਨੂੰ ਖ਼ਰੀਦਣ ਲਈ ਬੇਸ਼ੱਕ ਇਹ ਪੈਸਾ ਤੁਸੀਂ ਕਰਜ਼ ਹੀ ਕਿਉਂ ਨਾ ਲਿਆ ਹੋਵੇ।**

# ਵਿਖਾਵੇ ਦੀ ਹੋੜ ’ਚ ਪਿਆ ਮਨੁੱਖ

ਆਧੁਨਿਕ ਯੁੱਗ ਪ੍ਰਤੀਯੋਗਤਾ ਦਾ ਯੁੱਗ ਹੈ। ਪ੍ਰਤੀਯੋਗਤਾ ਦੇ ਇਸ ਦੌਰ ਵਿਚ ਹਰ ਕੋਈ ਇਕ ਦੂਜੇ ਤੋਂ ਵੱਧ ਕੇ ਵਿਖਾਵਾ ਕਰਨਾ ਲੋਚਦਾ ਹੈ, ਚਾਹੇ ਇਸ ਦੇ ਲਈ ਉਹ ਨੂੰ ਕਰਜ਼ਾ ਵੀ ਕਿਉਂ ਨਾ ਚੁੱਕਣਾ ਪਵੇ। ਅਮੀਰ ਤੋਂ ਅਮੀਰ ਤੇ ਸਧਾਰਨ ਤੋਂ ਸਧਾਰਨ ਬੰਦਾ ਵੀ ਇਸ ਵਿਖਾਵੇ ਦੀ ਲਪੇਟ ਵਿਚ ਆ ਗਿਆ ਹੈ। ਇਸ ਪੂੰਜੀਵਾਦੀ ਨਿਜ਼ਾਮ ਵਿਚ ਹਰ ਚੀਜ਼ ਉਪਲੱਬਧ ਹੈ, ਬੱਸ ਤੁਹਾਡੇ ਕੋਲ ਪੈਸਾ ਹੋਣਾ ਚਾਹੀਦਾ ਹੈ। ਇਸ ਲੇਖ ਵਿਚ ਅਸੀਂ ਸਿਰਫ਼ ਵਿਆਹਾਂ ’ਤੇ ਹੁੰਦੀਆਂ ਫ਼ਜ਼ੂਲ-ਖ਼ਰਚੀਆਂ ਬਾਰੇ ਗੱਲ ਕਰਾਂਗੇ। ਮੈਂ ਆਪਣੇ ਵਿਆਹ ਦੀ ਗੱਲ ਦੱਸਦਾ ਹਾਂ। ਮੈਂ ਵਿਆਹ ਤੇ ਵਿਖਾਵੇ ਦੀ ਕੋਈ ਚੀਜ਼ ਨਹੀਂ ਸੀ ਕੀਤੀ। ਨਾ ਬੈਂਡ-ਵਾਜਾ ਲੈ ਕੇ ਗਿਆ ਤੇ ਨਾ ਹੀ ਵੀਡੀਓ ਜਾਂ ਫੋਟੋਗ੍ਰਾਫਰ। ਮੇਰੇ ਵੱਲੋਂ ਆਪਣੇ ਵਿਆਹ ਵਿਚ ਸਧਾਰਨਤਾ ਨੂੰ ਪਹਿਲ ਦਿੱਤੀ ਗਈ ਤੇ ਅਸੀਂ ਸਿਰਫ਼ ਇੱਕੀ ਮੈਂਬਰ ਵਿਆਹ ਵਿਚ ਸ਼ਾਮਲ ਹੋਏ। ਇਸ ਸਧਾਰਨਤਾ ਕਰਕੇ ਮੇਰੇ ਸਹੁਰੇ-ਪਰਿਵਾਰ ਵਾਲੇ ਬਹੁਤ ਸਾਰੀਆਂ ਵਿਖਾਵੇ ਦੀਆਂ ਰਸਮਾਂ ਕਰਨ ਤੋਂ ਵੀ ਵਾਂਝੇ ਰਹਿ ਗਏ। ਮੈਨੂੰ ਸ਼ਹਿਰੀ ਸਮਝ ਕੇ ਲੜਕੀ ਵਾਲਿਆਂ ਵੱਲੋਂ ਮੇਰਾ ਵਿਆਹ ਹੋਟਲ ਵਿਚ ਰੱਖਿਆ ਗਿਆ, ਜਦਕਿ ਪਿੰਡ ਵਿਚ ਮੇਰੇ ਸਹੁਰੇ-ਪਰਿਵਾਰ ਦਾ ਕਾਫ਼ੀ ਖੁੱਲ੍ਹਾ- ਡੁੱਲ੍ਹਾ ਘਰ ਸੀ ਜਿੱਥੇ ਬੜੇ ਆਰਾਮ ਨਾਲ ਬਰਾਤ ਤੇ ਮੈਂਬਰਾਂ ਦੀ ਆਓ-ਭਗਤ ਕੀਤੀ ਜਾ ਸਕਦੀ ਸੀ।

ਇਹੋ ਜਿਹੀ ਹੀ ਇਕ ਹੋਰ ਝਾਕੀ ਬੀਤੇ ਦਿਨੀਂ ਮੈਨੂੰ ਵੇਖਣ ਨੂੰ ਮਿਲੀ। ਮੇਰੀ ਇਕ ਵਿਦਿਆਰਥਣ ਦੀ ਸ਼ਾਦੀ ਸੀ। ਉਹਨੇ ਮੈਨੂੰ ਸ਼ਾਦੀ ਦਾ ਕਾਰਡ ਦਿੱਤਾ ਤੇ ਸ਼ਾਦੀ ’ਤੇ ਪਹੁੰਚਣ ਦੀ ਤਾਕੀਦ ਕੀਤੀ ਸੀ। ਉਂਝ ਤਾਂ ਮੈਂ ਵਿਆਹਾਂ-ਸ਼ਾਦੀਆਂ ਦੇ ਸਮਾਗਮਾਂ ਵਿਚ ਘੱਟ ਹੀ ਜਾਂਦਾ ਹਾਂ ਪਰ ਲੜਕੀ ਦੇ ਵਾਰ-ਵਾਰ ਕਹਿਣ ਤੇ ਮਜਬੂਰਨ ਮੈਨੂੰ ਜਾਣਾ ਪਿਆ। ਹਾਲਾਂਕਿ ਮੇਰੇ ਵਰਗੇ ਬੰਦੇ ਲਈ ਉੱਥੇ ਕੁਝ ਨਹੀਂ ਹੁੰਦ, ਖੈਰ...।

ਲੜਕੀ ਵਾਲਿਆਂ ਵੱਲੋਂ ਘਰ ਵਿਚ ਹੀ ਬਰਾਤ ਦਾ ਸਵਾਗਤ ਕੀਤਾ ਜਾਣਾ ਸੀ, ਜਿਸ ਦਾ ਜ਼ਿਕਰ ਕਾਰਡ ਵਿਚ ਵੀ ਕੀਤਾ ਹੋਇਆ ਸੀ ਪਰ ਐਨ ਮੌਕੇ ’ਤੇ ਮੌਸਮ ਖ਼ਰਾਬ ਹੋਣ ਕਰਕੇ (ਮੀਂਹ ਪੈਣ ਕਰਕੇ) ਲੜਕੀ ਵਾਲਿਆਂ ਨੇ ਨੇੜੇ ਦਾ ਇਕ ਮੈਰਿਜ ਪੈਲੇਸ ਖੜ੍ਹੇ ਪੈਰ ਮਹਿੰਗੇ ਮੁੱਲ ’ਤੇ ਬੁੱਕ ਕਰਵਾ ਲਿਆ। ਹਾਲਾਂਕਿ ਇਹਦੀ ਕੋਈ ਲੋੜ ਨਹੀਂ ਸੀ। ਵਿਆਹ ਵਾਲੀ ਲੜਕੀ ਦੀਆਂ ਕੁਝ ਸਹੇਲੀਆਂ (ਮੇਰੀਆਂ ਹੋਰ ਵਿਦਿਆਰਥਣਾਂ) ਵੀ ਵਿਆਹ ਵਿਚ ਪੂਰਾ ਸਜ-ਧੱਜ ਕੇ ਪੁੱਜੀਆਂ ਹੋਈਆਂ ਸਨ। ਠੰਢ ਬਹੁਤ ਪੈ ਰਹੀ ਸੀ ਤੇ ਉੱਤੋਂ ਮੀਂਹ ਵੀ ਪੈਣ ਲੱਗਾ ਪਰ ਮੈਂ ਇਹ ਵੇਖ ਕੇ ਹੈਰਾਨ ਰਹਿ ਗਿਆ ਕਿ ਵਿਆਹ ਵਾਲੀ ਲੜਕੀ, ਜੋ ਉਂਜ ਵੀ ਨਾਜ਼ਕ/ ਪਤਲੀ ਜਿਹੀ ਸੀ, ਨੇ ਲਹਿੰਗਾ ਪਹਿਨਿਆ ਹੋਇਆ ਸੀ ਤੇ ਉਤੋਂ ਟਾਪ, ਬਿਨਾਂ ਬਾਹਵਾਂ ਦਾ। ਉਹਦੀਆਂ ਹੋਰ ਸਹੇਲੀਆਂ ਨੇ ਵੀ ਕਢਾਈ ਵਾਲੇ ਸੂਟ ਪਹਿਨੇ ਹੋਏ ਸਨ ਤੇ ਹੇਠਾਂ ਪੈਨਸਲ-ਹੀਲ ਦੇ ਸੈਂਡਲ। ਮੀਂਹ ਤੇ ਠੰਢ ਕਾਰਨ ਲੋਕ ਕੰਬਦੇ ਜਾ ਰਹੇ ਸਨ ਪਰ ਇਨ੍ਹਾਂ ਕੁੜੀਆਂ ਵੱਲ ਵੇਖ ਕੇ ਮੈਨੂੰ ਹੈਰਾਨੀ ਹੋ ਰਹੀ ਸੀ ਕਿ ਉਨ੍ਹਾਂ ਨੇ ਦਿਖਾਵੇ ਦੀ ਖ਼ਾਤਰ ਕਿੰਨਾ ਹਾਰ-ਸ਼ਿੰਗਾਰ ਕੀਤਾ ਹੋਇਆ ਸੀ ਤੇ ਸੂਟਾਂ ਦੀ ਕਢਾਈ ਵਿਖਾਉਣ ਲਈ ਕੋਈ ਵੀ ਜੈਕਿਟ ਵਗੈਰਾ ਨਹੀਂ ਸੀ ਪਹਿਨੀ। ਮੈਂ ਬਾਅਦ ਵਿਚ ਉਨ੍ਹਾਂ ਵਿਦਿਆਰਥਣਾਂ ਤੋਂ ਇਹੋ-ਜਿਹੀ ਸ਼ਾਨੋ- ਸ਼ੌਕਤ ਕਰਨ ਦਾ ਕਾਰਨ ਪੁੱਛਿਆ ਤਾਂ ਉਨ੍ਹਾਂ ਨੇ ਬਿਨਾਂ ਝਿਜਕ ਤੋਂ ਜਵਾਬ ਦਿੱਤਾ ਸਰ, ਇਹੋ ਤਾਂ ਮੌਕੇ ਹੁੰਦੇ ਨੇ ਸੱਜਣ-ਸੰਵਰਨ ਦੇ। ਕਦੇ-ਕਦਾਈਂ ਤਾਂ ਵਿਆਹਾਂ ’ਤੇ ਜਾਈਦੈ। ਜੇ ਬੰਦਾ ਸਧਾਰਨ ਜਿਹਾ ਬਣ ਕੇ ਜਾਵੇ ਤਾਂ ਉਹਨੂੰ ਕੋਈ ਵਿੰਹਦਾ ਹੀ ਨਹੀਂ। ਮੈਂ ਸੋਚਣ ਲੱਗਿਆ ਕੀ ਇਹੋ ਸਾਡਾ ਵਿਰਸਾ ਹੈ? ਸਾਡਾ ਵਿਰਸਾ ਇੰਨਾ ਸਮਰੱਥ ਹੈ ਕਿ ਅਸੀਂ ਪੰਜਾਬੀ ਪਹਿਰਾਵਾ (ਸਲਵਾਰ-ਕਮੀਜ਼, ਬਾਗ਼, ਫੁਲਕਾਰੀ) ਪਹਿਨ ਕੇ ਵੀ ਆਪਣਾ ਹਾਰ-ਸ਼ਿੰਗਾਰ ਪ੍ਰਗਟਾ ਸਕਦੇ ਹਾਂ। ਇਹੋ ਜਿਹੇ ਹੀ ਇਕ ਹੋਰ ਵਿਆਹ ਦੀ ਮੈਨੂੰ ਯਾਦ ਆ ਰਹੀ ਹੈ, ਜਿਸ ਵਿਚ ਕੁੜੀ ਵਾਲਿਆਂ ਨੇ 65 ਪ੍ਰਕਾਰ ਦੀਆਂ ਚੀਜ਼ਾਂ ਤਿਆਰ ਕੀਤੀਆਂ ਹੋਈਆਂ ਸਨ। ਕੁੜੀ ਵਾਲੇ ਤੇ ਕੁੜੀ ਵੀ ਮੇਰੀ ਜਾਣਕਾਰ ਸੀ ਤੇ ਇਹ ਗੱਲ ਕੁੜੀ ਨੇ ਮੈਨੂੰ ਖ਼ਾਸ ਤੌਰ ’ਤੇ ਦੱਸੀ ਸੀ ਕਿ ਉਹਦੇ ਵਿਆਹ ਵਿਚ ਕਿੰਨੀਆਂ ਖਾਣ-ਪੀਣ ਦੀਆਂ ਚੀਜ਼ਾਂ ਹਨ। ਜਦ ਮੈਂ ਉਹਨੂੰ ਪੁੱਛਿਆ ਕਿ ਤੂੰ ਕਿੰਨੀਆਂ ਚੀਜ਼ਾਂ ਦਾ ਸੁਆਦ ਵੇਖਿਆ ਤਾਂ ਉਹਨੇ ਦੱਸਿਆ ਕਿ ਇਕ ਦਾ ਵੀ ਨਹੀਂ। ਫਿਰ ਮੈਂ ਜਾਣਨਾ ਚਾਹਿਆ ਕਿ ਜੇ ਤੂੰ ਇਕ ਵੀ ਚੀਜ਼ ਨਹੀਂ ਖਾਧੀ ਤਾਂ ਫਿਰ ਇੰਨੀਆਂ ਚੀਜ਼ਾਂ ਬਣਾਉਣ ਦਾ ਕੀ ਫਾਇਦਾ। ਉਹਨੇ ਮਾਣ ਨਾਲ ਕਿਹਾ ਸੀ, ‘ਬਰਾਤੀਆਂ ਨੂੰ ਤਾਂ ਦੱਸਣਾ ਸੀ, ਵਿਖਾਉਣਾ ਸੀ ਕਿ ਅਸੀਂ ਵੀ ਕੋਈ ਚੀਜ਼ ਹਾਂ।’

ਇਵੇਂ ਹੀ ਇਕ ਹੋਰ ਮਿੱਤਰ ਦੇ ਵਿਆਹ ਦੀ ਘਟਨਾ ਹੈ। ਉਹਨੇ ਦਾਜ-ਦਹੇਜ ਲੈਣ ਤੋਂ ਸਾਫ਼ ਇਨਕਾਰ ਕਰਦਿਆਂ ਕੁੜੀ ਵਾਲਿਆਂ ਨੂੰ ਇੰਨਾ ਹੀ ਕਿਹਾ ਕਿ ਮੈਨੂੰ ਕਿਸੇ ਚੀਜ਼ ਦੀ ਲੋੜ ਨਹੀਂ ਪਰ ਇੰਨਾ ਜ਼ਰੂਰ ਕਰਿਓ ਕਿ ਬਰਾਤ ਦੀ ਸੇਵਾ ਰੱਜ ਕੇ ਹੋਵੇ। ਉਹ ਵੀ ਇਹੋ ਵਿਖਾਉਣਾ ਚਾਹੁੰਦਾ ਸੀ ਕਿ ਬਰਾਤੀ ਕਿਸੇ ਗੱਲੋਂ ਨਾਰਾਜ਼ ਨਾ ਹੋ ਜਾਣ। ਮਤਲਬ ਦਾਰੂ ਵੀ ਹੋਵੇ ਤੇ ਮੁਰਗ-ਮੁਸੱਲਮ ਵੀ। ਅੱਜ ਕੱਲ੍ਹ ਦੇ ਵਿਆਹਾਂ ਦੀ ਤਾਂ ਗੱਲ ਛੱਡੋ, ਭੋਗਾਂ, ਮਰਨਿਆਂ-ਪਰਨਿਆਂ ਦੇ ਸਮਾਗਮਾਂ ਵਿਚ ਵੀ ਪੂਰਾ ਵਿਖਾਵਾ ਹੁੰਦਾ ਹੈ। ਮੌਤ ਦੇ ਭੋਗ ਤੇ ਲੱਡੂ, ਜਲੇਬੀਆਂ, ਪਕੌੜੇ ਪਰੋਸੇ ਜਾਂਦੇ ਹਨ। ਪਤਾ ਨਹੀਂ ਉਹ ਮੌਤ ਦੀ ਖ਼ੁਸ਼ੀ ਪ੍ਰਗਟ ਕਰ ਰਹੇ ਹੁੰਦੇ ਨੇ ਜਾਂ ਗ਼ਮੀ। ਜਦਕਿ ਮਰਗ ਦੇ ਭੋਗ ਤਾਂ ਬਹੁਤ ਹੀ ਸਧਾਰਨ ਹੋਣੇ ਚਾਹੀਦੇ ਹਨ, ਜਿੱਥੇ ਸਿਰਫ਼ ਬਾਹਰੋਂ ਆਏ ਮਹਿਮਾਨਾਂ ਲਈ ਹੀ ਰੋਟੀ-ਦਾਲ ਪਰੋਸੀ ਜਾਵੇ। ਵਿਆਹਾਂ ਉੱਤੇ ਮਹਿੰਗੇ ਮੈਰਿਜ ਪੈਲੇਸ, ਮਹਿੰਗੀਆਂ ਗੱਡੀਆਂ ਦੇ ਤੋਹਫ਼ੇ, ਸ਼ਰਾਬਾਂ, ਫਾਲਤੂ ਭੋਜਨ, ਖਾਣੇ ਦੀਆਂ ਸਟਾਲਾਂ, ਡੀਜੇ, ਲਾਈਟਾਂ ਦੀ ਚਕਾਚੌਂਧ, ਬੰਦੂਕਾਂ ਦੇ ਫਾਇਰ ਆਦਿ ਸਾਡੀ ਆਪ ਸਹੇੜੀ ਬਰਬਾਦੀ ਦੇ ਕਾਰਨ ਹਨ ਜਿਹਨੂੰ ਆਮ ਸ਼ਬਦਾਂ ਵਿਚ ‘ਅੱਡੀਆਂ ਚੁੱਕ ਕੇ ਫਾਹਾ ਲੈਣਾ’ ਕਿਹਾ ਜਾਂਦਾ ਹੈ। ਅਜੇ ਵੀ ਡੁੱਲ੍ਹੇ ਬੇਰਾਂ ਦਾ ਕੁਝ ਨਹੀਂ ਵਿਗੜਿਆ। ਸਾਨੂੰ ਸੁਚੇਤ ਹੋਣ ਦੀ ਲੋੜ ਹੈ। ਇਹੋ ਜਿਹੇ ਸਮਾਗਮਾਂ ਵਿਚ ਕੀਤੀ ਫ਼ਜ਼ੂਲ ਖ਼ਰਚੀ ਅਤੇ ਲੋੜ ਤੋਂ ਵੱਧ ਵਿਖਾਵਾ ਸਾਡੀ ਬਰਬਾਦੀ ਦਾ ਕਾਰਨ ਬਣ ਸਕਦੀ ਹੈ। •

94176-92015



### ਦਾਜ ਲੈਣ ਤੋਂ ਇਨਕਾਰ

*ਇਕ ਮਿੱਤਰ ਦੇ ਵਿਆਹ ਦੀ ਘਟਨਾ ਹੈ। ਉਹਨੇ ਦਾਜ-ਦਹੇਜ ਲੈਣ ਤੋਂ ਸਾਫ਼ ਇਨਕਾਰ ਕਰਦਿਆਂ ਕੁੜੀ ਵਾਲਿਆਂ ਨੂੰ ਇੰਨਾ ਹੀ ਕਿਹਾ ਕਿ ਮੈਨੂੰ ਕਿਸੇ ਚੀਜ਼ ਦੀ ਲੋੜ ਨਹੀਂ ਪਰ ਇੰਨਾ ਜ਼ਰੂਰ ਕਰਿਓ ਕਿ ਬਰਾਤ ਦੀ ਸੇਵਾ ਰੱਜ ਕੇ ਹੋਵੇ। ਉਹ ਵੀ ਇਹੋ ਵਿਖਾਉਣਾ ਚਾਹੁੰਦਾ ਸੀ ਕਿ ਬਰਾਤੀ ਕਿਸੇ ਗੱਲੋਂ ਨਾਰਾਜ਼ ਨਾ ਹੋ ਜਾਣ। ਮਤਲਬ ਦਾਰੂ ਵੀ ਹੋਵੇ ਤੇ ਮੁਰਗ-ਮੁਸੱਲਮ ਵੀ। ਦੱਸੋ ਭਲਾ ਇਹ ਕੀ ਗੱਲ ਹੋਈ। ਜੇ ਅਸਲੀਅਤ ਵਿਚ ਤੁਸੀਂ ਚਾਹੁੰਦੇ ਹੋ ਕਿ ਵਿਖਾਵਾ ਨਾ ਕੀਤਾ ਜਾਵੇ ਤਾਂ ਸੱਚ ਮੁੱਚ ਹੀ ਅਜਿਹੀਆਂ ਰਸਮਾਂ ਤੋਂ ਪ੍ਰਹੇਜ਼ ਕਰੋ ਜੋ ਖ਼ਰਚੀਲੀਆਂ ਹਨ।*

ਜੀਤ ਹਰਜੀਤ

# ਇਨਸਾਨ ਜੋ ਬੀਜਦਾ ਓਹੀ ਵੱਢਦੈ




ਸਮੇਂ ਅਤੇ ਜ਼ਿੰਦਗੀ ਵਿਚਕਾਰ ਇਕ ਸਮਾਨਤਾ ਜੋ ਮੈਨੂੰ ਨਜ਼ਰ ਆਉਂਦੀ ਹੈ ਉਹ ਇਹ ਹੈ ਕਿ ਇਹ ਦੋਨੋਂ ਕਦੇ ਕਿਸੇ ਲਈ ਰੁਕਦੇ ਨਹੀਂ ਜਾਂ ਇਹ ਕਹਿ ਲਓ ਕਿ ਰੁਕਣਾ ਇਨ੍ਹਾਂ ਦੇ ਸਭਾਅ ਵਿਚ ਹੀ ਨਹੀਂ। ਸਮੇਂ ਨੂੰ ਬੇਸ਼ੱਕ ਤਕਨੀਕੀ ਮਾਹਿਰਾਂ ਨੇ ਘੜੀਆਂ ਵਿਚ ਬੰਨ੍ਹਣ ਦੀ ਵੀ ਕੋਸ਼ਿਸ਼ ਕੀਤੀ ਪਰ ਇਸ ਨੇ ਆਪਣਾ ਸਭਾਅ ਨਹੀਂ ਬਦਲਿਆ। ਤਕਨੀਕ ਨਾਲ ਬਣੀਆਂ ਘੜੀਆਂ ਭਾਵੇਂ ਰੁੱਕ ਗਈਆਂ ਪਰ ਸਮਾਂ ਨਹੀਂ ਰੁਕਿਆ। ਇਸ ਤਰ੍ਹਾਂ ਹੀ ਜ਼ਿੰਦਗੀ ਹੈ। ਇਹ ਸਦਾ ਹੀ ਚਲਦੀ ਰਹਿੰਦੀ ਹੈ। ਕਿਸੇ ਦੇ ਜਾਣ-ਆਉਣ, ਹੋਣ ਨਾ ਹੋਣ ਦਾ ਇਸ ’ਤੇ ਕੋਈ ਅਸਰ ਨਹੀਂ ਹੁੰਦਾ। ਮਹੌਲ ਕੋਈ ਵੀ ਹੋਵੇ ਦੁੱਖ ਹੋਣ ਜਾਂ ਫਿਰ ਖ਼ੁਸ਼ੀਆਂ ਨਾਲ ਪੱਲੇ ਲੱਦੇ ਹੋਣ ਜ਼ਿੰਦਗੀ ਸਦਾ ਚਲਦੀ ਰਹਿੰਦੀ ਹੈ। ਸ਼ਾਇਦ ਇਸ ਲਈ ਹੀ ਬੁਰੇ ਵਕਤ ਵਿਚ ਹੌਸਲਾ ਦਿੰਦੇ ਹੋਏ ਸਿਆਣੇ ਕਹਿੰਦੇ ਹਨ, ‘ਕੋਈ ਨਾ ਭਾਈ ਜੇ ਦਿਨ ਉਹ ਨ੍ਹੀਂ ਰਹੇ ਤਾਂ ਰਹਿਣੇ ਇਹ ਵੀ ਨਹੀਂ ਹੌਸਲਾ ਰੱਖੋ, ਇਹ ਸਮਾਂ ਵੀ ਲੰਘ ਜਾਏਗਾ।’ ਉਨ੍ਹਾਂ ਦਾ ਇਹ ਕਥਨ ਸਦਾ ਚਲਦੇ ਰਹਿਣ ਵਾਲੇ ਸਮੇਂ ਦੇ ਸੁਭਾਅ ਦੀ ਬਾਤ ਪਾਉਂਦਾ ਹੈ। ਮੈਂ ‘ਬਾਲ ਦਿਵਸ’ ’ਤੇ ਛਪੀ ਇਕ ਰਿਪੋਰਟ ਵਿਚ ਪੜ੍ਹਿਆ ਕਿ ਜਿਨਾਂ ਨਵ-ਜੰਮਿਆਂ ਬੱਚਿਆਂ ਨੂੰ ਜੰਮਣ ਵਾਲੇ ਰੂੜੀਆਂ, ਗਲੀਆਂ, ਨਾਲੀਆਂ ’ਚ ਸੁੱਟ ਗਏ ਸੀ ਉਨ੍ਹਾਂ ਦੀ ਜ਼ਿੰਦਗੀ ਨੇ ਵੀ ਉਨ੍ਹਾਂ ਨੂੰ ਵਿਦੇਸ਼ਾਂ ਤੱਕ ਦੀਆਂ ਉਡਾਣਾਂ ਭਰਾਈਆਂ ਹਨ। ਉਨ੍ਹਾਂ ਵਿੱਚੋਂ ਕਈ ਅਜਿਹੇ ਵੀ ਸਨ ਜਿਨ੍ਹਾਂ ਦਾ ਪਾਲਣ-ਪੋਸ਼ਣ ਕਰਨ ਤੋਂ ਉਨ੍ਹਾਂ ਦੇ ਮਾਪਿਆਂ ਨੇ ਆਰਥਿਕ ਮੰਦੀ ਕਾਰਨ ਹੱਥ ਖੜ੍ਹੇ ਕਰ ਦਿੱਤੇ ਸਨ ਤੇ ਕੁਝ ਬੱਚੇ ਅਜਿਹੇ ਵੀ ਸਨ ਜੋ ਨਜ਼ਾਇਜ ਤਰੀਕਿਆਂ ਨਾਲ ਪੈਦਾ ਹੋਏ ਸਨ। ਇਸ ਰਿਪੋਰਟ ਨੇ ਮੈਨੂੰ ਬਹੁਤ ਪ੍ਰਭਾਵਿਤ ਕੀਤਾ।

ਇਕੱਲੇ ਪੰਜਾਬ ਦੀ ਗੱਲ ਕਰੀਏ ਤਾਂ ਪਿਛਲੇ ਪੰਜ ਸਾਲਾਂ ਵਿਚ ਅਜਿਹੇ ਕੇਸਾਂ ਵਿੱਚੋਂ ਚਾਰ ਸੌ ਦੇ ਕਰੀਬ ਬੱਚੇ ਆਪਣੇ ਮੁਕੱਦਰ ਕਾਰਨ ਸਿਕੰਦਰ ਬਣਨ ਵਿਚ ਕਾਮਯਾਬ ਰਹੇ। ਇਨ੍ਹਾਂ ਸਾਰਿਆਂ ਨੇ ਆਪਣੇ-ਆਪਣੇ ਲੇਖਾਂ ਦੀਆਂ ਲਿਖੀਆਂ ਮੁਤਾਬਿਕ ਕਿੱਥੋਂ ਵਿਛੜ ਕੇ ਕਿੱਥੇ ਜਾਣਾ ਸੀ ਉਸ ਬਾਰੇ ਕਿਸੇ ਨੂੰ ਨਹੀਂ ਪਤਾ ਸੀ। ਇਨ੍ਹਾਂ ਵਿੱਚੋਂ ਇਕ ਬੱਚੇ ਦੇ ਲੇਖ ਤਾਂ ਦੇਖੋ ਜਿਸ ਨੂੰ ਇਕ ਨਾਬਾਲਗ ਮਾਂ ਨੇ ਜਨਮ ਦਿੱਤਾ, ਇਸ ਤੋਂ ਪਹਿਲਾਂ ਕਿ ਉਸ ਦੇ ਮੱਥੇ ’ਤੇ ਗ਼ੈਰਕਾਨੂੰਨੀ ਹੋਣ ਦਾ ਦਾਗ਼ ਲੱਗਦਾ ਉਸ ਨੂੰ ਹਾਈਕੋਰਟ ਦੇ ਜੱਜ ਨੇ ਗੋਦ ਲੈ ਲਿਆ। ਲੁਧਿਆਣਾ ਦੇ ਰੇਲਵੇ ਸਟੇਸ਼ਨ ਲਾਗੇ ਕੂੜੇ ਦੇ ਢੇਰ ਵਿੱਚੋਂ ਜਦੋਂ ਕਿਸੇ ਬੱਚੇ ਦੇ ਰੋਣ ਦੀ ਆਵਾਜ਼ ਇਕ ਰਾਹਗੀਰ ਦੇ ਕੰਨੀ ਪਈ ਤਾਂ ਉਸ ਨੇ ਉੱਥੋਂ ਦੇ ਲੋਕਾਂ ਦੀ ਮੱਦਦ ਉਸ ਨੂੰ ਫੌਰੀ ਹਸਪਤਾਲ ਪਹੁੰਚਾਇਆ, ਜੋ ਸਿਰਫ਼ 600 ਕਿੱਲੋਗਰਾਮ ਦਾ ਸੀ ਤੇ ਅੱਜ ਕੱਲ੍ਹ ਉਹ ਪੂਰੀ ਤਰ੍ਹਾਂ ਤੰਦਰੁਸਤ ਕਰੀਬ 10 ਕਿੱਲੋ ਦਾ ਹੋ ਗਿਆ ਹੈ ਤੇ ਉਸ ਨੂੰ ਅਮਰੀਕਾ ਦੇ ਇਕ ਗੋਰੇ ਨੇ ਗੋਦ ਲੈ ਲਿਆ ਹੈ। ਅਜਿਹੇ ਹੀ ਹੋਰ ਅਨੇਕਾਂ ਕੇਸ ਸਾਹਮਣੇ ਆਏ ਹਨ ਜਿਨ੍ਹਾਂ ਨੂੰ ਜਨਮ ਦੇਣ ਵਾਲਿਆਂ ਨੇ ਨਕਾਰਿਆ ਪਰ ਉਹ ਹੁਣ ਖ਼ੁਸ਼ੀਆਂ ਭਰਿਆ ਬਚਪਨ ਬਤੀਤ ਕਰ ਰਹੇ ਹਨ। ਇਨ੍ਹਾਂ ਸਾਰਿਆਂ ਬੱਚਿਆਂ ਦਾ ਜੀਵਨ ਸਾਡੇ ਸਭ ਲਈ ਪ੍ਰੇਰਨਾ ਸਰੋਤ ਹੈ ਕਿ ਸਾਡੇ ਹੱਥਾਂ ਵਿਚ ਸਿਰਫ਼ ‘ਅੱਜ’ ਹੈ, ਜਿਸ ਨੂੰ ਵਧੀਆ ਕਰ ਕੇ ਗੁਜ਼ਾਰਾ ਸਾਡੇ ਅਸਲੀ ਫ਼ਰਜ਼ ਅਤੇ ਇਨਸਾਨੀਅਤ ਦਾ ਮੁੱਢਲਾ ਧਰਮ ਹੈ

ਪਰ ਅਫ਼ਸੋਸ ਇਸ ਗੱਲ ਦਾ ਹੈ ਕਿ ਇਸ ਸਭ ਦੇ ਉਲਟ ਦੂਸਰੇ ਪਾਸੇ ਉਹ ਲੋਕ ਹਨ ਜੋ ਸਮੱਸਿਆਵਾਂ ਕਾਰਨ ਖ਼ੂਬਸੂਰਤ ਜ਼ਿੰਦਗੀ ਤੋਂ ਨਿਰਾਸ਼ ਹੋ ਕੇ ਬੈਠ ਜਾਂਦੇ ਹਨ। ਜ਼ਿੰਦਗੀ ਦੀ ਜੰਗ ਜਿੱਤਣ ਵਾਲੇ ਇਨ੍ਹਾਂ ਬੱਚਿਆਂ ਦਾ ਜੀਵਨ ਉਨ੍ਹਾਂ ਲੋਕਾਂ ਲਈ ਖ਼ਾਸ ਤੌਰ ’ਤੇ ਪ੍ਰੇਰਨਾਦਾਇਕ ਹੈ ਜੋ ਸਭ ਕੁਝ ਹੋਣ ਦੇ ਬਾਵਜੂਦ ਵੀ ਨਿਰਾਸ਼ਾ ਭਰਿਆ ਜੀਵਨ ਬਿਤਾ ਰਹੇ ਹਨ। ਜਿਸ ਤਰ੍ਹਾਂ ਮੈਂ ਪਹਿਲਾਂ ਕਹਿ ਚੁੱਕਾ ਹਾਂ ਕਿ ਜ਼ਿੰਦਗੀ ਕਦੇ ਨਹੀਂ ਰੁਕਦੀ। ਹਾਂ ਕਈ ਵਾਰ ਇਹ ਜ਼ਰੂਰ ਹੁੰਦਾ ਹੈ ਕਿ ਕੁਝ ਤੁਹਾਡੀ ਸੋਚ ਤੋਂ ਉਲਟ ਵਾਪਰ ਜਾਂਦਾ ਹੈ ਜਿਸ ਨੂੰ ਆਪਾਂ ਮਾੜਾ ਵਕਤ ਆਖ ਲੈਂਦੇ ਹਾਂ ਪਰ ਲੰਘ ਇਹ ਮਾੜਾ ਵਕਤ ਵੀ ਜਾਂਦਾ ਹੈ ਕਿਉਂਕਿ ਜਦੋਂ ਚੰਗੇ ਸਮੇਂ ਨੂੰ ਕੋਈ ਰੋਕ ਨਹੀਂ ਸਕਿਆ ਤਾਂ ਨਹੀਂ ਰੁਕਣਾ ਮਾੜੇ ਨੇ ਵੀ ਨਹੀਂ, ਜ਼ਰੂਰਤ ਹੈ ਉਸ ਵਕਤ ਆਪਣੇ ਹੌਸਲੇ ਨੂੰ ਬਣਾ ਕੇ ਰੱਖਣ ਦੀ। ਸਾਨੂੰ ਆਪਣੇ ਮਨ ਨੂੰ ਇਸ ਕਦਰ ਕੋਮਲ ਰੱਖਣਾ ਚਾਹੀਦਾ ਹੈ ਕਿ ਜਦੋਂ ਕਦੇ ਪ੍ਰਸਥਿਤੀਆਂ ਸਾਡੀ ਸੋਚ ਦੇ ਵਿਰੁੱਧ ਬਣਨ ਅਸੀਂ ਉਨ੍ਹਾਂ ਨੂੰ ਸਹਿਣ ਕਰ ਸਕੀਏ। ਇਹ ਹੋ ਸਕਦਾ ਹੈ ਕਿ ‘ਅੱਜ’ ਤੁਹਾਡੀ ਸੋਚ ਦੇ ਹਾਣ ਦਾ ਨਾ ਹੋਵੇ ਪਰ ਇਹ ਨਹੀਂ ਹੋ ਸਕਦਾ ਕਿ ਆਉਣ ਵਾਲਾ ਸਮਾਂ ਤੁਹਾਡੀ ਸੋਚ ਮੁਤਾਬਕ ਨਹੀਂ ਹੋਵੇਗਾ। ਆਪਣੀ ਮਿੱਥੀ ਮੰਜ਼ਿਲ ਲਈ ਸਦਾ ਮਿਹਨਤ ਕਰਦੇ ਰਹੋ। ਸੱਚੀ ਲਗਨ ਇਕ ਨਾ ਇਕ ਦਿਨ ਜ਼ਰੂਰ ਤੁਹਾਨੂੰ ਤੁਹਾਡੀ ਮੰਜ਼ਿਲ ’ਤੇ ਲੈ ਪਹੁੰਚੇਗੀ।

ਨਿਰਾਸ਼ ਹੋਣਾ, ਥੱਕ ਹਾਰ ਕੇ ਬੈਠਣਾ ਇਨਸਾਨ ਹਿੱਸੇ ਨਹੀਂ ਆਉਂਦਾ। ਇਨਸਾਨ ਦਾ ਧਰਮ ਹੈ ਸਦਾ ਚਲਦੇ ਰਹਿਣਾ। ਮਾਨਸ ਜਨਮ ਬਹੁਤ ਕੀਮਤੀ ਹੈ ਇਸ ਨੂੰ ਜਾਇਆ ਨਾ ਗਵਾਓ। ਤੁਹਾਡਾ ਆਉਣ ਵਾਲਾ ਕੱਲ੍ਹ ਤੁਹਾਡੇ ਹੱਥ ਵਿਚ ਨਹੀਂ, ਅੱਜ ਜ਼ਰੂਰ ਤੁਹਾਡੇ ਕੋਲ ਹੈ। ਕਿਸੇ ਵਿਦਵਾਨ ਦਾ ਕਹਿਣਾ ਹੈ ਕਿ ਜੇ ਤੁਸੀਂ ਆਉਣ ਵਾਲਾ ਸਮਾਂ ਸੋਹਣਾ ਦੇਖਣਾ ਚਾਹੁੰਦੇ ਹੋ ਤਾਂ ਆਪਣੇ ਅੱਜ ਨੂੰ ਸੋਹਣਾ ਕਰਕੇ ਗੁਜ਼ਾਰੋ। ਹਰ ਇਨਸਾਨ ਨੂੰ ਹਰ ਰੋਜ਼ ਇਕ ਜ਼ਿੰਦਗੀ ਰੂਪੀ ਸਾਫ਼ ਕਾਗ਼ਜ਼ ਮਿਲਦਾ ਹੈ ਇਹ ਉਸ ਇਨਸਾਨ ਦੇ ਹਿੱਸੇ ਹੈ ਉਸ ਨੇ ਇਸ ਕਾਗ਼ਜ਼ ਉੱਤੇ ਕਿਹੋ ਜਿਹੀਆਂ ਲੀਕਾਂ ਵਾਹੁਣੀਆਂ ਹਨ। ਇਨਸਾਨ ਉਸ ਕਾਗ਼ਜ਼ ਉੱਤੇ ਜਿਹੋ ਜਿਹਾ ਲਿਖਦਾ ਹੈ ਓਵੇਂ ਦਾ ਹੀ ਫ਼ਲ ਉਸ ਨੂੰ ਜੀਵਨ ਦੇ ਰੂਪ ਵਿਚ ਮਿਲਦਾ ਹੈ ਜਾਂ ਇੰਝ ਵੀ ਕਹਿ ਸਕਦੇ ਹਾਂ ਕਿਇਨਸਾਨ ਜੋ ਬੀਜਦਾ ਓਹੀ ਵੱਢਦੈ। •

97816-77772



ਰਾਜਿੰਦਰ ਕੌਰ ਚੌਹਕਾ

# ਔਰਤ ਲਈ ਮਾਣ ਵਾਲੀ ਗੱਲ ਹੈ ਸਿਰ ਕੱਜਣਾ

ਇਸਤਰੀਆਂ ਲਈ ਪਰਦਾ, ਬੁਰਕਾ, ਘੁੰਡ, ਹਿਜ਼ਾਬ ਰਾਹੀਂ ਆਪਣਾ ਚਿਹਰਾ ਛੁਪਾਉਣ ਨੇ ? ਮੌਜੂਦਾ ਉਸਾਰੂ ਸੋਚ, ਤਰਕਸ਼ੀਲਤਾ ਅਤੇ ਇਸਤਰੀ ਦੀ ਮਾਣ-ਮਰਿਆਦਾ ਜਿਹੇ ਸਵਾਲਾਂ ਪ੍ਰਤੀ ਸਮਾਜ ਅੰਦਰ ਅੱਜ ! ‘ਇਸਤਰੀ ਅਧਿਕਾਰਾਂ’ ਲਈ ਇਕ ਨਵੀਂ ਚੁਣੌਤੀ ਦੇ ਪ੍ਰਤੀ ਇਕ ਨਵੀਂ ਬਹਿਸ ਛੇੜ ਦਿੱਤੀ ਹੈ ? ਸ੍ਰੀਲੰਕਾ ਵਿਚ ਦਹਿਸ਼ਤਗਰਦੀ ਦੀ ਘਟਨਾ ਤੋਂ ਬਾਅਦ ਬੁਰਕੇ ’ਤੇ ਲੱਗੀ ਪਾਬੰਦੀ ਨੇ ਭਾਰਤ ਵਿਚ ‘ਬੁਰਕਾ ਬਨਾਮ ਘੁੰਡ’ ਨੂੰ ਇਕ ਨਵੇਂ ਵਾਦ-ਵਿਵਾਦ ਨੂੰ ਜਨਮ ਦਿੱਤਾ ਹੈ ਪ੍ਰੰਤੂ ! ਬੁਰਕੇ ’ਤੇ ਪਾਬੰਦੀ ਦੇ ‘ਹੱਕ ਤੇ ਵਿਰੋਧ’ ਵਿਚ ਉੱਠੀ ਬਹਿਸ ਦੇ ਨਾਲ ‘ਆਸਕਰ-ਪੁਰਸਕਾਰ’ ਜਿਤਣ ਵਾਲੇ ਸੰਗੀਤਕਾਰ ਏਆਰਰਹਿਮਾਨ ਦੀ ਲੜਕੀ ‘ਖ਼ਦੀਜ਼ਾ’ ਦੇ ਨਕਾਬ ਪਾਏ ਜਾਣ ਤੇ ਉਸ ਦੀ ਇਹ ਵਾਇਰਲ ਹੋਈ ਤਸਵੀਰ ਨੇ ਬਹਿਸ ਦਾ ਰੁੱਖ ਹੀ ਬਦਲ ਦਿੱਤਾ ਹੈ ! ਇਹ ਸਵਾਲ ਵੀ ਉਭਰ ਕੇ ਸਾਹਮਣੇ ਆਇਆ ਕਿ ਕੀ ਪਰਦੇ ਦੇ ਰਿਵਾਜ ਤੇ ਪਾਬੰਦੀ ਉੱਪਰ ਇਸਤਰੀਆਂ ਦੇ ਅਧਿਕਾਰਾਂ ਦੀ ਉਲੰਘਣਾ ਤਾਂ ਨਹੀਂ ਹੋ ਰਹੀ ਹੈ ? ਜਿਸ ਤਰ੍ਹਾਂ ਕਿ ਪਿੱਛਲੇ ਸਾਲ ‘ਸੰਯੁਕਤ ਰਾਸ਼ਟਰ’ ਦੀ ਮਨੁੱਖੀ ਅਧਿਕਾਰ ਸੰਮਤੀ ਨੇ ਬੁਰਕੇ ਉੱਪਰ ਲਾਈ ਪਾਬੰਦੀ ਨੂੰ ਨਾ-ਬਾਜਵ ਦੱਸਦਿਆਂ ਕਿਹਾ ਸੀ ਕਿ ‘ਇਹ ਨਾ ਸਿਰਫ਼ ਇਸਤਰੀਆਂ ਦੇ ਅਧਿਕਾਰਾਂ ਦੀ ਉਲੰਘਣਾ ਹੈ ਬਲਕਿ ਉਨ੍ਹਾਂ ਦੇ ਧਾਰਮਿਕ-ਵਿਸ਼ਵਾਸ ਨੂੰ ਵੀ ਧੱਕਾ ਲੱਗਦਾ ਹੈ ? ‘ਉੱਥੇ ਹੀ ‘ਅਮੈਨੇਸਟੀ-ਇੰਟਰਨੈਸ਼ਨਲ’ ਵੀ ਬੁਰਕੇ ਦੇ ਰੋਕ ਦੇ ਵਿਰੋਧ ਵਿਚ ਹੈ! ਇਸ ਜਥੇਬੰਦੀ ਦਾ ਇਹ ਵੀ ਮੰਨਣਾ ਹੈ ਕਿ, ‘ਇਸਤਰੀਆਂ ਲਈ ਸਸ਼ਕਤੀਕਰਨ ਦਾ ਉਦੇਸ਼, ਉਨ੍ਹਾਂ ਲਈ ਮੌਜੂਦਾ ਮੌਕਿਆਂ ਨੂੰ ਵਧਾਉਣਾ ਹੈ, ਨਾ ਕਿ ਮੌਜੂਦਾ ਮੌਕਿਆਂ ਨੂੰ ਹੋਰ ਵੀ ਸੀਮਤ ਕਰ ਦੇਣਾ ਹੈ ?’

## ਔਰਤ ਦੀ ਮਰਜ਼ੀ

ਕੇਰਲ ਦੀ ਬਾਡੀ ਬਿਲਡਰ ‘ਮਜੀਜ਼ੀਆ ਭਾਨੂੰ ਦੇ ਮੁਤਾਬਿਕ’ ਜੇਕਰ ਕੋਈ ਇਸਤਰੀ ਆਪਣੇ ਸਰੀਰ ਨੂੰ ਦਿਖਾਉਣ ਲਈ ਆਜ਼ਾਦ ਹੈ ਤਾਂ ਉਸ ਨੂੰ ਆਪਣੇ ਸਰੀਰ ਨੂੰ ਢੱਕਣ ਲਈ ਵੀ ਆਜ਼ਾਦੀ ਚਾਹੀਦੀ ਹੈ ?’ ਇਸ ਤਰ੍ਹਾਂ ਪਰਦੇ ਦਾ ਅਧਿਕਾਰ ਸਿਰਫ਼ ਔਰਤ ਦੀ ਮਰਜ਼ੀ ਤੇ ਹੀ ਛੱਡ ਦੇਣਾ ਮੁਨਾਸਿਬ ਨਹੀ ਹੋਵੇਗਾ? ਅੱਜ ਦੇ ਇਸ ਪ੍ਰਗਤੀਸ਼ੀਲ ਸਮਾਜ ਦਾ ਭਾਵੇਂ! ਇਕ ਵਰਗ ਇਸ ਨੂੰ ਪੁਰਾਣੀ ਪਰੰਪਰਾਵਾਂ ਦੇ ਨਾਲ ਜੋੜ ਕੇ ਦੇਖ ਰਿਹਾ ਹੈ ਪਰ ਵਿਕਾਸਸ਼ੀਲ-ਭਾਰਤ ਤੇ ਅਮਰੀਕਾ ਸਮੇਤ ਕਈ ਵਿਕਸਤ ਦੇਸ਼ਾਂ ਵਿਚ ਵੀ ਉਨ੍ਹਾਂ ਇਸਤਰੀਆਂ ਦੀਆਂ ਉਦਾਹਰਣਾਂ ਸਾਡੇ ਸਾਹਮਣੇ ਹਨ, ਜਿਨ੍ਹਾਂ ਨੇ ਇਸ ਪਰੰਪਰਾ ਨੂੰ ਸਦਾ ਹੀ ਆਪਣੇ ਅਧਿਕਾਰਾਂ ਤਹਿਤ ਨਿਭਾਉਂਦੇ ਹੋਏ ਹਿਜ਼ਾਬ ਪਾ ਕੇ ਸਿਰਫ਼ ਮਾਡਲਿੰਗ ਹੀ ਨਹੀਂ ਕੀਤੀ ਸੀ ? ਬਲਕਿ, ਵਾਕਾਰੀ ‘ਬਾਡੀ ਬਿਲਡਰ ਚੈਂਪੀਅਨ ਪ੍ਰਤੀਯੋਗਤਾ’ ਵਿਚ ਵੀ ਆਪਣੀ ਬੁਲੰਦੀ ਦਾ ਝੰਡਾ ਵੀ ਗੱਡਿਆ। ਕੁਝ ਸਮੇਂ ਪਹਿਲਾਂ ਫਿਲਮ ‘ਦੰਗਲ’ ਵਿਚ ਆਪਣੀ ਭੂਮਿਕਾ ਨਿਭਾ ਚੁੱਕੀ ‘ਜਾਇਰਾ-ਵਸੀਮ’ ਨੇ ਇਹ ਕਹਿ ਕੇ, ਹਿਜ਼ਾਬ ਪਾ ਕੇ ਇਸਤਰੀਆਂ, ਖ਼ੂਬਸੂਰਤ ਅਤੇ ਸੁਤੰਤਰ ਹੁੰਦੀਆਂ ਹਨ।

ਲੋਕਾਂ ਨੂੰ ਸੋਚਣ ਲਈ ਮਜਬੂਰ ਕਰ ਦਿੱਤਾ ਕਿ ਬੁਰਕਾ, ਘੁੰਡ ਜਾਂ ਹਿਜ਼ਾਬ ਇਸਤਰੀਆਂ ਦੀ ਆਜ਼ਾਦੀ ਵਿਚ ਸ਼ਾਮਲ ਹੋਣਾ ਚਾਹੀਦਾ ਹੈ ਜਾਂ ਪਰਦੇ ਨੂੰ ਇਸਤਰੀਆਂ ਦੀ ਆਜ਼ਾਦੀ ਦੇ ਰਾਹ ਵਿਚ ਪਈਆਂ ਬੇੜੀਆਂ ਵਾਂਗ ਦੇਖਣਾ ਚਾਹੀਦਾ ਹੈ ? ਸਮੇਂ ਦੀ ਮੰਗ ਇਹ ਹੈ, ‘ਕਿ ਇਸ ਲਈ ਫ਼ੈਸਲਾ ਲੈਣ ਦਾ ਅਧਿਕਾਰ ਇਸਤਰੀ ਉੱਪਰ ਛੱਡ ਦੇਣਾ ਚਾਹੀਦਾ ਹੈ। ਆਪਣੇ ਹਾਲਾਤ ਮੁਤਾਬਿਕ ਸੋਚ ਕੇ ਉਹ ਸਭ ਕੁਝ ਤੈਅ ਕਰੇ ਕਿ, ਕੀ ਪਰਦਾ ਉਸ ਦੀ ਪੁਰਾਤਨ ਹੋ ਰਹੀ ਸੰਸਕ੍ਰਿਤੀ ਦਾ ਇਕ ਹਿੱਸਾ ਹੈ? ਜਾਂ ਉਸ ਦੀ ਆਜ਼ਾਦੀ ਜਾਂ ਉਸ ਦੇ ਵਿਅਕਤੀਤਵ ਦੇ ਰਸਤੇ ਵਿਚ ਰੌੜਾ ਹੈ ?’ ਕਿਉਂਕਿ ਭਾਰਤ ਵਿਚ ਘੁੰਡ ਜਿੱਥੇ ਇਕ ਸੰਸਕ੍ਰਿਤੀ ਨਾਲ ਜੁੜੀ ਹੋਈ ਪਰੰਪਰਾਂ ਹੀ ਨਹੀਂ? ਸਗੋਂ ਇਹ ਇਕ ਗ਼ੁਲਾਮੀ ਦਾ ਵੀ ਪ੍ਰਤੀਕ ਹੈ ?’

## ਪੀੜ੍ਹੀ-ਦਰ ਪੀੜ੍ਹੀ ਚਲਣ ਵਾਲੀ ਗ਼ੁਲਾਮੀ

ਪਰਦਾ ਪੀੜ੍ਹੀ-ਦਰ ਪੀੜ੍ਹੀ ਚਲਣ ਵਾਲੀ ‘ਗ਼ੁਲਾਮੀ’ ਦੀ ਇਕ ਲਕੀਰ ਵੀ ਹੈ, ਜੋ ਅੱਗੋਂ ਇਹੋ ਜਿਹੀ ਪਰੰਪਰਾ ਰੂਪ ਧਾਰ ਗਈ, ‘ਜਿੱਥੇ ਆਪਣੇ ਤੋਂ ਵੱਡਿਆਂ ਦਾ ਆਦਰ ਕਰਨ ਦੇ ਰੂਪ ਵਿਚ ਦੇਖਿਆ ਜਾਂਦਾ ਸੀ ਅਤੇ ਸਿਰ ਢੱਕ ਕੇ ਰੱਖਣ ਦੀ ਪਰੰਪਰਾ ਚਲਦੀ ਹੀ ਰਹੀ। ਸਾਮੰਤਵਾਦੀ ਅਤੇ ਗ਼ੁਲਾਮਦਾਰੀ ਦੌਰ ਅੰਦਰ ਕੁਝ ਇਸਤਰੀਆਂ ਦੀਆਂ ਉਦਾਹਰਨਾਂ ਵੀ ਮਿਲਦੀਆਂ ਹਨ, ਜਿੱਥੇ ਅਮੀਰ ਘਰਾਂ ਦੀਆਂ ਇਸਤਰੀਆਂ ਅਪਾਣੀ ‘ਸੁੰਦਰਤਾ ਨੂੰ ਛੁਪਾਉਣ ਤੇ ਆਬਰੂ (ਇੱਜ਼ਤ) ਬਣਾਈ ਰੱਖਣ ਲਈ ਪਰਦੇ ਦਾ ਸਹਾਰਾ ਲੈਂਦੀਆਂ ਸਨ। ਅਰਬ ਦੇਸ਼ਾਂ ਵਿਚ ਵੀ ਰੇਤਾ, ਧੂੜ ਤੇ ਧੁੱਪ ਤੋਂ ਆਪਣੇ ਵਾਲਾਂ (ਸਿਰ) ਤੇ ਚਮੜੀ ਨੂੰ ਬਚਾਉਣ ਲਈ ਇਸਤਰੀਆਂ ਸਿਰ ਤੇ ਚਿਹਰੇ ਨੂੰ ਕੱਪੜੇ ਨਾਲ ਬੰਨ੍ਹ ਕੇ ਰੱਖਦੀਆਂ ਸਨ। ਅੱਜ ਇਸ ਦਾ ਬਦਲਿਆ ਹੋਇਆ ਰੂਪ ਸਾਡੇ ਸਾਹਮਣੇ ਹੈ। ਹੱਥਾਂ ਤੇ ਚਿਹਰੇ ਦੀ ਸੁਰੱਖਿਆ ਦੇ ਤੌਰ ’ਤੇ ਹਿਜ਼ਾਬ, ਸਕਾਰਫ਼, ਚੁੰਨੀ ਜਿਹੇ ਕਪੜੇ ਪਹਿਨੇ ਦੇਖਣ ਨੂੰ ਮਿਲਦੇ ਹਨ।

## ਦਾਰਸ਼ਨਿਕ ਅਤੇ ਇਤਿਹਾਸਕਾਰ

ਗਰੀਕ ਦਾਰਸ਼ਨਿਕ ਅਤੇ ਇਤਿਹਾਸਕਾਰ ਸਤਾਬੋ ਨੇ ਵੀ ਪਹਿਲੀ ਸਦੀ ਵਿਚ ਮੱਧ ਦੁਨੀਆ ਦੇ ਦੇਸ਼ਾਂ ਵਿਚ ਇਸਤਰੀਆਂ ਵੱਲੋਂ ਆਪਣਾ ਚਿਹਰਾ ਢੱਕਣ ਦਾ ਜ਼ਿਕਰ ਕੀਤਾ ਹੈ। ਉੱਥੇ ਹੀ ਉੱਚ ਵਰਗ ਦੇ ਅਮੀਰ ਲੋਕਾਂ ਵਿਚ ਇਸਤਰੀਆਂ ਨੇ ਪਰਦੇ ਦੀ ਰੀਤ ਇੱਜ਼ਤ ਦੇ ਤੌਰ ’ਤੇ ਵੀ ਕੀਤੀ। ਕੁਝ ਵਰਗਾਂ ਵਿਚ ਚਿਹਰੇ ਨੂੰ ਠੀਕ ਤਰ੍ਹਾਂ ਬਣਾਈ ਰੱਖਣ ਲਈ ਬੜੀ ਹੀ ਸਖ਼ਤਾਈ ਨਾਲ ਮੂੰਹ ਢੱਕਣ ਦੀ ਪਾਲਣਾ ਕੀਤੀ ਗਈ। ਆਚਾਰੀਆ ਨਰਾਇਣ ਦੱਤ ਤਿਵਾਰੀ, ਸ਼ਾਸਤਰੀ, ਰਾਮ ਚਰਿਤ੍ਰਮਾਨਸ ਨੇ ਇਕ ਅਧਿਆਏ ਦਾ ਜ਼ਿਕਰ ਕਰਦਿਆਂ ਕਹਿੰਦੇ ਹਨ ਕਿ ਇਸ ਤਰ੍ਹਾਂ ਦੇ ਸਿਰ ਢੱਕਣ ਦਾ ਰਿਵਾਜ ਪੁਰਾਣਾ ਹੈ ? ਰਮਾਇਣ ਵਿਚ ਜਦੋਂ ਰਾਮ ਚੰਦਰ ਤੇ ਸੀਤਾ ਬਨਵਾਸ ਜਾ ਰਹੇ ਸੀ ਤਾਂ ਰਸਤੇ ਵਿਚ ਇਸਤਰੀਆਂ ਨੇ ਸੀਤਾ ਤੋਂ ਰਾਮਚੰਦਰ ਵਾਰੇ ਪੁੱਛਿਆ ਤਾਂ ਪਹਿਲਾਂ ਸੀਤਾ ਨੇ ਆਪਣੀ ਚੁੰਨੀ ਨੂੰ ਮੱਥੇ ਤੋਂ ਥੱਲੇ ਸਰਕਾ ਕੇ ਘੁੰਡ ਕੱਢਿਆ ਅਤੇ ਸਿਰ ਨੂੰ ਨੀਵਾਂ ਕਰ ਕੇ ਇਸ਼ਾਰਾ ਕਰ ਕੇ ਉਸ ਦਾ ਪਤੀ ਹੋਣ ਦਾ ਸਬੂਤ ਦਿੱਤਾ। ਉੱਥੇ ਤਾਂ ਉਸ ਸਮੇਂ ਕੋਈ ਵੀ ਸਿਆਣਾ ਬਜ਼ੁਰਗ ਨਹੀਂ ਸੀ ? ਲੇਕਿਨ ਆਦਰ ਕਰਦਿਆਂ ਆਪਣੇ ਰਿਸ਼ਤੇ ਵਾਰੇ ਦੱਸਣ ਲਈ ਸੀਤਾ ਨੇ ਆਪਣਾ ਸਿਰ ਢੱਕਿਆ। ਇਸ ਤਰ੍ਹਾਂ ਪਰਦਾ ਕਰਨਾ, ਇਕ ਘ੍ਰਿਣਾ ਕਰਕੇ ਨਹੀਂ ਕੀਤਾ। ਇਸ ਨੂੰ ਤਰਕ ਨਾਲ ਦੇਖਣਾ ਪਏਗਾ ਕਿ ਇਹ ਇਕ ਮਰਿਯਾਦਾ ਦੇ ਤੌਰ ’ਤੇ ਕੀਤਾ ਗਿਆ ਸੀ।

## ਸੁਆਣੀ ਦਾ ਰੁਤਬਾ

ਵਿਆਹ ਉਪਰੰਤ ਸੁਆਣੀ ਦਾ ਰੁਤਬਾ ਆਦਿਕਾਲ ਸਮੇਂ ਵਿਆਹ ਤੋਂ ਬਾਅਦ ਵੀ ਸੁਆਣੀ ਪਰਦੇ ਵਿਚ ਰਹਿਣਾ ਪਸੰਦ ਕਰਦੀ ਸੀ। ਭਵ ਭੂਤੇ ਅਤੇ ਮਾਘ ਦੀਆਂ ਰਚਨਾਵਾਂ ਵਿਚ ਵੀ ਪਰਦੇ ’ਚ ਰਹਿ ਕੇ ਚੱਲਣ ਦੇ ਰਿਵਾਜ ਬਾਰੇ ਪਤਾ ਚਲਦਾ ਹੈ। ਉੱਥੇ ਹੀ ਬਾਲਮੀਕ ਰਮਾਇਣ ਵਿਚ ਵੀ ਘੁੰਡ ਵਾਰੇ ਜਾਣਕਾਰੀ ਕਈ ਵਾਰੀ ਦਿੱਤੀ ਗਈ ਹੈ। ਇਸ ਤਰ੍ਹਾਂ ਇਕ ਜਗਾ ਕਿਹਾ ਗਿਆ ਹੈ ਕਿ ਹੇ ਪ੍ਰਭੂ ਮੇਰੇ ਮੂੰਹ ਤੇ ਘੁੰਡ ਨਹੀਂ ਹੈ। ਮੈਂ ਆਪਣੇ ਪਿੰਡ ਤੋਂ ਪੈਦਲ ਚੱਲ ਕੇ ਇੱਥੇਂ ਆਈ ਹਾਂ। ਇਹੋ ਜਿਹੀ ਅਵਸਥਾ ਵਿਚ ਦੇਖ ਕੇ ਤੁਸੀਂ ਮੈਨੂੰ ਕ੍ਰੋਧਿਤ ਕਿਉਂ ਨਹੀਂ ਹੁੰਦੇ? ਘੁੰਡ ਇਕ ਆਪਣੀ ਮਰਜ਼ੀ ਨਾਲ ਕੱਢਿਆ ਜਾਂਦਾ ਹੈ, ਨਾ ਕਿ ਘੁੰਡ ਕੱਢਣ ਲਈ ਮਜਬੂਰ ਕੀਤਾ ਗਿਆ ? ਇਹ ਪ੍ਰਾਚੀਨ ਕਾਲ ਤੋਂ ਹੀ ਰੀਤ ਚਲਦੀ ਆਈ ਹੈ। ਜੇਕਰ ਪੁਰਾਣੀਆਂ ਕਥਾਵਾਂ ਨੂੰ ਖੋਜਿਆ ਜਾਵੇ ਤਾਂ ਇਸਤਰੀ ਪੁਰਸ਼ ਦੋਵੇਂ ਹੀ ਸਿਰ ਢੱਕਣ ਲਈ ਮੁਕਟ ਪਾਉਂਦੇ ਸਨ।

ਦਰਅਸਲ ਇਸ ਤਰ੍ਹਾਂ ਸਿਰ ਢੱਕਣ ਦੇ ਪਿੱਛੇ ਇਕ ਵਿਗਿਆਨਕ ਤਰਕ ਇਹ ਵੀ ਦਿੱਤਾ ਜਾਂਦਾ ਹੈ ਕਿ ਇਸ ਨਾਲ ਮਸਤਿਕ ਨੂੰ ਇਕਾਗਰਤਾ ਨਾਲ ਰੱਖਣ ’ਚ ਮਦਦ ਮਿਲਦੀ ਹੈ। ਉੱਤਰੀ ਭਾਰਤ ਅੰਦਰ ਘੁੰਡ ਇਕ ਪਰਦਾ ਅਤੇ ਸਰੀਰ ਨੂੰ ਕੱਜਣਾ (ਢੱਕ ਕੇ ਰੱਖਣਾ) ਇਕ ਰੀਤ ਸੀ। ਬਾਅਦ ’ਚ ਮਗ਼ਲਾਂ ਦੇ ਆਉਣ ਨਾਲ ਇਕ ਰਵਾਇਤੀ, ਧਾਰਮਿਕ ਰਸਮ ਵਜੋਂ ਇਸਤਰੀ ਲਈ ਇਕ ਬੇੜੀ, ਬੰਦਸ਼ ਬਣ ਗਈ ? ਜੋ ਅੱਜ ਤਕ ਜਾਰੀ ਹੈ।

## ਇਨਕਲਾਬ ਦੀ ਗੱਲ

ਕਵੀਆਂ ਤੇ ਸ਼ਾਇਰਾਂ ਨੇ ਵੀ ਘੁੰਡ ਬਨਾਮ ਪਰਦੇ ਨੂੰ ਔਰਤਾਂ ਦੀ ਸੁੰਦਰਤਾ ਨਾਲ ਜੋੜਿਆ ਹੈ। ਭਗਤ ਕਬੀਰ ਜੀ ਨੇ ਇਸ ਨੂੰ ਰੂਹਾਨੀਅਤ ਨਾਲ ਜੋੜ ਕੇ ਦੇਖਿਆ ਹੈ। ਇਨਕਲਾਬ ਦੀ ਗੱਲ ਕਰਦੇ ਹੋਏ ਮਜਾਜ਼ ਨੇ ਇਸ ਰਾਹੀਂ ਬਗ਼ਾਵਤ ਦੀ ਗੱਲ ਕੀਤੀ ਹੈ, ‘ਤੇਰੇ ਮਾਥੇ ਪੇ ਯਹ ਆਂਚਲ ਸੇ ਇਕ ਪਰਚਮ ਬਨਾ ਲੇਤੀ ਤੋ ਅੱਛਾ ਥਾ?’ ਸਿੱਖ ਧਰਮ ਅੰਦਰ ਘੁੰਡ ਨੂੰ ਕੋਈ ਮਾਨਤਾ ਨਹੀ ਦਿੱਤੀ ਗਈ ਹੈ। ਮੁਗ਼ਲ ਕਾਲ ਵੇਲੇ, ਮੁਗ਼ਲ ਵਧੀਕੀਆਂ ਕਰਕੇ ਲੜਕੀਆਂ ਦੇ ਕੰਨ, ਨੱਕ ਵਿੰਨਣੇ ਅਤੇ ਘੁੰਡ ਕੱਢਣਾ ਇਸਤਰੀਆਂ ਲਈ ਇਕ ਬਚਾਅ ਦਾ ਢੰਗ-ਤਰੀਕਾ ਸੀ। ਜੋ ਹੌਲੀ-ਹੌਲੀ ਖ਼ਤਮ ਹੋ ਗਿਆ। ਸਿੱਖ ਇਤਿਹਾਸ ਅੰਦਰ ਕਈ ਜੁਝਾਰੂ ਇਸਤਰੀਆਂ ਸਾਹਮਣੇ ਆਈਆਂ ਹਨ, ਜਿਨ੍ਹਾਂ ਨੇ ਹਾਕਮਾਂ ਦੇ ਜ਼ੁਲਮਾਂ ਵਿਰੁੱਧ ‘ਮਰਦਾਨਾ’ ਭੇਸ ਧਾਰ ਕੇ ਲੜਾਈ ਲੜੀ ! ਬਰਤਾਨਵੀ ਸਾਮਰਾਜ ਵਿਰੁੱਧ ਕਈ ਇਸਤਰੀਆਂ ਆਜ਼ਾਦੀ ਦੀ ਜੰਗ ਅੰਦਰ ਵੀ ਘੁੰਡ ਕੱਢ ਕੇ ਮੈਦਾਨੇ ਜੰਗ ਵਿਚ ਨਿੱਤਰੀਆਂ। ਕਿਹਾ ਇਹ ਵੀ ਜਾਂਦਾ ਹੈ ਕਿ ਇਸਤਰੀਆਂ ਘੁੰਡ ਆਪਣੀ ਸੁੰਦਰਤਾ ਨੂੰ ਛੁਪਾਣ ਲਈ ਵੀ ਕੱਢਦੀਆਂ ਸਨ? ਇਹੀ ਕਾਰਨ ਹੈ ਕਿ ਰੂਪ-ਸੁੰਦਰਤਾ ਦੇ ਵਾਰੇ ਘੁੰਡ ਦਾ ਜ਼ਿਕਰ ਵਾਰ-ਵਾਰ ਕਵੀਆਂ ਵੱਲੋਂ ਕੀਤਾ ਗਿਆ ਹੈ।

ਚਾਹੇ ਕਵੀ ਹਰੀ ਰਾਮ ਵਿਆਸ ਹੋਵੇ, ਜਾਂ ਕਾਲੀਦਾਸ ਹੋਵੇ। ਇਹੀ ਕਾਰਨ ਹੈ ਕਿ ਇਨ੍ਹਾਂ ਕਵੀਆਂ ਨੇ ਘੁੰਡ ਨੂੰ ਇਕ ਸੁੰਦਰਤਾ ਦੇ ਪ੍ਰਤੀਕ ਵਜੋਂ ਪੇਸ਼ ਕੀਤਾ ਹੈ।

## ਅਗਾਂਹ-ਵਧੂ ਸਮਾਜ

ਅਗਾਂਹ-ਵਧੂ ਆਧੁਨਿਕ ਸਮਾਜ ਅੰਦਰ, ਇਸਤਰੀਆਂ ਨੇ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕ ਹੋ ਕੇ ਆਪਣੇ ਹੱਕਾਂ ਪ੍ਰਤੀ ਸੰਘਰਸ਼ ਕੀਤੇ ਹਨ। ਭੂਤ ਤੇ ਵਰਤਮਾਨ ਸਮੇਂ ਦੀਆਂ, ਦਮ ਘੁੱਟਣ ਵਾਲੀਆਂ, ਇਸਤਰੀ ਵਰਗ-ਵਿਰੋਧੀ ਪਰੰਪਰਾਵਾਂ ਤੋਂ ਛੁਟਕਾਰਾ ਪਾਉਣ ਲਈ ਅਤੇ ਨਵੀਆਂ ਪਰੰਪਰਾਵਾਂ ਨੂੰ ਬਣਾਉਣ ਤੇ ਅਪਨਾਉਣ ਲਈ ਵੀ ਅੱਜ ਸਾਡੇ ਸਾਹਮਣੇ ਅਗਾਂਹ-ਵਧੂ ਇਸਤਰੀਆਂ ਦੀਆਂ ਮਿਸਾਲਾਂ ਹਨ ? ਜਿਨ੍ਹਾਂ ਨੇ ਆਪਣੀਆਂ ਇਨਕਲਾਬੀ ਪਰੰਪਰਾਵਾਂ ਰਾਹੀਂ ਸਮਾਜ ਅੰਦਰ ਇਸਤਰੀ ਵਰਗ ਨੂੰ ਬਰਬਰਤਾ ਦੇਣ ਲਈ ਉਹ, ਉਨ੍ਹਾਂ ਸਥਾਨਾਂ ਤੇ ਪਹੁੰਚੀਆਂ, ਜਿੱਥੇ ਬਹੁਤ ਹੀ ਘੱਟ ਉਮੀਦ ਰੱਖੀ ਜਾਂਦੀ ਸੀ। ਇਸ ਦੀ ਮਿਸਾਲ ਸਾਡੇ ਸਾਹਮਣੇ ਪੇਸ਼ ਹੈ।

## ਅਨੋਖੀ ਮਿਸਾਲ

ਇਕ ਖ਼ਬਰ ਮੁਤਾਬਿਕ ਪਿਛਲੇ ਸਾਲ ਕੇਰਲ ਦੀ ਹਿਜ਼ਾਬ ਪਾਉਣ ਵਾਲੀ, ਬਹਾਦਰ ਤੇ ਦਲੇਰਾਨਾ ਇਸਤਰੀ ‘ਬਾਡੀ-ਬਿਲਡਰ ਮਜ਼ੀਜ਼ੀਆ-ਭਾਨੂੰ ਨਾਂ ਸਿਰਫ਼ ਹਿਜ਼ਾਬ ਪਾ ਕੇ ਰਿੰਗ ਵਿਚ ਉੱਤਰੀ, ਬਲਕਿ ਬਾਡੀ ਬਿਲਡਰ ਚੈਂਪੀਅਨ ਪ੍ਰਤਿਯੋਗਤਾ ਵਿਚ ਹਿੱਸਾ ਲਿਆ ਅਤੇ ਜਿੱਤ ਵੀ ਪ੍ਰਾਪਤ ਕੀਤੀ। ਇੱਥੇ ਹੀ ਬਸ ਨਹੀ ? ਬ੍ਰਿਟਿਸ਼ ਦੀ ਸੁੰਦਰਤਾ ਦੀ ਬਲਾਗਰ ਅਤੇ ਮਾਡਲ ਅਮੀਨਾ ਖਾਨ ਨੇ ਵੀ ਅਪਾਣੀਆਂ ਪਰੰਪਰਾਵਾਂ ਨੂੰ ਕਾਇਮ ਰੱਖਦਿਆਂ ਇਕ ਅਨੋਖੀ ਮਿਸਾਲ ਪੇਸ਼ ਕੀਤੀ। 2018 ’ਚ ਉਸ ਨੇ ਫਰਾਂਸੀਸੀ ਸੁੰਦਰਤਾ ਪ੍ਰਸਥਾਨ ਕੰਪਨੀ ਲਾਰਿਆਲ ਦੇ ਵਿਗਿਆਪਨ ਦੇ ਲਈ ਹਿਜ਼ਾਬ ਪਾਉਣ ਵਾਲੀ ਪਹਿਲੀ ਇਸਤਰੀ ਮਾਡਲ ਦੇ ਤੌਰ ’ਤੇ ਚੁਣੀ ਗਈ ? ਇਹੋ ਜਿਹੀ ਹੀ ਇਕ ਹੋਰ ਮਿਸਾਲ ਅਮਰੀਕੀ ਮਾਡਲ ਹਲੀਮਾਅਡੇਨ ਨੇ ਅਮਰੀਕਾ ਪੱਤਿਰਕਾ ਸਪੋਰਟਸ ਇਲੈਸਟਰਡ ਦੇ ਲਈ ਹਿਜ਼ਾਬ, ਬੁਕਰੀਨੀ ਪਾਉਣ ਵਾਲੀ ਮਾਡਲ ਬਣ ਕੇ ਇਕ ਇਤਿਹਾਸ ਸਿਰਜ ਦਿੱਤਾ ? ਇਸੇ ਤਰ੍ਹਾਂ ਪਿਛਲੇ ਸਾਲ ਅਮਰੀਕਾ ਵਿਚ ਹੋਈਆਂ ਮੱਧਕਾਲੀ ਚੋਣਾਂ ਵਿਚ ਜਿੱਤਣ ਵਾਲੀ ਇਲਹਾਨ ਨੇ ਹਿਜ਼ਾਬ ਪਾ ਕੇ ਸੌਂਹ ਚੁੱਕਣ ਵਾਲੀ ਪਹਿਲੀ ਮੁਸਲਿਮ ਇਸਤਰੀ ਬਣ ਕੇ ਇਤਿਹਾਸ ਰਚਿਆ। ਜਿਸ ਦੀ ਚਰਚਾ ਅੱਜ ਤੱਕ ਹੁੰਦੀ ਹੈ।

ਬੁੰਦੇਲਖੰਡ ਦੇ ਮੁਸਕਰਾ ਇਲਾਕੇ ਦੇ ਲੋਦੀਪੁਰ ਨਿਵਾਦਾ ਪਿੰਡ ਘੁੰਡ ਵਾਲੀਆਂ ਔਰਤਾਂ ਦੀ ਕੁਸ਼ਤੀ ਲਈ ਹੀ ਪ੍ਰਸਿੱਧ ਹੈ। ਰੱਖੜੀ ਤੋਂ ਇਕ ਦਿਨ ਬਾਅਦ ਹੋਣ ਵਾਲੀ ਕੁਸ਼ਤੀ ਦੇ ਆਯੋਜਨ ਵਿਚ ਸੈਂਕੜਿਆਂ ਦੀ ਗਿਣਤੀ ਵਿਚ ਇਸਤਰੀਆਂ ਘੁੰਡ ਕੱਢ ਕੇ ਅਖਾੜੇ ਵਿਚ ਉਤਰਦੀਆਂ ਹਨ। ਸਾਨੂੰ ਇਸ ਦਾ ਇਤਿਹਾਸਕ ਪਿਛੋਕੜ ਵੀ ਦੇਖਣਾ ਪਏਗਾ ? ਦਰ-ਅਸਲ ਅਗਰੇਜ਼ੀ ਰਾਜ ਸਮੇਂ, ਇਸ ਰਸਮ ਘੁੰਡ, ਬੁਰਕਾ ਹਿਜ਼ਾਬ ਦੀ ਸ਼ੁਰੂਆਤ ਅੰਗਰੇਜ਼ ਫ਼ੌਜ ਦੇ ਖਿਲਾਫ਼ ਇਸਤਰੀਆਂ ਨੂੰ ਲੜਨ ਦੇ ਲਈ ਤਿਆਰ ਕਰਨ ਲਈ ਹੀ ਕੀਤੀ ਗਈ ਸੀ ! ਪ੍ਰੰਤੂ ਇਹ ਰਸਮ ਅੱਜ ਵੀ 21ਵੀਂ ਸਦੀ ਵਿਚ ਵੀ, ਇਸਤਰੀ ਦੇ ਸਸ਼ਤਰੀਕਰਨ ਦੇ ਲਈ ਇਕ ਲਾ-ਮਿਸਾਲ, ਅਹਿਮ ਉਦਾਹਰਣ ਦੇ ਤੌਰ ’ਤੇ ਜਾਰੀ ਹੈ। ਇਹੋ ਜਿਹੀ ਹੀ ਇਕ ਬਹਾਦਰੀ ਦੀ ਮਿਸਾਲ ਸਾਡੇ ਸਾਹਮਣੇ ਹੈ ਭੂਪਾਲ ਵਿਚ ਬੁਰਕੇ ਤੇ ਹਿਜ਼ਾਬ ਦੇ ਵਿਚ ਹੀ ਇਸਤਰੀਆਂ ਵੱਲੋਂ ਜਿੰਮ ਵਿਚ ਜਾ ਕੇ ਕਸਰਤ ਕਰਨ ਦੀ ਹੈ। ਮੁਸਲਿਮ ਸਮਾਜ ਦੀਆਂ ਇਹੋ ਜਿਹੀਆਂ ਪ੍ਰਗਤੀਸ਼ੀਲ, ਅਗਾਂਹ-ਵਧੂ ਇਸਤਰੀਆਂ ਨੂੰ ਆਪਣੇ-ਆਪ ਨੂੰ ਫਿੱਟ ਰੱਖਣ ਲਈ ਪਰਦਾ ਉਨ੍ਹਾਂ ਲਈ ਕੋਈ ਬੰਦਿਸ਼ ਨਹੀਂ ਹੈ?

## ਅਧਿਕਾਰਾਂ ਦਾ ਹਨਨ

ਪਰਦਾ, ਹਿਜ਼ਾਬ, ਬੁਰਕਾ, ਘੁੰਡ ਆਦਿ ਕਿਸੇ ਧਰਮ, ਆਸਥਾ ਅਧੀਨ ਇਕ ਬੰਦਿਸ਼ ਵਜੋਂ ਜੋ ਗ਼ੁਲਾਮੀ, ਔਰਤਾਂ ਦੇ ਦੂਸਰੇ ਦਰਜੇ ਦੀ ਨਾਗਰਿਕ ਲਈ ਅਤੇ ਹੀਨ ਬਣਾਉਣ ਲਈ ਇਕ ਚਿੰਨ੍ਹ ਬਣੇ ? ਉਹ ਔਰਤਾਂ ਦੇ ਅਧਿਕਾਰਾਂ ਦਾ ਹਨਨ ਹੈ ? ਇਸਤਰੀ ਦੀ ਆਪਣੀ ਸ਼ਖ਼ਸੀ-ਅਜ਼ਾਦੀ, ਉਸ ਨੂੰ ਮਰਦ ਦੇ ਬਰਾਬਰਤਾ ਦੇ ਅਧਿਕਾਰਾਂ ਅਤੇ ਸਮਾਜ ਅੰਦਰ ਇਕ ਮੁਕੰਮਲ ਨਾਗਰਿਕ ਵੱਲੋਂ ਉਸ ਦੇ ਹੱਕਾਂ ਤੇ ਕੋਈ ਰੋਕ ਨਾ ਲਾਵੇ ? ਉਹੀ ਰਿਵਾਜ, ਪਰੰਪਰਤਾ ਅਤੇ ਪ੍ਰਥਾ, ਰਿਵਾਜ ਨੂੰ ਹੰਢਣਸਾਰ ਕਿਹਾ ਜਾ ਸਕਦਾ ਹੈ। ਪਰ ਜੋ ਰੀਤੀ-ਰਿਵਾਜ ਉਸ ਦੇ ਹੱਕਾਂ, ਅਜ਼ਾਦੀ ਅਤੇ ਵਿਚਰਨ ’ਚ ਰੋਕਾਂ ਪੈਦਾ ਕਰੇ, ਇਸਤਰੀ ਨੂੰ ਹੀਣ ਭਾਵਨਾ ਦੇ ਪ੍ਰਭਾਵ ਹੇਠ ਲਿਆਵੇ, ਉਹ ਰੀਤੀ-ਰਿਵਾਜ ਕਦੀ ਵੀ ਮੰਨਣਯੋਗ ਨਹੀਂ ਹਨ। ਸਮਾਜ ਅੰਦਰ ਇਸਤਰੀ ਦੀ ਬਰਾਬਰਤਾ ਲਈ ਬਹੁਤ ਸਾਰੀਆਂ ਉਹ ਰੋਕਾਂ ਜੋ ਸਾਮੰਤਵਾਦ ਤੋਂ ਚੱਲ ਕੇ ਪੂੰਜੀਵਾਦ ਨੇ ਆਪਣੇ ਹਿੱਤ ਲਈ ਖੜ੍ਹੀਆਂ ਕੀਤੀਆਂ ਹਨ ਉਹ ਜ਼ਰ-ਜ਼ਰ ਕਰ ਕੇ ਹੌਲੀ-ਹੌਲੀ ਖ਼ਤਮ ਤਾਂ ਹੋਣਗੀਆਂ ।

## ਬਰਾਬਰੀ ਦੇ ਸਿਧਾਂਤ

ਲਿੰਗਕ ਬਰਾਬਰੀ ਦੇ ਸਿਧਾਂਤ ਅਤੇ ਸਮਾਜਿਕ ਨਿਆਂ ਅਧੀਨ ਇਸਤਰੀ-ਵਰਗ ਨੂੰ ਮਰਦ ਦੇ ਬਰਾਬਰ, ਹਰ ਤਰ੍ਹਾਂ ਦੇ ਅਧਿਕਾਰ ਦੇਣ, ਪਿਛਾਂਹ-ਖਿਚੂ, ਫਿਰਕੂ ਅਤੇ ਹਨੇਰ ਬਿਰਤੀ-ਵਾਦੀ ਪ੍ਰਭਾਵਾਂ ਨੂੰ ਰੋਕਣ ਤੇ ਲੋਕ ਕਲਾਵਾਂ ਅਤੇ ਪਰੰਪਰਾਵਾਂ ਨੂੰ ਪ੍ਰਫੁਲਤ ਕਰਨਾ ਚਾਹੀਦਾ ਹੈ।

ਧਾਰਮਿਕ-ਵਿਸ਼ਵਾਸਾਂ ਅਤੇ ਪ੍ਰੰਪਰਾਵਾਂ ਦੇ ਕਿਸੇ ਵੀ ਪਰਦੇ ਅੰਦਰ ਇਸਤਰੀਆਂ ਦੇ ਜਨ ਸਮੂਹਾਂ ਵਿਚ ਘੱਸੇ-ਪਿੱਟੇ ਜਾਗੀਰੂ ਸੰਸਕਰਨਾਂ ਰਾਹੀਂ ਇਸਤਰੀਆਂ ਦੀ ਬਰਾਬਰਤਾ ਦਾ ਦਰਜਾ ਘਟਾਉਣ ਅਤੇ ਉਸ ਦੇ ਨਾਗਰਿਕ ਅਧਿਕਾਰਾਂ ਨੂੰ ਦੋਹਾਂ ਪਾਸਿਆਂ ਤੋਂ ਨਿਸ਼ਾਨਾ ਬਣਾਉਣ ਦੀ ਕਿਸੇ ਤਰ੍ਹਾਂ ਦੀ ਕੋਸ਼ਿਸ਼ ਕਦੀ ਵੀ ਨਾ ਪ੍ਰਵਾਨ ਅਤੇ ਨਾ ਹੀ ਲਾਗੂ ਕਰਨ ਦੀ ਆਗਿਆ ਦਿੱਤੀ ਜਾਵੇਗੀ। ਉਹ ਕੋਈ ਵੀ ਕਾਰਵਾਈ, ਸੋਚ ਅਤੇ ਆਡੰਬਰ, ਜਿਹੜਾ ਵੀ ਇਸਤਰੀ ਦੀ ਮਾਣ-ਮਰਿਆਦਾ, ਰੁਤਬੇ ਅਤੇ ਉਸ ਦੇ ਹੱਕਾਂ ਨੂੰ ਆਂਚ ਪਹੁੰਚਾਵੇ, ਸਮਾਜਿਕ ਤੌਰ ’ਤੇ ਪ੍ਰਵਾਨ ਨਹੀ ਹੋਣੇ ਚਾਹੀਦੇ। •



### ਚੁੰਨੀ ਲੈਣਾ ਜਾਂ ਪਰਦਾ ਕਰਨਾ

*ਪਾਕਿਸਤਾਨ ਦੀ ਸਾਬਕਾ ਵਿਦੇਸ਼-ਮੰਤਰੀ ਹਿਨਾ-ਰਬਾਨੀ-ਖਾਰ ਹੋਵੇ ਜਾਂ ਫਿਲਮਾਂ ’ਚ ਕੰਮ ਕਰਨ ਵਾਲੀਆਂ ਹਸਤੀਆਂ ਹੋਣ, ਇਸਾਈ, ਸਿੱਖ, ਹਿੰਦੂ ਧਰਮ ਦੀਆਂ ਲੜਕੀਆਂ ਵੀ ਵਿਆਹਾਂ ਤੇ ਹੋਰ ਖ਼ਾਸ ਸਮਿਆਂ ਉੱਪਰ ਸਿਰ ’ਤੇ ਚੁੰਨੀ ਲੈ ਕੇ ਸਮਾਜ ਵਿਚ ਇਕ ਇੱਜ਼ਤਵਾਨ ਵਾਲੀ ਨਜ਼ਰ ਆਉਣ ਵਾਲੀ ਦੇ ਰੂਪ ਵਿਚ ਪਰਦੇ ਦੇ ਰੂਪ ਵਿਚ ਉਹ ਵਿਚਰੀਆਂ ਤੇ 21ਵੀਂ ਸਦੀ ਵਿਚ ਵੀ ਵਿਚਰ ਰਹੀਆਂ ਹਨ। ਭਾਵੇਂ ਇਸ ਤਰ੍ਹਾਂ ਕਰਨਾ, ਇਸ ਪ੍ਰਥਾ ਨੂੰ ਪੂਰੀ ਤਰ੍ਹਾਂ ਇਕ ਦਬਾਓ, ਜਾਂ ਪੱਛੜੇਪਨ ਨਾਲ ਜੋੜ ਕੇ ਨਹੀਂ ਦੇਖਿਆ ਜਾ ਸਕਦਾ ਹੈ ? ਕਿਉਂਕਿ, ਪੂਰੀ ਤਰ੍ਹਾਂ ਇਸ ਪਰੰਪਰਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਹੈ। ਅੱਜ ਵੀ ਮੱਧ-ਵਰਗੀ ਤੇ ਛੋਟੇ ਤਬਕੇ ਵਿਚ ਰਹਿ ਰਹੀਆਂ ਇਸਤਰੀਆਂ ਅੰਦਰ ਪਰਦੇ ਦਾ ਰਿਵਾਜ, ਇਸਤਰੀਆਂ ਉੱਪਰ ਜ਼ਬਰਦਸਤੀ ਨਾਲ ਪਾਲਣ ਕਰਨ ਦਾ ਹੁਕਮ ਬਣਿਆ ਹੋਇਆ ਹੈ। ਜੋ ਬਹੁਤ ਵਾਰੀ, ਅਗਿਆਨਤਾ ਅਤੇ ਪੱਛੜੇਪਨ ਕਰਕੇ ਹੁੰਦਾ ਹੈ। ਪੜਦੇ ਦੇ ਹੱਕ ਤੇ ਵਿਰੋਧ ਦੀ ਬਹਿਸ ਵਿਚ ਇਹ ਸਵਾਲ ਜ਼ਰੂਰ ਉੱਠਦਾ ਹੈ ਕਿ ਕੀ ਇਸਤਰੀਆਂ ਨੂੰ ਇਸ ਮਾਮਲੇ ਵਿਚ ਆਪਣੀ ਮਰਜ਼ੀ ਕਰਨ ਜਾਂ ਜਾਨਣ ਦਾ ਫ਼ੈਸਲਾ ਨਹੀਂ ਦਿੱਤਾ ਜਾਣਾ ਚਾਹੀਦਾ ਹੈ ? ਇਸਤਰੀਆਂ ਲਈ ਚਿਹਰਾ ਢੱਕਣ ਦਾ ਰਿਵਾਜ ਪੁਰਾਣਾ ਹੈ ? ਇਹ ਧਾਰਨਾ ਬਿਲਕੁਲ ਗ਼ਲਤ ਹੈ ਕਿ ਪਰਦੇ ਦਾ ਰਿਵਾਜ (ਪਰੰਪਰਾ) ਮੁਗ਼ਲਾਂ ਦੇ ਰਾਜ ਸਮੇਂ ਤੋਂ ਸ਼ੁਰੂ ਹੋਇਆ ਸੀ। ਇਸ ਗੱਲ ਨੂੰ ਵੀ ਨਜ਼ਰ ਅੰਦਾਜ਼ ਨਹੀਂ ਕੀਤਾ ਜਾ ਸਕਦਾ ਕਿ ਕੁਝ ਰਾਜਿਆਂ ਤੇ ਹਾਕਮਾਂ ਨੇ ਇਸ ਰਿਵਾਜ ਨੂੰ ਸਖ਼ਤੀ ਨਾਲ ਲਾਗੂ ਕਰਵਾਇਆ ਅਤੇ ਇਸਲਾਮ ਅਤੇ ਸੰਸਕ੍ਰਿਤੀ ਦੇ ਪ੍ਰਭਾਵ ਸਵਰੂਪ ਸ਼ਿਰਾਇਤ ਪਰਦੇ ਦੀ ਪ੍ਰਥਾ ਨੂੰ ਹੋਰ ਵੀ ਹਲਾਸ਼ੇਰੀ ਦਿੱਤੀ ਜਦ ਕਿ ਰਜ਼ੀਆ ਸੁਲਤਾਨਾ ਜਿਹੀ ਇਸਤਰੀ ਨੇ ਬਿਨਾਂ ਪਰਦਾ ਸ਼ਾਸ਼ਨ ਚਲਾਇਆ ਤੇ ਇਕ ਚੁਣੌਤੀ ਵੀ ਪੇਸ਼ ਕੀਤੀ। ਉੱਥੇ ਹੀ ਨੂਰ-ਜਹਾਂ ਨੇ ਵੀ ਪਰਦੇ ਤੋਂ ਬਿਨ੍ਹਾਂ ਆਪਣੇ ਪਤੀ ਦੇ ਨਾਲ, ਬਿਨ੍ਹਾਂ ਪਰਦੇ ਤੋਂ ਖੁਲ੍ਹੇ ਦਰਬਾਰ ਵਿਚ ਹਾਜ਼ਰ ਹੁੰਦੀ ਸੀ। ਪਹਿਲੀ ਸਦੀ ਤੋਂ ਪਹਿਲਾਂ ਵੇਜਾਟਾਈਨ ਸਾਮਰਾਜ (ਜਿਸ ਨੂੰ ਪੂਰਵ ਰੋਮਨ ਸਾਮਰਾਜ) ਵੀ ਕਿਹਾ ਜਾਂਦਾ ਸੀ। ਉਸ ਸਮੇਂ ਵੀ ਇਸਤਰੀਆਂ ਆਪਣੇ ਸਿਰ ਨੂੰ ਢੱਕ ਦੇ ਰੱਖਦੀਆਂ ਸਨ।*

# ਸਮਾਣਾ ਦੇ ਵਿਕਾਸ ਨੂੰ ਨਵੀਂ ਰਫ਼ਤਾਰ ਦੇਣ ਲਈ ਸੁਰਜੀਤ ਸਿੰਘ ਰੱਖੜਾ ਵੱਲੋਂ ਪਿੰਡਾਂ ਦਾ ਦੌਰਾ



**ਸਮਾਣਾ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਬਕਾ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ ਵੱਲੋਂ ਹਲਕਾ ਸਮਾਣਾ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਦੇਣ ਦੇ ਮੰਤਵ ਨਾਲ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਸ. ਰੱਖੜਾ ਨੇ ਪਿੰਡ ਗਾਜੇਵਾਸ ਅਤੇ ਬੰਮ੍ਹਣਾਂ ਵਿਖੇ ਪਹੁੰਚ ਕੇ ਮਨ ਸਰਕਾਰ ਵੱਲੋਂ ਜਲਦ ਸ਼ੁਰੂ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ। ਇਸ ਮੌਕੇ ਸੰਬੰਧਿਤ ਅਧਿਕਾਰੀ ਵੀ ਉਨ੍ਹਾਂ ਦੇ ਨਾਲ ਮੌਜੂਦ ਰਹੇ।

ਸ. ਰੱਖੜਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਸ਼ਹਿਰੀ ਤੇ ਪੇਂਡੂ ਖੇਤਰਾਂ ਵਿੱਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਲਗਾਤਾਰ ਜਾਰੀ ਹਨ। ਉਨ੍ਹਾਂ ਕਿਹਾ ਕਿ ਵਿਕਾਸ ਯੋਜਨਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਕੰਮਾਂ ਨੂੰ ਤਰਜੀਹ ਦੇਣ ਲਈ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਜਾ ਰਿਹਾ ਹੈ।

ਸ. ਰੱਖੜਾ ਨੇ ਵਿਸ਼ਵਾਸ ਪ੍ਰਗਟਾਇਆ ਕਿ ਆਉਣ ਵਾਲੇ ਸਮੇਂ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸਮਾਣਾ ਦੇ ਵਿਕਾਸ ਨੂੰ ਨਵੀਂ ਦਿਸ਼ਾ ਮਿਲੇਗੀ ਅਤੇ ਇਲਾਕੇ ਦੀ ਨੁਹਾਰ ਵਿੱਚ ਵੱਡਾ ਬਦਲਾਅ ਵੇਖਣ ਨੂੰ ਮਿਲੇਗਾ। ਇਸ ਮੌਕੇ ਰਾਣਾ ਸੇਖੋਂ, ਰਘਵੀਰ ਕਲਿਆਣ, ਗਾਜੇਵਾਸ ਤੋਂ ਸਰਪੰਚ ਸਰਬਜੀਤ ਸਿੰਘ, ਗੁਰਦੀਪ ਸਿੰਘ, ਰਾਜਵੀਰ ਸਿੰਘ, ਭਗਵਾਨ ਸਿੰਘ, ਪਰਮਜੀਤ ਸਿੰਘ ਢੀਂਡਸਾ, ਗੁਲਾਬ ਸਿੰਘ, ਸੰਨਦੀਪ ਸਿੰਘ, ਲੱਖਾਂ ਢੀਂਡਸਾ ਅਤੇ ਬੰਮ੍ਹਣਾਂ ਤੋਂ ਸਰਪੰਚ ਸੰਨਦੀਪ ਸਿੰਘ ਪੰਚ ਗੁਰਦੀਪ ਸਿੰਘ ਸਰਾਂਓ, ਪੰਚ ਹਰਭਜਨ ਸਿੰਘ, ਗੁਰਮੀਤ ਸਿੰਘ ਦਲਿਓ, ਜਤਿੰਦਰਪਾਲ ਸਿੰਘ ਸਰਾਂਓ, ਯਾਦਵਿੰਦਰ ਸਿੰਘ ਦਲਿਓ, ਕਰਮਜੀਤ ਸਿੰਘ ਤੇ ਹੋਰ ਪਾਰਟੀ ਵਰਕਰ ਮੌਜੂਦ ਰਹੇ।

# ਡਾਕਟਰ ਹਿਮਾਂਸ਼ੂ ਅਗਰਵਾਲ ਦੀ ਸਰਪ੍ਰਸਤੀ ਹੇਠ ਨਸ਼ਾ ਮੁਕਤ ਭਾਰਤ ਅਭਿਆਨ ਮੁਹਿੰਮ ਤਹਿਤ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ

**ਪਟਿਆਲਾ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰੈੱਡ ਕਰਾਸ ਨਸ਼ਾ ਪੀੜਤਾਂ ਲਈ ਏਕੀਕ੍ਰਿਤ ਮੁੜ ਵਸੇਬਾ ਕੇਂਦਰ ਅਤੇ ਜ਼ਿਲ੍ਹਾ ਪੁਨਰਵਾਸ ਕੇਂਦਰ, ਪੰਜਾਬ ਸਾਕੇਤ ਹਸਪਤਾਲ ਪਟਿਆਲਾ ਵੱਲੋਂ ਇੰਡੀਅਨ ਰੈਡ ਕਰਾਸ ਸੁਸਾਇਟੀ ਪੰਜਾਬ ਸਟੇਟ ਬ੍ਰਾਂਚ ਚੰਡੀਗੜ੍ਹ ਦੇ ਸਕੱਤਰ ਸ਼ਿਵਦੁਲਾਰ ਸਿੰਘ ਢਿੱਲੋਂ ਸਾਬਕਾ ਆਈ ਏ ਐਸ ਅਧਿਕਾਰੀ ਦੀ ਅਗਵਾਈ ਅਤੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫ਼ਤਰ ਪਟਿਆਲਾ, ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ,ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਅਤੇ ਡਿਪਟੀ ਕਮਿਸ਼ਨਰ ਪਟਿਆਲਾ ਡਾਕਟਰ ਹਿਮਾਂਸ਼ੂ ਅਗਰਵਾਲ ਦੀ ਸਰਪ੍ਰਸਤੀ ਹੇਠ ਨਸ਼ਾ ਮੁਕਤ ਭਾਰਤ ਅਭਿਆਨ ਮੁਹਿੰਮ ਤਹਿਤ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਜਿਸ ਵਿੱਚ ਮੁੱਖ ਮਹਿਮਾਨ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਵਰਿੰਦਰ




ਸਿੰਘ ਟਿਵਾਣਾ ਨੇ ਸ਼ਿਰਕਤ ਕੀਤੀ । ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤੀ। ਇਸ ਮੌਕੇ ਪੰਜਾਬ ਰੈਡ ਕਰਾਸ ਸਾਕੇਤ ਹਸਪਤਾਲ ਦੇ ਪ੍ਰੋਜੈਕਟ ਡਾਇਰੈਕਟਰ ਪਰਮਿੰਦਰ ਕੌਰ ਮਨਚੰਦਾ ਵੱਲੋਂ ਸਾਰੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ।ਵਿਸ਼ੇਸ਼ ਤੌਰ ਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਏ ਐਸ ਆਈ ਦਰਬਾਰਾ ਸਿੰਘ,ਪੰਜਾਬ ਰੈਡ ਕਰਾਸ ਸਾਕੇਤ ਹਸਪਤਾਲ ਦੇ ਡਾਕਟਰ ਚਾਰੂ ਗੋਤਮ,ਕੌਸਲਰ ਅਮਰਜੀਤ ਕੌਰ, ਰਣਜੀਤ ਕੌਰ, ਜਸਪ੍ਰੀਤ ਸਿੰਘ ਸੰਧੂ, ਗੁਰਮੀਤ ਸਿੰਘ, ਦੀਦਾਰ ਸਿੰਘ ਤੋਂ ਇਲਾਵਾ ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ ਆਫ ਕਾਮਰਸ, ਗੁਰਜੀਤ ਸਿੰਘ ਲੱਕੀ ਹਰਦਾਸਪੁਰ ਨੇ ਸ਼ਿਰਕਤ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਵਰਿੰਦਰ ਸਿੰਘ ਟਿਵਾਣਾ ਨੇ ਕਿਹਾ ਕਿ ਪੰਜਾਬ ਰੈਡ ਕਰਾਸ ਨਸ਼ਾ ਪੀੜਤਾਂ ਲਈ ਏਕੀਕ੍ਰਿਤ ਮੁੜ ਵਸੇਬਾ ਕੇਂਦਰ ਅਤੇ ਪੁਨਰਵਾਸ ਕੇਂਦਰ ਦੀ ਪ੍ਰੋਜੈਕਟ ਡਾਇਰੈਕਟਰ ਗਵਰਨਰ ਐਵਾਰਡੀ ਪਰਮਿੰਦਰ ਕੌਰ ਮਨਚੰਦਾ ਦੀ ਟੀਮ ਵੱਲੋਂ ਜਿਥੇ ਸਕੂਲੀ ਪੱਧਰ ਤੇ ਹੀ ਵਿਦਿਆਰਥੀਆਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ ਜਾ ਰਿਹਾ ਹੈ ਜੋਂ ਕਿ ਬਹੁਤ ਹੀ ਸ਼ਲਾਘਾਯੋਗ ਹੈ। ਉਹਨਾਂ ਕਿਹਾ ਕਿ ਇਹਨਾਂ ਵੱਲੋਂ ਪਬਲਿਕ ਨੂੰ ਨਸ਼ਾ ਮੁਕਤ ਭਾਰਤ ਅਭਿਆਨ ਅਤੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।ਉਹਨਾਂ ਕਿਹਾ ਕਿ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਵਿੱਚ ਪਬਲਿਕ ਅਤੇ ਨੋਜਵਾਨਾਂ ਨੂੰ ਅੱਗੇ ਆ ਕੇ ਸਹਿਯੋਗ ਕਰਨਾ ਚਾਹੀਦਾ ਹੈ , ਤਾਂ ਹੀ ਅਸੀਂ ਪੰਜਾਬ ਨੂੰ ਨਸ਼ਾ ਮੁਕਤ ਬਣਾ ਸਕਾਂਗੇ। ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਵੱਲੋਂ ਵੀ ਨੋਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਸੌਂਹ ਵੀ ਚੁਕਾਈ ਗਈ ।

# ਪਟਿਆਲਾ ਜ਼ਿਲ੍ਹੇ 'ਚ 7 ਪ੍ਰੀਖਿਆ ਕੇਂਦਰਾਂ 'ਤੇ ਨੀਟ ਪ੍ਰੀਖਿਆ ਦੀਆਂ ਤਿਆਰੀਆਂ ਮੁਕੰਮਲ: ਡਾ. ਹਿਮਾਂਸ਼ੂ ਅਗਰਵਾਲ

**ਪਟਿਆਲਾ, 22 ਜੂਨ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਜ਼ਿਲ੍ਹੇ ਵਿੱਚ 21 ਜੂਨ ਨੂੰ ਹੋਣ ਵਾਲੀ ਨੀਟ ਪ੍ਰੀਖਿਆ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਇਸ ਸਬੰਧੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਸਮੀਖਿਆ ਬੈਠਕ ਕਰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਸਥਾਪਤ ਸਾਰੇ 7 ਪ੍ਰੀਖਿਆ ਕੇਂਦਰਾਂ 'ਤੇ ਲੋੜੀਂਦੇ ਪ੍ਰਬੰਧ ਯਕੀਨੀ ਬਣਾ ਦਿੱਤੇ ਗਏ ਹਨ।ਉਨ੍ਹਾਂ ਦੱਸਿਆ ਕਿ ਪਟਿਆਲਾ ਦੇ ਇਨ੍ਹਾਂ ਪ੍ਰੀਖਿਆ ਕੇਂਦਰਾਂ ਵਿੱਚ 3408 ਪ੍ਰੀਖਿਆਰਥੀ ਪ੍ਰੀਖਿਆ ਦੇਣਗੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪ੍ਰੀਖਿਆ ਨੂੰ ਸੁਚਾਰੂ ਢੰਗ ਨਾਲ ਕਰਵਾਉਣ ਲਈ ਹਰ ਸੈਂਟਰ ਲਈ ਡਿਊਟੀ ਮੈਜਿਸਟਰੇਟ ਵੀ ਤਾਇਨਾਤ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਕੰਟਰੋਲ ਰੂਮ ਵੀ ਸਥਾਪਤ




ਕੀਤਾ ਗਿਆ ਹੈ, ਜਿਸ ਦਾ ਨੰਬਰ 0175-2350550 ਅਤੇ 2358550 ਹੈ ਅਤੇ ਤਿੰਨ ਦਿਨਾਂ ਲਈ ਪੀਸੀਐਸ ਅਧਿਕਾਰੀਆਂ ਨੂੰ ਨੋਡਲ ਅਫ਼ਸਰ ਲਗਾ ਕੇ ਕਰਮਚਾਰੀਆਂ ਨੂੰ ਤਾਇਨਾਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪਟਿਆਲਾ ਜ਼ਿਲ੍ਹੇ ਵਿੱਚ ਇਹ ਪ੍ਰੀਖਿਆ ਕੇਂਦਰ 1) ਪੀਐਮਸ਼੍ਰੀ ਕੇ.ਵੀ ਨੰਬਰ 3 ਪਟਿਆਲਾ ਕੈਂਟ, 2) ਆਰਮੀ ਪਬਲਿਕ ਸਕੂਲ, ਤਾਰਾਪੁਰ ਇਨਕਲੇਵ, ਸੰਗਰੂਰ ਰੋਡ, 3) ਪੀਐਮਸ਼੍ਰੀ ਕੇ.ਵੀ ਨੰਬਰ 1 ਪਟਿਆਲਾ ਕੈਂਟ, 4) ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਾਡਲ ਟਾਊਨ, 5) ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸਿਵਿਲ ਲਾਈਨਜ, 6) ਸਰਕਾਰੀ ਸਕੂਲ ਆਫ ਐਮੀਨੈਂਸ ਫੀਲਖਾਨਾ ਅਤੇ 7) ਕੇ.ਵੀ ਨੰਬਰ 2 ਰੇਲਵੇ ਕਲੋਨੀ, ਡੀਸੀਡਬਲਿਯੂ ਪਟਿਆਲਾ ਵਿਖੇ ਬਣਾਏ ਗਏ ਹਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਸਰਕਾਰ ਦੇ ਟਰਾਂਸਪੋਰਟ ਵਿਭਾਗ ਵੱਲੋਂ ਮਹੱਤਵਪੂਰਨ ਫੈਸਲਾ ਕਰਦਿਆਂ 20-21-22 ਜੂਨ ਨੂੰ ਪ੍ਰੀਖਿਆਰਥੀਆਂ ਤੇ ਨਾਲ ਇੱਕ ਅਟੈਂਡੈਂਟ ਨੂੰ ਪੇਪਰ ਦੇਣ ਪ੍ਰੀਖਿਆ ਵਾਲੇ ਸਥਾਨ 'ਤੇ ਜਾਣ ਲਈ ਮੁਫ਼ਤ ਸਫ਼ਰ ਦੀ ਸਹੂਲਤ ਦਿੱਤੀ ਗਈ ਹੈ। ਇਸ ਤੋਂ ਇਲਾਵਾ ਡਰਾਈਵਰਾਂ ਤੇ ਕੰਡਕਟਰਾਂ ਨੂੰ ਇਨ੍ਹਾਂ ਨਾਲ ਨਰਮੀ ਨਾਲ ਵਰਤਾਉ ਕਰਨ ਦੀ ਹਦਾਇਤ ਕੀਤੀ ਗਈ ਹੈ, ਤਾਂ ਜੋ ਪ੍ਰੀਖਿਆਰਥੀ ਸਮੇਂ ਸਿਰ ਅਤੇ ਬਿਨਾਂ ਕਿਸੇ ਦਿੱਕਤ ਦੇ ਆਪਣੇ ਪ੍ਰੀਖਿਆ ਕੇਂਦਰਾਂ ਤੱਕ ਪਹੁੰਚ ਸਕਣ।

ਡਾ. ਹਿਮਾਂਸ਼ੂ ਅਗਰਵਾਲ ਨੇ ਸਾਰੇ ਪ੍ਰੀਖਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਪ੍ਰੀਖਿਆ ਦੇ ਦਿਨ ਸਮੇਂ ਦਾ ਵਿਸ਼ੇਸ਼ ਧਿਆਨ ਰੱਖਣ, ਪ੍ਰੀਖਿਆ ਕੇਂਦਰ 'ਤੇ ਨਿਰਧਾਰਤ ਸਮੇਂ ਤੋਂ ਪਹਿਲਾਂ ਪਹੁੰਚਣ। ਇਸ ਮੌਕੇ ਏਡੀਸੀ (ਜ) ਅਨੁਪ੍ਰਿਤਾ ਜੌਹਲ ਸਮੇਤ ਐਸ.ਐਮ ਪਟਿਆਲਾ, ਸਹਾਇਕ ਕਮਿਸ਼ਨਰ (ਜ), ਪੁਲਿਸ, ਸਿੱਖਿਆ, ਪ੍ਰਿੰਸੀਪਲ ਕੇ.ਵੀ, ਟਰਾਂਸਪੋਰਟ, ਪੀਆਰਟੀਸੀ, ਸਿਹਤ, ਐਨ.ਆਈ.ਸੀ ਅਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

# ਬਲਾਕ ਪ੍ਰਧਾਨ ਵੱਲੋਂ ਪਿੰਡ ਖੇੜਾ ਵਿਖੇ 'ਮੇਰੀ ਰਸੋਈ ਸਕੀਮ' ਤਹਿਤ ਰਾਸ਼ਨ ਕਿੱਟਾਂ ਵੰਡੀਆਂ



**ਮਾਛੀਵਾੜਾ ਸਾਹਿਬ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਬਲਾਕ ਮਾਛੀਵਾੜਾ ਦੇ ਨੇੜਲੇ ਪਿੰਡ ਖੇੜਾ ਵਿਖੇ ਪੰਜਾਬ ਸਰਕਾਰ ਵੱਲੋਂ ਰਾਸ਼ਨ ਕਾਰਡ ਧਾਰਕਾਂ ਲਈ ਚਲਾਈ 'ਮੇਰੀ ਰਸੋਈ ਸਕੀਮ' ਤਹਿਤ ਰਾਸ਼ਨ ਕਿੱਟਾਂ ਵੰਡੀਆਂ ਗਈਆਂ।

ਇਸ ਮੌਕੇ ਮਾਛੀਵਾੜਾ ਬਲਾਕ ਪ੍ਰਧਾਨ ਗੁਰਵੀਰ ਸਿੰਘ ਖੇੜਾ, ਨੇ ਇਹ ਰਾਸ਼ਨ ਕਿੱਟਾਂ ਲਾਭਪਾਤਰੀਆਂ ਨੂੰ ਵੰਡੀਆਂ। ਬਲਾਕ ਪ੍ਰਧਾਨ ਗੁਰਵੀਰ ਸਿੰਘ ਖੇੜਾ ਨੇ ਦੱਸਿਆ ਕਿ ਮੇਰੀ ਰਸੋਈ ਸਕੀਮ ਤਹਿਤ ਇਹ ਇੱਕ ਕਿੱਟ ਤਿੰਨ ਮਹੀਨੇ ਲਈ ਦਿੱਤੀ ਗਈ ਹੈ ਜਿਸ ਵਿੱਚ 2 ਕਿਲੋ ਚਨਾ ਦਾਲ, 2 ਕਿਲੋ ਚੀਨੀ, ਇਕ ਕਿਲੋ ਨਮਕ, 200 ਗ੍ਰਾਮ ਹਲਦੀ ਅਤੇ ਇੱਕ ਲੀਟਰ ਸਰੋਂ ਦਾ ਤੇਲ ਦਿੱਤਾ ਗਿਆ ਹੈ। ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਦੁਆਰਾ ਕੀਤੇ ਜਾਂਦੇ ਵਿਕਾਸ ਕਾਰਜਾਂ ਕਾਰਨ ਪੰਜਾਬ ਦੇ ਲੋਕ ਪੂਰੀ ਤਰ੍ਹਾਂ ਖੁਸ਼ ਹਨ ਅਤੇ ਹਰ ਵਰਗ ਦੇ ਲੋਕਾਂ ਦੀਆਂ ਸਹੂਲਤਾਂ ਦਾ ਧਿਆਨ ਰੱਖਿਆ ਜਾ ਰਿਹਾ ਹੈ ਅਤੇ ਸਭ ਨੂੰ ਬਰਾਬਰ ਸਹੂਲਤਾਂ ਦਿੱਤੀਆਂ ਜਾਂਦੀਆਂ ਹਨ॥ਇਸ ਮੌਕੇ ਰਾਸ਼ਨ ਕਾਰਡ ਧਾਰਕਾਂ ਨੂੰ ਇਹ ਕਿੱਟਾਂ ਵੰਡੀਆਂ ਅਤੇ ਇਸ ਤੋਂ ਇਲਾਵਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਫੋਟੋ ਵਾਲੇ ਤੇ ਨਵੇਂ ਰਾਸ਼ਨ ਕਾਰਡ ਵੀ ਵੰਡੇ ਗਏ। ਉਹਨਾਂ ਦੱਸਿਆ ਕਿ ਇਸ ਨਵੇਂ ਰਾਸ਼ਨ ਕਾਰਡ ਦੀ ਖਾਸੀਅਤ ਇਹ ਹੈ ਕਿ ਇਸ ਉੱਤੇ ਬਾਰਕੋਡ ਲੱਗਾ ਹੋਇਆ ਹੈ ਜਿਸ ਨੂੰ ਸਕੈਨ ਕਰਕੇ ਕਾਰਡ ਧਾਰਕ ਦੀ ਸਾਰੀ ਜਾਣਕਾਰੀ ਪਤਾ ਕੀਤੀ ਜਾ ਸਕਦੀ ਹੈ। ਇਸ ਮੌਕੇ ਬਲਾਕ ਪ੍ਰਧਾਨ ਗੁਰਵੀਰ ਸਿੰਘ ਖੇੜਾ ਦੇ ਨਾਲ ਪਰਮਜੀਤ ਸਿੰਘ , ਰਵਿੰਦਰ ਸਿੰਘ, ਕਸ਼ਮੀਰ ਸਿੰਘ ਵੀ ਮੌਜੂਦ ਸਨ।

# ਅਮਰੀਕਾ ਵਿੱਚ ਪੰਜਾਬੀ ਨੌਜਵਾਨ ਨੇ 18 ਸਾਲ ਭਾਰ ਵਰਗ ਚ ਜਿੱਤੀ ਬਾਕਸਿੰਗ ਚੈਂਪੀਅਨਸ਼ਿਪ




**ਮਾਛੀਵਾੜਾ ਸਾਹਿਬ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਅਮਰੀਕਾ ਦੇ ਸ਼ਹਿਰ ਫਰਿਜ਼ਨੋ ਵਿੱਚ ਕਰਵਾਈ ਗਈ 18 ਸਾਲਾਂ ਭਾਰ ਵਰਗ ਦੀ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਪੰਜਾਬੀ ਨੌਜਵਾਨ ਅਮਨਜੋਤ ਸਿੰਘ(ਉਮਰ 15 ਸਾਲ) ਨੇ ਪਹਿਲਾ ਇਨਾਮ ਜਿੱਤ ਕੇ ਵਿਦੇਸ਼ ਵਿੱਚ ਪੰਜਾਬੀਆਂ ਦਾ ਨਾਮ ਰੋਸ਼ਨ ਕੀਤਾ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਕੈਲੇਫੋਰਨੀਆ ਵਿੱਚ ਰਹਿੰਦੇ ਸੁਰਜੀਤ ਸਿੰਘ ਰੋਸ਼ੀ ਦੇ ਪੁੱਤਰ ਅਤੇ ਕੈਪਟਨ ਰਾਮ ਸਿੰਘ ਸਾਬਕਾ ਕੌਂਸਲਰ ਮਾਛੀਵਾੜਾ ਸਾਹਿਬ ਦੇ ਪੋਤਰੇ ਤੇ ਇੰਸਪੈਕਟਰ ਸੁਖਦੇਵ ਸਿੰਘ ਬਿੱਟੂ ਦੇ ਭਤੀਜੇ ਅਮਨਜੋਤ ਸਿੰਘ ਜਿਸ ਨੂੰ ਕਿ ਬਾਕਸਿੰਗ ਖੇਡਣ ਦਾ ਬਹੁਤ ਸ਼ੌਕ ਹੈ ਅਤੇ ਉਸਨੇ ਅੰਡਰ 18 ਸਾਲਾਂ ਵਰਗ ਵਿੱਚ ਅਮਰੀਕਾ ਦੇ ਫਰਿਜ਼ਨੋ ਸ਼ਹਿਰ ਵਿੱਚ ਕਰਵਾਈ ਇਸ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਗੋਰੇ ਲੜਕੇ ਨੂੰ ਹਰਾ ਕੇ ਇਹ ਜਿੱਤ ਪ੍ਰਾਪਤ ਕੀਤੀ।

ਨੌਜਵਾਨ ਅਮਨਜੋਤ ਸਿੰਘ ਦੀ ਇਸ ਜਿੱਤ ਨਾਲ ਜਿੱਥੇ ਕੈਪਟਨ ਰਾਮ ਸਿੰਘ ਅਤੇ ਇੰਸਪੈਕਟਰ ਸੁਖਦੇਵ ਸਿੰਘ ਬਿੱਟੂ ਨੂੰ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਿਆ ਹੋਇਆ ਹੈ ਉੱਥੇ ਅਮਰੀਕਾ ਅਤੇ ਮਾਛੀਵਾੜਾ ਸ਼ਹਿਰ ਵਿੱਚ ਸਥਿਤ ਉਹਨਾਂ ਦੇ ਗ੍ਰਹਿ ਵਿਖੇ ਖੁਸ਼ੀਆਂ ਦਾ ਮਾਹੌਲ ਹੈ। ਨੌਜਵਾਨ ਅਮਨਜੋਤ ਸਿੰਘ ਦੀ ਇਸ ਜਿੱਤ ਨਾਲ ਜਿੱਥੇ ਪੰਜਾਬੀ ਭਾਈਚਾਰੇ ਵਿੱਚ ਖੁਸ਼ੀ ਹੈ ਉੱਥੇ ਵਿਦੇਸ਼ਾਂ ਵਿੱਚ ਵਸਦੇ ਹੋਰ ਨੌਜਵਾਨ ਖਿਡਾਰੀਆਂ ਦਾ ਹੌਸਲਾ ਵੀ ਵਧੀਆ ਹੈ ਤੇ ਉਹ ਖੇਡਾਂ ਵਿੱਚ ਹੋਰ ਮਿਹਨਤ ਕਰਕੇ ਅੱਗੇ ਵੱਧ ਸਕਦੇ ਹਨ।

# ਡਿਪਟੀ ਕਮਿਸ਼ਨਰ ਨੇ 12ਵੇਂ ਅੰਤਰਰਾਸ਼ਟਰੀ ਯੋਗ ਦਿਵਸ 2026 ਦੀਆਂ ਤਿਆਰੀਆਂ ਦੀ ਸਮੀਖਿਆ ਕੀਤੀ

**ਚੰਡੀਗੜ੍ਹ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੀ ਨਿਸ਼ਾਂਤ ਕੁਮਾਰ ਯਾਦਵ, ਆਈਏਐੱਸ, ਡਿਪਟੀ ਕਮਿਸ਼ਨਰ, ਚੰਡੀਗੜ੍ਹ ਨੇ ਅੱਜ 21 ਜੂਨ, 2026 ਨੂੰ ਤਿਰੰਗਾ ਪਾਰਕ, ਸੈਕਟਰ 17, ਚੰਡੀਗੜ੍ਹ ਵਿਖੇ ਆਯੋਜਿਤ ਹੋਣ ਵਾਲੇ 12ਵੇਂ ਅੰਤਰਰਾਸ਼ਟਰੀ ਯੋਗ ਦਿਵਸ (ਆਈਡੀਵਾਈ) 2026 ਦੀਆਂ ਤਿਆਰੀਆਂ ਦੀ ਸਮੀਖਿਆ ਕੀਤੀ। ਇਸ ਵਰ੍ਹੇ ਅੰਤਰਰਾਸ਼ਟਰੀ ਯੋਗ ਦਿਵਸ (ਆਈਡੀਵਾਈ) ਦਾ ਥੀਮ ÷ਤੰਦਰੁਸਤੀ, ਬੁੱਧੀ ਅਤੇ ਵਿਸ਼ਵ ਸ਼ਾਂਤੀ ਲਈ ਯੋਗ÷ (ਯੋਗ ਫੌਰ ਵੈੱਲਨੈੱਸ, ਵਿਜ਼ਡਮ ਐਂਡ ਵਰਲਡ ਪੀਸ) ਹੈ।

ਡਿਪਟੀ ਕਮਿਸ਼ਨਰ ਨੇ ਵਿਭਿੰਨ ਵਿਭਾਗਾਂ ਦੁਆਰਾ ਕੀਤੀਆਂ ਜਾ ਰਹੀਆਂ ਵਿਵਸਥਾਵਾਂ ਦਾ ਵਿਸਤ੍ਰਿਤ ਜਾਇਜ਼ਾ ਲਿਆ ਅਤੇ ਪ੍ਰੋਗਰਾਮ ਦੇ ਸਫ਼ਲ ਅਤੇ ਸੁਚਾਰੂ ਆਯੋਜਨ ਲਈ ਸਬੰਧਿਤ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ।

ਪੰਜਾਬ ਦੇ ਮਾਣਯੋਗ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ, ਇਸ ਅਵਸਰ 'ਤੇ ਮੁੱਖ ਮਹਿਮਾਨ ਦੇ ਰੂਪ ਵਿੱਚ ਸ਼ਾਮਲ ਹੋਣਗੇ। ਪ੍ਰੋਗਰਾਮ ਵਿੱਚ ਲਗਭਗ 3,500 ਪ੍ਰਤੀਭਾਗੀਆਂ ਦੇ ਸਮੂਹਿਕ ਯੋਗ ਸੈਸ਼ਨ ਵਿੱਚ ਹਿੱਸਾ ਲੈਣ ਦੀ ਸੰਭਾਵਨਾ ਹੈ, ਜਿਸ ਨਾਲ ਇਹ ਸਿਹਤ, ਸਦਭਾਵਨਾ ਅਤੇ ਸੰਪੂਰਨ ਕਲਿਆਣ ਦਾ ਇੱਕ ਸ਼ਾਨਦਾਰ ਆਯੋਜਨ ਬਣ ਜਾਵੇਗਾ। ਇਸ ਅਵਸਰ 'ਤੇ ਪ੍ਰਸ਼ਾਸਕ ਸ਼ਹਿਰ ਵਿੱਚ ਯੋਗ ਦੇ ਪ੍ਰਚਾਰ-ਪ੍ਰਸਾਰ ਵਿੱਚ ਜ਼ਿਕਰਯੋਗ ਯੋਗਦਾਨ ਦੇਣ ਵਾਲੇ 16 ਵਿਅਕਤੀਆਂ ਨੂੰ ਸਨਮਾਨਿਤ ਵੀ ਕਰਨਗੇ।

ਤਿਆਰੀਆਂ ਦੀ ਸਮੀਖਿਆ ਕਰਦੇ ਹੋਏ ਡਿਪਟੀ ਕਮਿਸ਼ਨਰ ਨੇ ਸਾਰੇ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਆਪਣੀਆਂ ਜ਼ਿੰਮੇਵਾਰੀਆਂ ਦਾ ਪ੍ਰਭਾਵੀ ਢੰਗ ਨਾਲ ਨਿਰਬਾਹ ਸੁਨਿਸ਼ਚਿਤ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਕਿਹਾ ਕਿ ਪ੍ਰਤੀਭਾਗੀਆਂ ਨੂੰ ਪ੍ਰੋਗਰਾਮ ਦੇ ਸਥਾਨ ਤੱਕ ਪਹੁੰਚਣ ਵਿੱਚ ਕਿਸੇ ਪ੍ਰਕਾਰ ਦੀ ਅਸੁਵਿਧਾ ਨਹੀਂ ਹੋਣੀ ਚਾਹੀਦੀ। ਇਸ ਵਾਸਤੇ ਸ਼ਹਿਰ ਦੇ ਵਿਭਿੰਨ ਪਿਕਅੱਪ ਪੁਆਇੰਟਾਂ ਤੋਂ ਪ੍ਰਤੀਭਾਗੀਆਂ ਨੂੰ ਪ੍ਰੋਗਰਾਮ ਦੇ ਸਥਾਨ ਤੱਕ ਲਿਆਉਣ ਹਿਤ 25 ਬੱਸਾਂ ਦੀ ਵਿਵਸਥਾ ਕੀਤੀ ਗਈ ਹੈ।

ਡਿਪਟੀ ਕਮਿਸ਼ਨਰ ਨੇ ਪ੍ਰਤੀਭਾਗੀਆਂ ਲਈ ਸਵੱਛ ਅਤੇ ਸੁਰੱਖਿਅਤ ਪੀਣ ਵਾਲੇ ਪਾਣੀ ਦੀ ਉਚਿਤ ਉਪਲਬਧਤਾ ਅਤੇ ਮੋਬਾਈਲ ਟਾਇਲਟਸ ਦੀ ਸਮੁਚਿਤ ਵਿਵਸਥਾ ਸੁਨਿਸ਼ਚਿਤ ਕਰਨ ਦੇ ਨਿਰਦੇਸ਼ ਵੀ ਦਿੱਤੇ।

ਚੰਡੀਗੜ੍ਹ ਪੁਲਿਸ ਨੂੰ ਪ੍ਰੋਗਰਾਮ ਦੇ ਸਥਾਨ 'ਤੇ ਸੁਰੱਖਿਆ, ਟ੍ਰੈਫਿਕ ਪ੍ਰਬੰਧਨ ਅਤੇ ਭੀੜ ਨਿਯੰਤਰਣ ਦੇ ਵਿਆਪਕ ਪ੍ਰਬੰਧ ਕਰਨ ਲਈ ਕਿਹਾ ਗਿਆ ਹੈ ਤਾਕਿ ਆਯੋਜਨ ਸੁਰੱਖਿਅਤ ਅਤੇ ਸੁਵਿਵਸਥਿਤ ਢੰਗ ਨਾਲ ਸੰਪੰਨ ਹੋ ਸਕੇ।

ਮੀਟਿੰਗ ਦੇ ਦੌਰਾਨ ਭਾਰਤ ਦੇ ਮਾਣਯੋਗ ਪ੍ਰਧਾਨ ਮੰਤਰੀ ਜੀ ਦੇ ਸੰਬੋਧਨ ਦੇ ਲਾਇਵ ਪ੍ਰਸਾਰਣ ਦੀਆਂ ਵਿਵਸਥਾਵਾਂ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਸਬੰਧਿਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਕਿ ਪ੍ਰੋਗਰਾਮ ਦੇ ਸਥਾਨ 'ਤੇ ਤਕਨੀਕੀ ਦ੍ਰਿਸ਼ਟੀ ਤੋਂ ਸਾਰੇ ਜ਼ਰੂਰੀ ਪ੍ਰਬੰਧ ਸੁਨਿਸ਼ਚਿਤ ਕੀਤੇ ਜਾਣ।

# ਕੈਂਟਰ 'ਚੋਂ ਸੱਤ ਕੁਇੰਟਲ ਡੋਡਾ ਪੋਸਤ ਸਮੇਤ ਮੁਲਜ਼ਮ ਕਾਬੂ



**ਸਮਾਣਾ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ-ਕਟੜਾ ਹਾਈਵੇ 'ਤੇ ਐਂਟੀ ਨਾਰਕੋਟਿਕਸ ਟਾਸਕ ਫੋਰਸ ਦੇ ਮੁਲਾਜ਼ਮਾਂ ਨੇ ਸਫਲਤਾ ਹਾਸਲ ਕਰਦਿਆਂ ਇੱਕ ਆਈਸਰ ਕੈਂਟਰ 'ਚੋ 7 ਕੁਇੰਟਲ 7 ਕਿੱਲੋ ਭੁੱਕੀ ਡੋਡੇ (35 ਬੋਰੀਆਂ), ਸਮੇਤ ਇੱਕ ਮੁਲਜ਼ਮ ਨੂੰ ਕਾਬੂ ਕੀਤਾ ਹੈ।ਮੁਲਜ਼ਮ ਦੀ ਪਛਾਣ ਸਤਗੁਰ ਸਿੰਘ ਨਿਵਾਸੀ ਪਾਤੜਾਂ ਵਜੋਂ ਹੋਈ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਰਵਿੰਦਰ ਸਿੰਘ ਨੇ ਦੱਸਿਆ ਕਿ ਮੁਲਜ਼ਮ ਮੱਧ ਪ੍ਰਦੇਸ਼ ਤੋਂ ਡੋਡਾ ਪੋਸਤ ਦੀ ਖੇਪ ਲੈ ਕੇ ਪੰਜਾਬ ਵਿੱਚ ਦਾਖ਼ਲ ਹੋਇਆ ਸੀ । ਉਸਨੇ ਇਸ ਖੇਪ ਨੂੰ ਪਾਤੜਾਂ ਖੇਤਰ ਵਿੱਚ ਪਹੁੰਚਾਉਣਾ ਸੀ। ਗੁਪਤ ਸੂਚਨਾ ਦੇ ਆਧਾਰ 'ਤੇ ਉਨ੍ਹਾਂ ਪੂਰੀ ਟੀਮ ਨਾਲ ਕਟੜਾ-ਦਿੱਲੀ ਐਕਸਪ੍ਰੈਸ-ਵੇਅ 'ਤੇ ਨਾਕਾਬੰਦੀ ਦੌਰਾਨ ਆ ਰਹੇ ਆਈਸ਼ਰ ਕੈਂਟਰ ਨੂੰ ਰੋਕ ਕੇ ਜਦੋ ਤਲਾਸ਼ੀ ਲਈ,ਤਾ ਕੈਂਟਰ ਵਿੱਚੋਂ ਸੱਤ ਕੁਇੰਟਲ ਸਤ ਕਿੱਲੋ ਡੋਡਾ ਪੋਸਤ ਬਰਾਮਦ ਹੋਇਆ। ਪੁੱਛਗਿੱਛ ਦੌਰਾਨ ਮੁਲਜ਼ਮ ਨੇ ਦੱਸਿਆ ਕਿ ਉਸ ਨੂੰ ਕਾਰੋਬਾਰ ਵਿੱਚ ਘਾਟਾ ਹੋ ਗਿਆ ਸੀ। ਉਸ ਨੇ ਕਿਸੇ ਵੱਲੋਂ ਦਿੱਤੇ ਲਾਲਚ ਵਿੱਚ ਆ ਕੇ ਡੋਡਾ ਪੋਸਤ ਦੀ ਖੇਪ ਲਿਆਉਣ ਬਦਲੇ ਦੋ ਤੋਂ ਢਾਈ ਲੱਖ ਰੁਪਏ ਕੀਤਾ ਸੀ।

ਪੁਲਿਸ ਨੇ ਮੁਲਜ਼ਮ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕਰ ਲਿਆ ਹੈ। ਅਧਿਕਾਰੀ ਅਨੁਸਾਰ ਮੁਲਜ਼ਮ ਨੂੰ ਮਾਨਯੋਗ ਅਦਾਲਤ 'ਚ ਪੇਸ਼ ਕਰ ਮਿਲੇ ਹੁਕਮਾਂ ਅਨੁਸਾਰ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ।

# 12ਵੇਂ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਵ੍ਰਿਕਸ਼ ਆਸਨ ਦੀ ਅਹਿਮੀਅਤ ਬਾਰੇ ਜਾਗਰੂਕਤਾ ਮੁਹਿੰਮ ਨੂੰ ਉਤਸ਼ਾਹ

**ਰਾਜਪੁਰਾ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਡਾਇਰੈਕਟਰ ਆਯੁਰਵੇਦ ਪੰਜਾਬ ਡਾ. ਰਮਨ ਖੰਨਾ ਜੀ ਦੀ ਰਹਿਨੁਮਾਈ ਅਤੇ ਸਤਿਕਾਰਯੋਗ ਡੀਏਯੂਓ ਪਟਿਆਲਾ ਡਾ. ਮੋਹਨ ਕੌਸ਼ਲ ਜੀ ਦੇ ਭਰਪੂਰ ਸਹਿਯੋਗ ਹੇਠ, ਇਸ ਸਾਲ ਦੇ ਥੀਮ ਸਿਹਤਮੰਦ ਬੁਢਾਪੇ ਲਈ ਯੋਗ ਨਾਲ ਮਨਾਏ ਜਾਣ ਵਾਲੇ 12ਵੇਂ ਅੰਤਰਰਾਸ਼ਟਰੀ ਯੋਗ ਦਿਵਸ ਦੇ ਮੌਕੇ 'ਤੇ ਵ੍ਰਿਕਸ਼ ਆਸਨ ਦਾ ਪ੍ਰਦਰਸ਼ਨ ਡਾ. ਪੂਜਾ ਅਰੋੜਾ, ਆਯੁਰਵੇਦਿਕ ਮੈਡੀਕਲ ਅਫ਼ਸਰ, ਆਯੁਸ਼ਮਾਨ ਆਰੋਗਿਆ ਕੇਂਦਰ, ਰਾਜਪੁਰਾ ਵੱਲੋਂ ਕੀਤਾ ਗਿਆ।

ਵ੍ਰਿਕਸ਼ ਆਸਨ ਜਾਂ ਟ੍ਰੀ ਪੋਜ਼ ਯੋਗ ਦੀਆਂ ਸਭ ਤੋਂ ਪ੍ਰਭਾਵਸ਼ਾਲੀ ਅਤੇ ਵਿਆਪਕ ਤੌਰ 'ਤੇ ਅਭਿਆਸ ਕੀਤੀਆਂ ਜਾਣ ਵਾਲੀਆਂ ਮੁਦਰਾਵਾਂ ਵਿੱਚੋਂ ਇੱਕ ਹੈ, ਜੋ ਸਥਿਰਤਾ, ਵਿਕਾਸ ਅਤੇ ਸਦਭਾਵਨਾ ਦਾ ਪ੍ਰਤੀਕ ਹੈ। ਰੁੱਖ ਦੀ ਤਾਕਤ ਅਤੇ ਅਡੋਲਤਾ ਤੋਂ ਪ੍ਰੇਰਿਤ, ਇਹ ਆਸਨ ਅਭਿਆਸ ਕਰਨ ਵਾਲਿਆਂ ਨੂੰ ਸਰੀਰਕ ਸੰਤੁਲਨ, ਮਾਨਸਿਕ ਇਕਾਗਰਤਾ ਅਤੇ ਅੰਦਰੂਨੀ ਸ਼ਾਂਤੀ ਵਿਕਸਿਤ ਕਰਨ ਵਿੱਚ ਮਦਦ ਕਰਦਾ ਹੈ। ਵ੍ਰਿਕਸ਼ ਆਸਨ ਦਾ ਨਿਯਮਿਤ ਅਭਿਆਸ ਲੱਤਾਂ, ਟਖਨਿਆਂ ਅਤੇ ਕੋਰ



ਮਾਸਪੇਸ਼ੀਆਂ ਨੂੰ ਮਜ਼ਬੂਤ ਬਣਾਉਂਦਾ ਹੈ, ਨਾਲ ਹੀ ਸਰੀਰਕ ਮੁਦਰਾ ਅਤੇ ਸਰੀਰਕ ਤਾਲਮੇਲ ਵਿੱਚ ਸੁਧਾਰ ਕਰਦਾ ਹੈ। ਇਹ ਇਕਾਗਰਤਾ ਨੂੰ ਵਧਾਉਂਦਾ ਹੈ, ਆਤਮ-ਵਿਸ਼ਵਾਸ ਨੂੰ ਮਜ਼ਬੂਤ ਕਰਦਾ ਹੈ ਅਤੇ ਸਚੇਤਤਾ ਅਤੇ ਨਿਯੰਤਰਿਤ ਸਾਹ ਲੈਣ ਨੂੰ ਉਤਸ਼ਾਹਿਤ ਕਰਕੇ ਭਾਵਨਾਤਮਕ ਸਥਿਰਤਾ ਨੂੰ ਪ੍ਰੋਤਸਾਹਿਤ ਕਰਦਾ ਹੈ। ਯੋਗ ਮਾਹਿਰਾਂ ਦੇ ਅਨੁਸਾਰ, ਵ੍ਰਿਕਸ਼ ਆਸਨ ਹਰ ਉਮਰ ਵਰਗ ਦੇ ਵਿਅਕਤੀਆਂ ਲਈ ਉਚਿਤ ਹੈ ਅਤੇ ਇਸਨੂੰ ਰੋਜ਼ਾਨਾ ਸਿਹਤਮੰਦ ਜੀਵਨ ਸ਼ੈਲੀ ਦਾ ਹਿੱਸਾ ਬਣਾਇਆ ਜਾ ਸਕਦਾ ਹੈ। ਇਹ ਮੁਦਰਾ ਖਾਸ ਤੌਰ 'ਤੇ ਤਣਾਅ ਘਟਾਉਣ, ਨਿਊਰੋਮਸਕੂਲਰ ਤਾਲਮੇਲ ਵਿੱਚ ਸੁਧਾਰ ਕਰਨ ਅਤੇ ਧੀਰਜ ਤੇ ਲਚਕਤਾ ਨੂੰ ਵਿਕਸਿਤ ਕਰਨ ਲਈ ਲਾਭਕਾਰੀ ਹੈ।

ਸੰਪੂਰਨ ਸਿਹਤ ਪ੍ਰਤੀ ਜਾਗਰੂਕਤਾ ਦੇ ਲਗਾਤਾਰ ਵਾਧੇ ਦੇ ਨਾਲ, ਵ੍ਰਿਕਸ਼ ਆਸਨ ਸਰੀਰਕ ਤੰਦਰੁਸਤੀ ਅਤੇ ਮਾਨਸਿਕ ਸੁਖ-ਸ਼ਾਂਤੀ ਪ੍ਰਾਪਤ ਕਰਨ ਲਈ ਇੱਕ ਸਧਾਰਨ ਪਰ ਸ਼ਕਤੀਸ਼ਾਲੀ ਸਾਧਨ ਵਜੋਂ ਕੰਮ ਕਰਦਾ ਹੈ। ਅਭਿਆਸ ਕਰਨ ਵਾਲਿਆਂ ਨੂੰ ਉਚਿਤ ਮਾਰਗਦਰਸ਼ਨ ਹੇਠ ਇਸ ਮੁਦਰਾ ਦਾ ਅਭਿਆਸ ਕਰਨ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ, ਜਿਸ ਵਿੱਚ ਇੱਕ ਲੱਤ 'ਤੇ ਸੰਤੁਲਨ ਬਣਾਈ ਰੱਖਦੇ ਹੋਏ ਕਿਸੇ ਨਿਸ਼ਚਿਤ ਬਿੰਦੂ 'ਤੇ ਧਿਆਨ ਕੇਂਦਰਿਤ ਕਰਨਾ ਅਤੇ ਆਪਣੇ ਸਾਹ ਨੂੰ ਨਿਯੰਤਰਿਤ ਕਰਨਾ ਸ਼ਾਮਲ ਹੈ।

ਦੁਨੀਆ ਭਰ ਵਿੱਚ ਯੋਗ ਦੀ ਵਧਦੀ ਲੋਕਪ੍ਰਿਯਤਾ, ਸਿਹਤਮੰਦ ਜੀਵਨ ਸ਼ੈਲੀਆਂ ਨੂੰ ਉਤਸ਼ਾਹਿਤ ਕਰਨ ਅਤੇ ਸਮੁੱਚੀ ਤੰਦਰੁਸਤੀ ਨੂੰ ਪ੍ਰੋਤਸਾਹਨ ਦੇਣ ਵਿੱਚ ਵ੍ਰਿਕਸ਼ ਆਸਨ ਵਰਗੀਆਂ ਪਰੰਪਰਾਗਤ ਵਿਧੀਆਂ ਦੇ ਮਹੱਤਵ ਨੂੰ ਦਰਸਾਉਂਦੀ ਹੈ।

# ਧੰਨਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਕੋਟਿ-ਕੋਟਿ ਪ੍ਰਣਾਮ



**ਪਟਿਆਲਾ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਹਿੰਦੂ—ਸਿੱਖ ਦੇ ਪ੍ਰਤੀਕ ਪ੍ਰਾਚੀਨ ਮੰਦਿਰ ਸ੍ਰੀ ਕੇਦਾਰ ਨਾਥ ਜੀ ਵਿਖੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਠੰਡੇ ਅਤੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਸਭ ਤੋਂ ਪਹਿਲਾਂ ਮੰਦਿਰ ਵਿਖੇ ਛਬੀਲ ਦਾ ਪ੍ਰਸ਼ਾਦ ਲਗਵਾਇਆ ਗਿਆ ਅਤੇ ਗੁਰਦੁਆਰਾ ਭਾਈ ਜੱਸਾ ਸਿੰਘ ਜੀ ਵਲੋਂ ਸ਼ਿਵ ਜੀ ਦੀ ਮੂਰਤੀ ਦੇ ਕੋਲ ਛਬੀਲ ਵੰਡਨ ਤੋਂ ਪਹਿਲਾਂ ਅਰਦਾਸ ਕੀਤੀ ਗਈ ਇਸ ਉਪਰੰਤ ਠੰਡੇ ਮਿੱਠੇ ਜਲ ਦੀ ਛਬੀਲ ਵਰਤਾਈ ਗਈ। ਸੁਧਾਰ ਸਭਾ ਸ੍ਰੀ ਕੇਦਾਰ ਨਾਥ ਜੀ ਰਜਿ: ਵੱਲੋਂ ਮੰਦਿਰ ਵਿਖੇ ਸਾਰੇ ਹਿੰਦੂ ਅਤੇ ਸਿੱਖਾਂ ਦੇ ਵਾਰ ਤਿਉਹਾਰ ਸਾਰੇ ਭਗਤਾਂ ਦੇ ਸਹਿਯੋਗ ਨਾਲ ਮਨਾਉਂਦੀ ਆ ਰਹੀ ਹੈ। ਸ੍ਰੀ ਗੁਰੂ ਅਰਜਨ ਦੇਵ ਜੀ ਦੀ ਕੁਰਬਾਨੀ ਤੇ ਅਸੀਂ ਸ਼ਰਧਾਂ ਦੇ ਫੁੱਲ ਭੇਂਟ ਕਰਦੇ ਹਾਂ।

# ਫੌਜ, ਨੀਮ ਫੌਜੀ ਬਲਾਂ ਅਤੇ ਪੁਲਿਸ ਵਿੱਚ ਭਰਤੀ ਹੋਣ ਲਈ ਸਿਖਲਾਈ ਕੋਰਸ

**ਪਟਿਆਲਾ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਕਮਾਂਡਰ. ਬਲਜਿੰਦਰ ਵਿਰਕ (ਰਿਟਾ.) ਨੇ ਦੱਸਿਆ ਕਿ ਵਿਭਾਗ ਦੇ ਪ੍ਰੀ-ਰਿਕਰੂਟਮੈਂਟ ਸੈਂਟਰ ਵਿਖੇ ਫੌਜ ਅਤੇ ਨੀਮ ਫੌਜੀ ਬਲਾਂ ਵਿਚ ਭਰਤੀ ਹੋਣ ਲਈ ਕੇਵਲ ਪੰਜਾਬ ਦੇ ਬੱਚਿਆ ਲਈ ਪ੍ਰੀ-ਰਿਕਰੂਟਮੈਂਟ ਟ੍ਰੇਨਿੰਗ ਕੋਰਸ ਮਿਤੀ 02/07/2026 ਤੋਂ ਸ਼ੁਰੂ ਕੀਤਾ ਜਾ ਰਿਹਾ ਹੈ, ਜਿਸ ਦਾ ਮੰਤਵ ਸੈਨਾ ਵਿਚ ਸੇਵਾ ਕਰ ਰਹੇ ਸੈਨਿਕਾਂ, ਸਾਬਕਾ ਸੈਨਿਕਾਂ ਅਤੇ ਬਾਕੀ ਸ੍ਰੇਣੀਆਂ ਦੇ ਬੱਚਿਆਂ ਨੂੰ ਫੌਜ, ਨੀਮ ਫੌਜੀ ਬਲਾਂ ਅਤੇ ਪੁਲਿਸ ਵਿੱਚ ਭਰਤੀ ਹੋਣ ਲਈ ਯੋਗ ਬਣਾਉਣਾ ਹੈ। ਇਹ ਕੋਰਸ 45 ਦਿਨ ਦਾ ਹੋਵੇਗਾ। ਜਿਸ ਦੌਰਾਨ ਵਿਦਿਆਰਥੀਆਂ ਨੂੰ ਸਰੀਰਕ ਤੋਰ ਤੇ ਭਰਤੀ ਹੋਣ ਲਈ ਲੋੜੀਦੇਂ ਮਿਆਰ ਲਈ ਤਿਆਰ ਕੀਤਾ ਜਾਵੇਗਾ। ਇਸ ਤੋਂ ਇਲਾਵਾ ਉਹਨਾ ਨੂੰ ਲਿਖਤੀ ਇਮਤਿਹਾਨ ਦੀ ਤਿਆਰੀ ਵੀ ਕਰਵਾਈ ਜਾਵੇਗੀ। ਫੌਜ ਵਿੱਚ ਸਿਪਾਹੀ ਦੀ ਭਰਤੀ ਲਈ ਉਮੀਦਵਾਰ ਦੀ ਉਮਰ 17-1/2 ਤੋਂ 22 ਸਾਲ, ਕੱਦ 170 ਸੈਂਟੀਮੀਟਰ, ਛਾਤੀ 77 ਤੋਂ 82 ਸੈਂਟੀਮਿਟਰ ਅਤੇ ਵਜਨ 50 ਕਿੱਲੋ ਹੋਣਾ ਚਾਹੀਦਾ ਹੈ ਅਤੇ ਉਮੀਦਵਾਰ ਦਸਵੀਂ ਕਲਾਸ ਵਿੱਚ ਕੁੱਲ 45% ਅਤੇ ਹਰੇਕ ਵਿਸ਼ੇ ਵਿੱਚ 33% ਨੰਬਰਾਂ ਨਾਲ ਪਾਸ ਹੋਣ ਜ਼ਰੂਰੀ ਹੈ। ਕਲਰਕ/ਐਸ.ਕੇ.ਟੀ ਦੀ ਭਰਤੀ ਲਈ ਉਮੀਦਵਾਰਾਂ ਦੀ ਉਮਰ 17-1/2 ਤੋਂ 22 ਸਾਲ ਦੇ ਵਿਚਕਾਰ ਅਤੇ ਕੱਦ ਘੱਟੋਂ ਘੱਟ 162 ਸੈਟੀਮੀਟਰ ਹੋਣਾ ਜ਼ਰੂਰੀ ਹੈ। ਅੰਗਰੇਜ਼ੀ ਅਤੇ ਗਣਿਤ/ਅਕਾਊਂਟਿੰਗ/ਬੁੱਕ ਕੀਪਿੰਗ ਵਿਸ਼ਿਆਂ ਵਿਚ 50% ਨੰਬਰਾ ਨਾਲ ਪਾਸ ਹੋਣਾ ਜ਼ਰੂਰੀ ਹੈ। ਚਾਹਵਾਨ ਉਮੀਦਵਾਰ ਆਪਣੇ ਪੜ੍ਹਾਈ ਦੇ ਸਰਟਿਫਿਕੇਟ, ਪਾਸਪੋਰਟ ਸਾਇਜ਼ ਫੋਟੋ, ਡਿਸਾਚਾਰਜ ਬੁੱਕ (ਕੇਵਲ ਸਾਬਕਾ ਸੈਨਿਕਾਂ ਦੇ ਬੱਚਿਆਂ ਲਈ) ਅਤੇ ਐਸ.ਸੀ ਜਾਤੀ ਦੇ ਉਮੀਦਵਾਰ ਆਪਣਾ ਜਾਤੀ ਦਾ ਸਰਟੀਫਿਕੇਟ ਨਾਲ ਲੈ ਕੇ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ, ਪਟਿਆਲਾ, ਨੇੜੇ ਰੇਲਵੇ ਸਟੇਸ਼ਨ, ਵਿਖੇ ਆਪਣੇ ਨਾਮ ਦੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਉਹਨਾ ਨੇ ਇਹ ਵੀ ਦੱਸਿਆ ਹੈ ਕਿ ਪਟਿਆਲਾ ਜ਼ਿਲ੍ਹੇ ਦੇ ਉਮੀਦਵਾਰ ਹੀ ਇਸ ਟ੍ਰੇਨਿੰਗ ਵਿਚ ਸ਼ਾਮਲ ਹੋ ਸਕਦੇ ਹਨ। ਪ੍ਰੀ-ਰਿਕਰੂਟਮੈਂਟ ਸੈਂਟਰ ਸਿਖਲਾਈ ਲਈ ਇੱਕ ਆਲ ਵੈਦਰ ਟਰੈਕ ਅਤ ਟ੍ਰੇਨਿੰਗ ਦੇ ਜ਼ਰੂਰੀ ਸਾਜੇ ਸਮਾਨ ਉਪਲੱਬਧ ਹਨ। ਵਧੇਰੇ ਜਾਣਕਾਰੀ ਲਈ ਫੋਨ ਨੰ. 0175-2361188, 70278-80527 ਕਿਸੇ ਵੀ ਕੰਮ ਕਾਜ ਵਾਲੇ ਦਿਨ ਸੰਪਰਕ ਕਰ ਸਕਦੇ ਹਨ।

# ਜਨਹਿੱਤ ਸਮਿਤੀ ਫ੍ਰੀ ਸਿਲਾਈ ਸਿਖਲਾਈ ਕੇਂਦਰ ਦੀਆਂ ਲੜਕੀਆਂ ਨੇ ਸਮਿਤੀ ਦਾ ਜਤਾਇਆ ਆਭਾਰ



**ਪਟਿਆਲਾ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਜਨਹਿੱਤ ਸਮਿਤੀ (ਰਜਿਸਟਰਡ) ਪਟਿਆਲਾ ਦੇ ਪ੍ਰਧਾਨ ਸ਼੍ਰੀ ਐਸ ਕੇ ਗੌਤਮ ਅਤੇ ਜਨਰਲ ਸੈਕਟਰੀ ਸ਼੍ਰੀ ਵਿਨੋਦ ਕੁਮਾਰ ਸ਼ਰਮਾ ਦੀ ਯੋਗ ਅਗਵਾਈ ਹੇਠ ਗੁਰਬਖਸ਼ ਕਾਲੋਨੀ ਪਟਿਆਲਾ ਵਿਖੇ ਚਲਾਏ ਜਾ ਰਹੇ ਫ੍ਰੀ ਸਿਲਾਈ ਕਢਾਈ ਸਿਖਲਾਈ ਕੇਂਦਰ ਦਾ ਸਮਿਤੀ ਦੇ ਸੰਸਥਾਪਕ ਮੈਂਬਰ ਅਨਿਲ ਕੁਮਾਰ ਭਾਰਤੀ ਅਤੇ ਨਵੀਂ ਮੈਂਬਰ ਜਪਲੀਨ ਕੌਰ ਨੇ ਵਿਸ਼ੇਸ਼ ਤੌਰ 'ਤੇ ਦੌਰਾ ਕੀਤਾ। ਸਮਿਤੀ ਵੱਲੋਂ ਚਲਾਏ ਜਾ ਰਹੇ ਇਸ ਕੇਂਦਰ ਦੀਆਂ ਲੜਕੀਆਂ ਨੇ ਦੱਸਿਆ ਕਿ ਇਸ ਜਨਹਿੱਤ ਸਿਲਾਈ ਕਢਾਈ ਸਿਖਲਾਈ ਕੇਂਦਰ ਦੀ ਟੀਚਰ ਦੀਦੀ ਬਹੁਤ ਚੰਗੀ ਤਰ੍ਹਾਂ ਸਿਲਾਈ ਕਢਾਈ ਆਦਿ ਦਾ ਸਾਰਾ ਕੰਮ ਕਰਨਾ ਸਿਖਾਉਂਦੀ ਹੈ। ਕਈ ਮਹਿਲਾ ਸਿੱਖਿਆਰਥੀਆਂ ਨੇ ਕਿਹਾ ਕਿ ਪਹਿਲਾਂ ਉਨ੍ਹਾਂ ਦੀਆਂ ਧੀਆਂ ਅਤੇ ਨਹੁੰਆਂ ਨੇ ਇਸ ਕੇਂਦਰ ਤੋਂ ਸਿਲਾਈ ਦਾ ਕੰਮ ਸਿੱਖਿਆ ਹੈ। ਉਸ ਤੋਂ ਬਾਅਦ ਉਨ੍ਹਾਂ ਨੇ ਹੀ ਇਨ੍ਹਾਂ ਨੂੰ ਕੇਂਦਰ ਵਿੱਚ ਆ ਕੇ ਸਿਲਾਈ ਕਢਾਈ ਸਿੱਖਣ ਦੀ ਪ੍ਰੇਰਨਾ ਦਿੱਤੀ ਹੈ ਅਤੇ ਇਸੇ ਲਈ ਇਨ੍ਹਾਂ ਮਾਤਾਵਾਂ ਨੇ ਸਿਲਾਈ ਸਿੱਖਣ ਦਾ ਕੰਮ ਸ਼ੁਰੂ ਕੀਤਾ ਹੈ। ਜ਼ਿਆਦਾਤਰ ਲੜਕੀਆਂ ਨੇ ਦੱਸਿਆ ਕਿ ਹੁਣ ਉਹ ਸਿਲਾਈ ਦੇ ਕੰਮ ਵਿੱਚ ਇੰਨੀਆਂ ਟ੍ਰੈਂਡ (ਮਾਹਰ) ਹੋ ਗਈਆਂ ਹਨ ਕਿ ਆਪਣੇ ਕੱਪੜੇ ਤਾਂ ਉਹ ਸਿਲਾਈ ਕਰਦੀਆਂ ਹੀ ਹਨ, ਆਪਣੇ ਘਰ ਦੇ ਮੈਂਬਰਾਂ ਦੇ ਕੱਪੜੇ ਵੀ ਖੁਦ ਸਿਲਾਈ ਕਰਕੇ ਬਹੁਤ ਬਚਤ ਕਰ ਰਹੀਆਂ ਹਨ।

ਕਈ ਔਰਤਾਂ ਨੇ ਤਾਂ ਹੋਰਨਾਂ ਦੇ ਕੱਪੜੇ ਸਿਲਾਈ ਕਰਕੇ ਆਪਣੇ ਘਰ ਦਾ ਖਰਚਾ ਵੀ ਖੁਦ ਚੁੱਕਣਾ ਸ਼ੁਰੂ ਕਰ ਦਿੱਤਾ ਹੈ। ਸਮਿਤੀ ਦੀ ਨਵੀਂ ਮੈਂਬਰ ਜਪਲੀਨ ਕੌਰ ਨੇ ਕੇਂਦਰ ਦੀਆਂ ਲੜਕੀਆਂ ਵੱਲੋਂ ਬਹੁਤ ਚੰਗੀ ਤਰ੍ਹਾਂ ਸਿਲਾਈ ਕੀਤੇ ਗਏ ਸੂਟਾਂ ਦਾ ਮੁਆਇਨਾ ਕੀਤਾ ਅਤੇ ਆਪਣੀ ਖੁਸ਼ੀ ਜ਼ਾਹਰ ਕਰਨ ਦੇ ਨਾਲ- ਨਾਲ ਉਨ੍ਹਾਂ ਨੂੰ ਹੋਰ ਵੱਧ ਲਗਨ ਨਾਲ ਸਿਲਾਈ ਕਢਾਈ ਦੇ ਕੰਮਾਂ ਨੂੰ ਸਿੱਖਣ ਦੀ ਪ੍ਰੇਰਨਾ ਵੀ ਦਿੱਤੀ। ਸਿਲਾਈ ਕਢਾਈ ਸਿਖਲਾਈ ਕੇਂਦਰ ਦੀਆਂ ਸਾਰੀਆਂ ਲੜਕੀਆਂ ਅਤੇ ਔਰਤਾਂ ਨੇ ਜਨਹਿੱਤ ਸਮਿਤੀ (ਰਜਿਸਟਰਡ) ਪਟਿਆਲਾ ਦਾ ਦਿਲੋਂ ਧੰਨਵਾਦ ਵੀ ਕੀਤਾ, ਜਿਨ੍ਹਾਂ ਵੱਲੋਂ ਇਹ ਕੇਂਦਰ ਖੋਲ੍ਹਣ ਕਾਰਨ ਉਨ੍ਹਾਂ ਦੇ ਜੀਵਨ ਵਿੱਚ ਕ੍ਰਾਂਤੀਕਾਰੀ ਪਰਿਵਰਤਨ ਦੇਖਣ ਨੂੰ ਮਿਲਿਆ ਹੈ।

ਸਮਿਤੀ ਦੇ ਸੰਸਥਾਪਕ ਮੈਂਬਰ ਅਨਿਲ ਕੁਮਾਰ ਭਾਰਤੀ ਨੇ ਦੱਸਿਆ ਕਿ ਜਨਹਿੱਤ ਸਮਿਤੀ ਵੱਲੋਂ ਸ਼ਹਿਰ ਵਿੱਚ ਸਿਲਾਈ ਕਢਾਈ ਸਿਖਲਾਈ ਕੇਂਦਰਾਂ, ਕੰਪਿਊਟਰ ਸੈਂਟਰਾਂ ਅਤੇ ਬਿਊਟੀਸ਼ੀਅਨ ਟ੍ਰੇਨਿੰਗ ਸੈਂਟਰ ਖੋਲ੍ਹਣ ਦੇ ਪਿੱਛੇ ਸਮਿਤੀ ਦੇ ਸੰਸਥਾਪਕ ਸ਼੍ਰੀ ਓਮਪ੍ਰਕਾਸ਼ ਕੌਸ਼ਿਸ਼ ਦੀ ਇਹ ਸੋਚ ਸੀ ਕਿ ਲੜਕੀਆਂ ਨੂੰ ਹਮੇਸ਼ਾ ਕੋਈ ਨਾ ਕੋਈ ਹੁਨਰ ਜਾਂ ਕਲਾ ਜ਼ਰੂਰ ਸਿਖਾਈ ਜਾਣੀ ਚਾਹੀਦੀ ਹੈ ਤਾਂ ਜੋ ਉਹ ਜੀਵਨ ਦੇ ਹਰ ਚੰਗੇ-ਮਾੜੇ ਸਮੇਂ ਵਿੱਚ ਆਪਣੇ ਪ੍ਰੋਫੈਸ਼ਨਲ ਹੁਨਰ ਦੇ ਸਹਾਰੇ ਚੰਗੀ ਤਰ੍ਹਾਂ ਆਪਣਾ ਘਰ-ਬਾਰ ਚਲਾ ਸਕਨ।

ਇੱਥੇ ਇਹ ਵੀ ਵਰਣਨਯੋਗ ਹੈ ਕਿ ਜਨਹਿੱਤ ਸਮਿਤੀ (ਰਜਿਸਟਰਡ) ਪਟਿਆਲਾ ਵੱਲੋਂ ਪਟਿਆਲਾ ਵਿੱਚ ਚਲਾਏ ਜਾ ਰਹੇ ਸਿਲਾਈ ਕਢਾਈ ਸਿਖਲਾਈ ਕੇਂਦਰਾਂ ਵਿੱਚ ਆਪਣਾ ਕੋਰਸ ਪੂਰਾ ਕਰ ਲੈਣ ਵਾਲੀਆਂ ਸਿੱਖਿਆਰਥਣਾਂ ਦੀ ਪ੍ਰੀਖਿਆ ਪਾਸ ਕਰ ਲੈਣ ਤੋਂ ਬਾਅਦ ਸਫਲ ਹੋਣ ਵਾਲੀਆਂ ਲੜਕੀਆਂ ਅਤੇ ਔਰਤਾਂ ਨੂੰ ਸਰਟੀਫਿਕੇਟ ਦੇਣ ਦੇ ਨਾਲ-ਨਾਲ ਸਿਲਾਈ ਮਸ਼ੀਨਾਂ ਵੀ ਤੋਹਫ਼ੇ ਵਜੋਂ ਪ੍ਰਦਾਨ ਕੀਤੀਆਂ ਜਾਂਦੀਆਂ ਹਨ ਤਾਂ ਜੋ ਉਹ ਆਪਣਾ ਕੋਰਸ ਪੂਰਾ ਕਰਨ ਤੋਂ ਬਾਅਦ ਸਿਲਾਈ ਕਢਾਈ ਦਾ ਕੰਮ ਕਰਕੇ ਆਪਣੇ ਪੈਰਾਂ 'ਤੇ ਖੜ੍ਹੀਆਂ ਹੋ ਸਕਣ।

# ਸੀਨੀਅਰ ਸਿਟੀਜ਼ਨ ਪਾਰਕ, ਵਿਖੇ ਤਿੰਨ ਸਾਲਾਂ ਤੋਂ ਚੱਲ ਰਹੀਆਂ ਯੋਗਾ ਕਲਾਸਾਂ ਦੇ ਸਾਧਕਾਂ ਦਾ ਸਨਮਾਨ



**ਪਟਿਆਲਾ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀਨੀਅਰ ਸਿਟੀਜ਼ਨ ਪਾਰਕ, ਅਰਬਨ ਅਸਟੇਟ ਫੇਜ਼-3, ਪਟਿਆਲਾ ਵਿਖੇ ਤਿੰਨ ਸਾਲਾਂ ਤੋਂ ਨਿਰੰਤਰ ਚੱਲ ਰਹੀਆਂ ਯੋਗਾ ਕਲਾਸਾਂ ਵਿੱਚ ਭਾਗ ਲੈ ਰਹੇ 30 ਤੋਂ ਵੱਧ ਯੋਗਾ ਸਾਧਕਾਂ ਨੂੰ ਇੱਕ ਵਿਸ਼ੇਸ਼ ਸਮਾਗਮ ਦੌਰਾਨ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।

ਸਮਾਗਮ ਦੇ ਮੁੱਖ ਮਹਿਮਾਨ ਵਿਜੈ ਕੁਮਾਰ ਗੋਇਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਯੋਗਾ ਸਰੀਰਕ ਅਤੇ ਮਾਨਸਿਕ ਸਿਹਤ ਲਈ ਸਭ ਤੋਂ ਵਧੀਆ ਕਸਰਤ ਹੈ ਅਤੇ ਹਰ ਵਿਅਕਤੀ ਨੂੰ ਇਸਨੂੰ ਆਪਣੀ ਰੋਜ਼ਾਨਾ ਜੀਵਨ ਸ਼ੈਲੀ ਦਾ ਹਿੱਸਾ ਬਣਾਉਣਾ ਚਾਹੀਦਾ ਹੈ। ਇਸ ਮੌਕੇ 'ਤੇ ਵਿਸ਼ੇਸ਼ ਮਹਿਮਾਨ ਡਾ. ਮਲਕੀਤ ਸਿੰਘ ਮਾਨ, ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ, ਪਟਿਆਲਾ, ਰਮਨਦੀਪ ਕੌਰ, ਜ਼ਿਲ੍ਹਾ ਇੰਚਾਰਜ ਸੀ.ਐੱਮ. ਯੋਗਾ, ਪਟਿਆਲਾ ਅਤੇ ਆਸ਼ਾ ਰਾਣੀ, ਸਾਬਕਾ ਡਿਪਟੀ ਰਜਿਸਟਰਾਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਹਾਜ਼ਰ ਸਨ। ਤਿੰਨ ਸਾਲਾਂ ਤੋਂ ਨਿਯਮਿਤ ਯੋਗਾ ਕਰ ਰਹੇ ਸਾਰੇ ਸਾਧਕਾਂ ਨੂੰ ਉਨ੍ਹਾਂ ਦੀ ਲਗਨ ਅਤੇ ਅਨੁਸ਼ਾਸਨ ਲਈ ਮੈਡਲ ਪ੍ਰਦਾਨ ਕੀਤੇ ਗਏ। ਸਮਾਗਮ ਵਿੱਚ ਪਹੁੰਚੇ ਸਾਰੇ ਮਾਣਯੋਗ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਯੋਗਾ ਟ੍ਰੇਨਰ ਗੁਰਦੀਪ ਸਿੰਘ ਨੂੰ ਯੋਗਾ ਦੇ ਪ੍ਰਚਾਰ-ਪ੍ਰਸਾਰ, ਸ਼ਾਨਦਾਰ ਸੇਵਾਵਾਂ, ਸਮਰਪਣ ਅਤੇ ਅਨੁਸ਼ਾਸਨ ਲਈ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।



ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਸਿਰਸਾ ਵਿੱਚ ਜ਼ਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਨਿਵਾਰਣ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ। ਓਡੀਸ਼ਾ ਦੇ ਸਾਬਕਾ ਰਾਜਪਾਲ ਪ੍ਰੋ. ਗਣੇਸ਼ੀ ਲਾਲ ਅਤੇ ਸਿਰਸਾ ਦੇ ਡਿਪਟੀ ਕਮਿਸ਼ਨਰ ਸ਼੍ਰੀ ਸ਼ਾਂਤਨੂ ਸ਼ਰਮਾ ਵੀ ਦਿਖਾਈ ਦੇ ਰਹੇ ਹਨ।

# ਨੌਜਵਾਨ ਵੱਲੋਂ ਚਾਚੇ ਅਤੇ ਦੋਸਤ ਦੀ ਗੋਲੀਆਂ ਮਾਰ ਕੇ ਹੱਤਿਆ

**ਲਾਲੜੂ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਲਾਲੜੂ ਵਿਖੇ ਚਾਚੇ ਨੂੰ ਗੋਲੀਆਂ ਮਾਰ ਕੇ ਅਗਵਾ ਕਰਨ ਦੇ ਮਾਮਲੇ ਵਿੱਚ ਇੱਕ ਹੋਰ ਖ਼ੌਫਨਾਕ ਅਤੇ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਪਾਣੀਪਤ ਦੇ ਉਗਰਾਖੇੜੀ ਪਿੰਡ ਦੇ ਰਹਿਣ ਵਾਲੇ ਮੁਲਜ਼ਮ ਸਾਹਿਲ ਮਲਿਕ ਨੇ ਆਪਣੇ ਚਾਚੇ ਰਾਹੁਲ ਮਲਿਕ ਦਾ ਕਤਲ ਕੀਤਾ, ਇਸ ਦੇ ਨਾਲ ਪਾਣੀਪਤ ਪਹੁੰਚ ਕੇ ਆਪਣੇ ਇੱਕ ਦੋਸਤ ਅੰਕੁਸ਼ ਨੂੰ ਬੁਲਾ ਕੇ ਉਸ ਨੂੰ ਵੀ ਗੋਲੀਆਂ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ।ਜ਼ਿਕਰਯੋਗ ਹੈ ਕਿ ਬੀਤੀ ਦੇਰ ਸ਼ਾਮ ਲਾਲੜੂ ਨੇੜਲੇ ਪਿੰਡ ਘੋਲੂ ਮਾਜਰਾ ਵਿਖੇ ਸਥਿਤ ਦਫ਼ਤਰ ’ਚ ਮੁਲਜ਼ਮ ਸਾਹਿਲ ਨੇ ਆਪਣੇ ਚਾਚੇ ਰਾਹੁਲ ਮਲਿਕ ’ਤੇ ਤਾਬੜਤੋੜ ਗੋਲੀਆਂ ਚਲਾ ਦਿੱਤੀਆਂ ਸਨ। ਵਾਰਦਾਤ ਤੋਂ ਬਾਅਦ ਉਹ ਚਾਚੇ ਦੀ ਹੀ ਸਫ਼ਾਰੀ ਗੱਡੀ ਵਿੱਚ ਖ਼ੂਨ ਨਾਲ ਲੱਥਪੱਥ ਚਾਚੇ ਨੂੰ ਲੈ ਕੇ ਅਤੇ ਦਫ਼ਤਰ ਿ ਪਾਣੀਪਤ ਵੱਲ ਫਰਾਰ ਹੋ ਗਿਆ।ਪੁਲੀਸ ਵੱਲੋਂ ਮੁਲਜ਼ਮ ਦੇ ਮੋਬਾਈਲ ਨੰਬਰ ਨੂੰ ਟ੍ਰੇਸਿੰਗ ’ਤੇ ਲਗਾ ਕੇ ਲਗਾਤਾਰ ਉਸ ਦਾ ਪਿੱਛਾ ਕੀਤਾ ਜਾ ਰਿਹਾ ਸੀ। ਪਰ ਪਾਣੀਪਤ ਪਹੁੰਚਣ ਤੋਂ ਪਹਿਲਾਂ ਹੀ ਮੁਲਜ਼ਮ ਸਾਹਿਲ ਨੇ ਆਪਣੇ ਦੋਸਤ ਅੰਕੁਸ਼ ਵਾਸੀ ਹਰੀ ਨਗਰ, ਪਾਣੀਪਤ ਨੂੰ ਫ਼ੋਨ ਕਰਕੇ ਪਾਣੀਪਤ ਟੋਲ ਪਲਾਜ਼ਾ ’ਤੇ ਬੁਲਾ ਲਿਆ।

# ਲੋਕਾਂ ਦੀਆਂ ਸਮੱਸਿਆਵਾਂ ਦੇ ਫੌਰੀ ਹੱਲ ਲਈ ਵਚਨਬੱਧ: ਕ੍ਰਿਸ਼ਨ ਕੁਮਾਰ ਬੇਦੀ




**ਰਤੀਆ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਸਮਾਜਿਕ ਨਿਆਂ, ਅਧਿਕਾਰਤਾ, ਅਨੁਸੂਚਿਤ ਜਾਤੀ ਅਤੇ ਪਿੱਛੜਾ ਵਰਗ ਕਲਿਆਣ ਮੰਤਰੀ ਕ੍ਰਿਸ਼ਨ ਕੁਮਾਰ ਬੇਦੀ ਨੇ ਕਿਹਾ ਕਿ ਹਰਿਆਣਾ ਸਰਕਾਰ ਲੋਕਾਂ ਦੀਆਂ ਸਮੱਸਿਆਵਾਂ ਦੇ ਫੌਰੀ ਅਤੇ ਪ੍ਰਭਾਵਸ਼ਾਲੀ ਹੱਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਸੂਬਾ ਸਰਕਾਰ ਪਾਰਦਰਸ਼ੀ ਅਤੇ ਲੋਕ-ਹਿਤੈਸ਼ੀ ਪ੍ਰਸ਼ਾਸਨ ਦੇਣ ਲਈ ਯਤਨਸ਼ੀਲ ਹੈ। ਉਹ ਸਥਾਨਕ ਡੀ ਪੀ ਆਰ ਸੀ ਹਾਲ ਵਿੱਚ ਜ਼ਿਲ੍ਹਾ ਲੋਕ ਸੰਪਰਕ ਅਤੇ ਜਨ ਪਰਿਵਾਦ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਮੀਟਿੰਗ ਵਿੱਚ ਕੁੱਲ 13 ਮਾਮਲੇ ਆਏ, ਜਿਨ੍ਹਾਂ ਵਿੱਚੋਂ ਅੱਠ ਦਾ ਮੌਕੇ ’ਤੇ ਨਿਬੇੜਾ ਕੀਤਾ ਗਿਆ, ਜਦਕਿ ਪੰਜ ਮਾਮਲੇ ਹੋਰ ਜਾਂਚ ਲਈ ਅਗਲੀ ਮੀਟਿੰਗ ਤੱਕ ਲੰਬਿਤ ਰੱਖੇ ਗਏ। ਨਿਬੇੜੇ ਗਏ ਮਾਮਲੇ ਪੀਣ ਵਾਲੇ ਪਾਣੀ, ਬਿਜਲੀ, ਲੋਕ ਨਿਰਮਾਣ, ਪੁਲੀਸ, ਸਿੱਖਿਆ ਅਤੇ ਹੋਰ ਵਿਭਾਗਾਂ ਨਾਲ ਸਬੰਧਤ ਸਨ। ਬੜੋਪਲ ਨਿਵਾਸੀ ਸੁੰਦਰ ਸਿੰਘ ਦੀ ਬਰਸਾਤੀ ਪਾਣੀ ਨਿਕਾਸੀ ਸਬੰਧੀ ਸ਼ਿਕਾਇਤ ’ਤੇ ਦੋ ਹਫ਼ਤਿਆਂ ਵਿੱਚ ਰਿਪੋਰਟ ਮੰਗੀ ਗਈ ਹੈ। ਵਿਵਾਦ ਨੰਬਰ 4 ਵਿੱਚ ਸ਼ਿਕਾਇਤ ਝੂਠੀ ਪਾਈ ਗਈ, ਜਿਸ ’ਤੇ ਨਿਯਮ ਅਨੁਸਾਰ ਕਾਰਵਾਈ ਦੇ ਨਿਰਦੇਸ਼ ਦਿੱਤੇ ਗਏ। ਵਿਵਾਦ ਨੰਬਰ 13 ਲਈ ਐੱਸ ਡੀ ਐੱਮ ਟੋਹਾਣਾ ਦੀ ਅਗਵਾਈ ਵਿੱਚ ਜਾਂਚ ਕਮੇਟੀ ਗਠਿਤ ਕੀਤੀ ਗਈ।

ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਿਸੇ ਵੀ ਸ਼ਿਕਾਇਤ ਨੂੰ ਹਲਕੇ ਵਿੱਚ ਨਾ ਲਿਆ ਜਾਵੇ ਅਤੇ ਨਿਰਪੱਖ ਜਾਂਚ ਕੀਤੀ ਜਾਵੇ। ਇਸ ਮੌਕੇ ਫਤਿਹਾਬਾਦ ਦੇ ਵਿਧਾਇਕ ਬਲਵਾਨ ਦੌਲਤਪੁਰੀਆ, ਰਤੀਆ ਦੇ ਵਿਧਾਇਕ ਜਰਨੈਲ ਸਿੰਘ, ਸਾਬਕਾ ਸੰਸਦੀ ਸਕੱਤਰ ਦੁੜਾਰਾਮ, ਭਾਜਪਾ ਜ਼ਿਲ੍ਹਾ ਪ੍ਰਧਾਨ ਪ੍ਰਵੀਨ ਜੋੜਾ, ਸਾਬਕਾ ਵਿਧਾਇਕ ਲਕਸ਼ਮਣ ਨਾਪਾ, ਜ਼ਿਲ੍ਹਾ ਪਰਿਸ਼ਦ ਚੇਅਰਪਰਸਨ ਸੁਮਨ ਖਿਚੜ ਆਦਿ ਹਾਜ਼ਰ ਸਨ।

# ਮਹਿਲਾਵਾਂ ਨੂੰ ਆਪਣੇ ਹੀ ਜ਼ਿਲ੍ਹੇ ਵਿੱਚ ਉਪਲਬਧ ਹੋਣਗੀਆਂ ਬ੍ਰੈਸਟ ਕੈਂਸਰ ਦੀ ਜਾਂਚ ਦੀਆਂ ਉੱਨਤ ਸਹੂਲਤਾਂ

**ਚੰਡੀਗੜ੍ਹ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਿਲਾਵਾਂ ਨੂੰ ਬਿਹਤਰ ਸਿਹਤ ਸਹੂਲਤਾਂ ਉਪਲਬਧ ਕਰਵਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ ਹਰਿਆਣਾ ਸਰਕਾਰ ਰਾਜ ਦੇ ਅੱਠ ਜ਼ਿਲ੍ਹਾ ਹਸਪਤਾਲਾਂ ਵਿੱਚ ਫੁੱਲ-ਫੀਲਡ ਡਿਜੀਟਲ ਮੈਮੋਗ੍ਰਾਫੀ ਮਸ਼ੀਨਾਂ ਸਥਾਪਤ ਕਰੇਗੀ। ਇਹ ਕਾਰਜ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਵੱਲੋਂ ਸ਼ੁਰੂ ਕੀਤੀ ਗਈ ਪ੍ਰਮੁੱਖ ਪਹਿਲ ‘ਸਵਸਥ ਨਾਰੀ-ਸਸ਼ਕਤ ਪਰਿਵਾਰ’ ਕਲੀਨਿਕ ਦੇ ਤਹਿਤ ਕੀਤਾ ਜਾਵੇਗਾ।

ਇਸ ਸਬੰਧ ਵਿੱਚ ਜਾਣਕਾਰੀ ਦਿੰਦਿਆਂ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਨੇ ਦੱਸਿਆ ਕਿ ਇਨ੍ਹਾਂ ਮਸ਼ੀਨਾਂ ਰਾਹੀਂ ਮਹਿਲਾਵਾਂ ਨੂੰ ਬ੍ਰੈਸਟ ਕੈਂਸਰ ਦੀ ਜਾਂਚ ਅਤੇ ਸਮੇਂ ਸਿਰ ਇਲਾਜ ਦੀ ਬਿਹਤਰ ਸਹੂਲਤ ਉਪਲਬਧ ਹੋਵੇਗੀ। ਉਨ੍ਹਾਂ ਦੱਸਿਆ ਕਿ ਮੈਮੋਗ੍ਰਾਫੀ ਮਸ਼ੀਨਾਂ ਜ਼ਿਲ੍ਹਾ ਸਿਵਲ ਹਸਪਤਾਲ ਪੰਚਕੂਲਾ, ਰੇਵਾੜੀ, ਸੋਨੀਪਤ, ਕੁਰੂਕਸ਼ੇਤਰ, ਪਾਣੀਪਤ, ਕਰਨਾਲ ਅਤੇ ਨਾਰਨੌਲ ਤੋਂ ਇਲਾਵਾ ਗੁਰੂਗ੍ਰਾਮ ਦੇ ਸੈਕਟਰ-10 ਸਥਿਤ ਸਿਵਲ ਹਸਪਤਾਲ ਵਿੱਚ ਸਥਾਪਤ ਕੀਤੀਆਂ ਜਾਣਗੀਆਂ। ਇਨ੍ਹਾਂ ਮਸ਼ੀਨਾਂ ਦੇ ਲੱਗਣ ਨਾਲ ਮਹਿਲਾਵਾਂ ਨੂੰ ਆਪਣੇ ਹੀ ਜ਼ਿਲ੍ਹੇ ਵਿੱਚ ਉੱਨਤ ਬ੍ਰੈਸਟਕੈਂਸਰ ਜਾਂਚ ਸਹੂਲਤਾਂ ਉਪਲਬਧ ਹੋਣਗੀਆਂ ਅਤੇ ਉਨ੍ਹਾਂ ਨੂੰ ਇਲਾਜ ਲਈ ਦੂਰ-ਦੁਰਾਡੇ ਦੇ ਹਸਪਤਾਲਾਂ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ।

ਡਾ. ਮਿਸ਼ਰਾ ਨੇ ਕਿਹਾ ਕਿ ‘ਸਵਸਥ ਨਾਰੀ-ਸਸ਼ਕਤ ਪਰਿਵਾਰ’ ਕਲੀਨਿਕ ਦੀ ਸ਼ੁਰੂਆਤ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਇਸੇ ਸਾਲ 29 ਮਈ ਨੂੰ ਕੀਤੀ ਸੀ। ਇਸ ਪਹਿਲ ਦਾ ਉਦੇਸ਼ ਮਹਿਲਾਵਾਂ ਨੂੰ ਵਿਆਪਕ ਪੱਧਰ ’ਤੇ ਸਕ੍ਰੀਨਿੰਗ, ਜਾਂਚ, ਸਲਾਹ-ਮਸ਼ਵਰਾ, ਡਾਇਗਨੋਸਿਸ ਅਤੇ ਰੋਕਥਾਮ ਵਾਲੀਆਂ ਸਿਹਤ ਸੇਵਾਵਾਂ ਉਪਲਬਧ ਕਰਵਾਉਣਾ ਹੈ। ਇਸੇ ਕੜੀ ਵਿੱਚ ਹਰਿਆਣਾ ਮੈਡੀਕਲ ਸਰਵਿਸਿਜ਼ ਕਾਰਪੋਰੇਸ਼ਨ ਲਿਮਟਿਡ ਰਾਹੀਂ ਰਾਜ ਸਿਹਤ ਖਰੀਦ ਅਤੇ ਪ੍ਰੋਕਿਊਰਮੈਂਟ ਕਮੇਟੀ ਵੱਲੋਂ 11 ਫੁੱਲ-ਫੀਲਡ ਡਿਜੀਟਲ ਮੈਮੋਗ੍ਰਾਫੀ ਮਸ਼ੀਨਾਂ ਦੀ ਖਰੀਦ ਨੂੰ ਮਨਜ਼ੂਰੀ ਦਿੱਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਹਰੇਕ ਮਸ਼ੀਨ ਦੀ ਲਾਗਤ ਲਗਭਗ 1.18 ਕਰੋੜ ਰੁਪਏ ਹੈ। ਇਨ੍ਹਾਂ ਮਸ਼ੀਨਾਂ ਦੀ ਸਥਾਪਨਾ ਨਾਲ ਰਾਜ ਵਿੱਚ ਮਹਿਲਾਵਾਂ ਲਈ ਕੈਂਸਰ ਜਾਂਚ ਸੇਵਾਵਾਂ ਦਾ ਦਾਇਰਾ ਵਿਆਪਕ ਹੋਵੇਗਾ ਅਤੇ ਸਿਹਤ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇਗਾ।

ਵਧੀਕ ਮੁੱਖ ਸਕੱਤਰ ਨੇ ਦੱਸਿਆ ਕਿ ਮੌਜੂਦਾ ਵਿੱਚ ਮੈਮੋਗ੍ਰਾਫੀ ਸੇਵਾਵਾਂ ਸਿਰਫ ਅੰਬਾਲਾ ਕੈਂਟ ਦੇ ਸਬ-ਡਿਵੀਜਨ ਸਿਵਲ ਹਸਪਤਾਲ ਅਤੇ ਝੱਜਰ ਤੇ ਰੋਹਤਕ ਜ਼ਿਲ੍ਹਿਆਂ ਵਿੱਚ ਉਪਲਬਧ ਹਨ। ਨਵੀਆਂ ਮਸ਼ੀਨਾਂ ਦੀ ਸਥਾਪਨਾ ਤੋਂ ਬਾਅਦ ਰਾਜ ਦੇ ਹੋਰ ਜ਼ਿਲ੍ਹਿਆਂ ਵਿੱਚ ਛਾਤੀ ਦੇ ਕੈਂਸਰ ਦੀ ਜਾਂਚ ਦੀ ਸਹੂਲਤ ਉਪਲਬਧ ਹੋ ਜਾਵੇਗੀ, ਜਿਸ ਨਾਲ ਬੀਮਾਰੀ ਦੀ ਸ਼ੁਰੂਆਤੀ ਸਟੇਜ ਵਿੱਚ ਪਛਾਣ ਸੰਭਵ ਹੋਵੇਗੀ ਅਤੇ ਇਲਾਜ ਦੀ ਸਫ਼ਲਤਾ ਦਰ ਵਿੱਚ ਵਾਧਾ ਹੋਵੇਗਾ।

ਡਾ. ਮਿਸ਼ਰਾ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਭਾਰਤ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਨੇ ‘ਪੀਐਮ ਕੇਅਰਜ਼’ ਯੋਜਨਾ ਦੇ ਤਹਿਤ ਹਰਿਆਣਾ ਨੂੰ ਪੰਜ ਵਾਧੂ ਮੈਮੋਗ੍ਰਾਫੀ ਯੂਨਿਟ ਅਲਾਟ ਕਰਨ ਦੀ ਮਨਜ਼ੂਰੀ ਦਿੱਤੀ ਹੈ। ਰਾਜ ਸਰਕਾਰ ਨੇ ਰਾਸ਼ਟਰੀ ਸਿਹਤ ਪ੍ਰਣਾਲੀ ਸਰੋਤ ਕੇਂਦਰ ਰਾਹੀਂ ਨੌਂ ਮਸ਼ੀਨਾਂ ਦੀ ਮੰਗ ਭੇਜੀ ਸੀ, ਜਿਸ ਦੇ ਮੁਕਾਬਲੇ ਪੰਜ ਮਸ਼ੀਨਾਂ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਇਨ੍ਹਾਂ ਵਾਧੂ ਮਸ਼ੀਨਾਂ ਨੂੰ ਮਰੀਜ਼ਾਂ ਦੀ ਗਿਣਤੀ, ਸਥਾਨਕ ਲੋੜ ਅਤੇ ਸੇਵਾ ਦੀ ਮੰਗ ਦੇ ਅਧਾਰ ’ਤੇ ਹੋਰ ਜ਼ਿਲ੍ਹਿਆਂ ਵਿੱਚ ਸਥਾਪਤ ਕੀਤਾ ਜਾਵੇਗਾ, ਤਾਂ ਜੋ ਰਾਜ ਦੇ ਵੱਧ ਤੋਂ ਵੱਧ ਖੇਤਰਾਂ ਵਿੱਚ ਮਹਿਲਾਵਾਂ ਨੂੰ ਗੁਣਵੱਤਾਪੂਰਣ ਜਾਂਚ ਸਹੂਲਤਾਂ ਉਪਲਬਧ ਕਰਵਾਈਆਂ ਜਾ ਸਕਣ।

ਡਾ. ਸੁਮਿਤਾ ਮਿਸ਼ਰਾ ਨੇ ਕਿਹਾ ਕਿ ਬ੍ਰੈਸਟ ਕੈਂਸਰ ਵਿਰੁੱਧ ਲੜਾਈ ਵਿੱਚ ਸ਼ੁਰੂਆਤੀ ਪਛਾਣ ਸਭ ਤੋਂ ਪ੍ਰਭਾਵੀ ਉਪਾਵਾਂ ਵਿੱਚੋਂ ਇੱਕ ਹੈ। ਸਮੇਂ ਸਿਰ ਜਾਂਚ ਨਾਲ ਨਾ ਸਿਰਫ ਇਲਾਜ ਵਧੇਰੇ ਸਫ਼ਲ ਹੁੰਦਾ ਹੈ, ਸਗੋਂ ਬੀਮਾਰੀ ਕਾਰਨ ਹੋਣ ਵਾਲੀਆਂ ਪੇਚੀਦਗੀਆਂ ਅਤੇ ਮੌਤ ਦਰ ਵਿੱਚ ਵੀ ਕਮੀ ਲਿਆਂਦੀ ਜਾ ਸਕਦੀ ਹੈ।

ਉਨ੍ਹਾਂ ਕਿਹਾ ਕਿ ਮੈਮੋਗ੍ਰਾਫੀ ਸੇਵਾਵਾਂ ਦਾ ਵਿਸਤਾਰ ਮਹਿਲਾਵਾਂ ਦੀ ਸਿਹਤ ਨੂੰ ਤਰਜੀਹ ਦੇਣ ਅਤੇ ਰਾਜ ਵਿੱਚ ਸਿਹਤ ਸੇਵਾਵਾਂ ਨੂੰ ਮਜ਼ਬੂਤ ਬਣਾਉਣ ਦੀ ਦਿਸ਼ਾ ਵਿੱਚ ਹਰਿਆਣਾ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਇਸ ਪਹਿਲਕਦਮੀ ਨਾਲ ਮਹਿਲਾਵਾਂ ਨੂੰ ਸਮੇਂ ਸਿਰ ਜਾਂਚ ਅਤੇ ਇਲਾਜ ਦੀ ਸਹੂਲਤ ਮਿਲੇਗੀ ਅਤੇ ਰਾਜ ਵਿੱਚ ਮਹਿਲਾ ਸਿਹਤ ਸੂਚਕਾਂ ਵਿੱਚ ਹਾਂਪੱਖੀ ਸੁਧਾਰ ਦੇਖਣ ਨੂੰ ਮਿਲੇਗਾ।



ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਜ਼ਿਲ੍ਹਾ ਸਿਰਸਾ ਦੇ ਪਿੰਡ ਭੂਮਨਸ਼ਾਹ ਵਿੱਚ ਸਥਿਤ ਮੁੱਖ ਤੀਰਥ ਬਾਬਾ ਭੂਮਨਸ਼ਾਹ (ਸੰਗਰ ਸਰਿਸਟਾ) ਵਿਖੇ ਆਯੋਜਿਤ ਯੋਗ ਕੈਂਪ ਦੌਰਾਨ ਯੋਗ ਸੰਸਥਾਪਕ ਮਹਾਰਿਸ਼ੀ ਪਤੰਜਲੀ ਦੀ ਤਸਵੀਰ ’ਤੇ ਫੁੱਲ ਭੇਟ ਕਰਦੇ ਹੋਏ।

# ਆਰ ਟੀ ਏ ਸਕੱਤਰ ਨੇ ਲੋਕਾਂ ਦੀਆਂ ਸ਼ਿਕਾਇਤਾਂ ਸੁਣੀਆਂ



**ਰਤੀਆ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਸਥਾਨਕ ਮਿੰਨੀ ਸਕੱਤਰੇਤ ਦੇ ਆਡੀਟੋਰੀਅਮ ਵਿੱਚ ਵਿਸ਼ੇਸ਼ ‘ਸਮਾਧਾਨ ਕੈਂਪ’ ਲਾਇਆ ਗਿਆ। ਇਸ ਕੈਂਪ ਦੌਰਾਨ ਆਰ ਟੀ ਏ ਸਕੱਤਰ ਸੰਜੈ ਬਿਸ਼ਨੋਈ ਨੇ ਮੁੱਖ ਤੌਰ ’ਤੇ ਸ਼ਿਰਕਤ ਕੀਤੀ ਅਤੇ ਆਮ ਲੋਕਾਂ ਦੀਆਂ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਸਮੱਸਿਆਵਾਂ ਅਤੇ ਸ਼ਿਕਾਇਤਾਂ ਨੂੰ ਬਹੁਤ ਗੰਭੀਰਤਾ ਨਾਲ ਸੁਣਿਆ। ਉਨ੍ਹਾਂ ਮੌਕੇ ’ਤੇ ਹੀ ਮੌਜੂਦ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਇਨ੍ਹਾਂ ਸ਼ਿਕਾਇਤਾਂ ਦੇ ਫੌਰੀ ਅਤੇ ਸਥਾਈ ਹੱਲ ਨੂੰ ਯਕੀਨੀ ਬਣਾਉਣ ਲਈ ਸਖ਼ਤ ਹਦਾਇਤਾਂ ਜਾਰੀ ਕੀਤੀਆਂ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਆਰ ਟੀ ਏ ਸਕੱਤਰ ਨੇ ਕਿਹਾ ਕਿ ਸਰਕਾਰ ਵੱਲੋਂ ਇਨ੍ਹਾਂ ਸਮਾਧਾਨ ਕੈਂਪਾਂ ਨੂੰ ਸ਼ੁਰੂ ਕਰਨ ਦਾ ਮੁੱਖ ਉਦੇਸ਼ ਨਾਗਰਿਕਾਂ ਦੀਆਂ ਪ੍ਰਸ਼ਾਸਨਿਕ ਅਤੇ ਸਥਾਨਕ ਸਮੱਸਿਆਵਾਂ ਨੂੰ ਇੱਕ ਹੀ ਛੱਤ ਹੇਠ ਸੁਣਨਾ ਅਤੇ ਉਨ੍ਹਾਂ ਦਾ ਜਲਦ ਨਿਬੇੜਾ ਕਰਨਾ ਹੈ।

ਸੰਜੈ ਬਿਸ਼ਨੋਈ ਨੇ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਹੇਠ ਸੂਬਾ ਸਰਕਾਰ ਦਾ ਇਹ ਪੱਕਾ ਇਰਾਦਾ ਹੈ ਕਿ ਕਿਸੇ ਵੀ ਨਾਗਰਿਕ ਨੂੰ ਆਪਣੀਆਂ ਜਾਇਜ਼ ਸਮੱਸਿਆਵਾਂ ਦੇ ਹੱਲ ਲਈ ਸਰਕਾਰੀ ਦਫ਼ਤਰਾਂ ਦੇ ਵਾਰ-ਵਾਰ ਚੱਕਰ ਨਾ ਕੱਟਣੇ ਪੈਣ।

ਉਨ੍ਹਾਂ ਅਧਿਕਾਰੀਆਂ ਨੂੰ ਪ੍ਰਸ਼ਾਸਨਿਕ ਕੰਮਾਂ ਵਿੱਚ ਪਾਰਦਰਸ਼ਤਾ, ਜਵਾਬਦੇਹੀ ਅਤੇ ਲੋਕ-ਹਿਤੈਸ਼ੀ ਪਹੁੰਚ ਅਪਣਾਉਣ ਲਈ ਕਿਹਾ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜਿਨ੍ਹਾਂ ਮਾਮਲਿਆਂ ਦਾ ਮੌਕੇ ’ਤੇ ਹੀ ਹੱਲ ਸੰਭਵ ਹੈ, ਉਨ੍ਹਾਂ ਨੂੰ ਪਹਿਲ ਦੇ ਆਧਾਰ ’ਤੇ ਨਿਪਟਾਇਆ ਜਾਵੇ ਤਾਂ ਜੋ ਲੋਕਾਂ ਦਾ ਪ੍ਰਸ਼ਾਸਨ ’ਤੇ ਭਰੋਸਾ ਹੋਰ ਮਜ਼ਬੂਤ ਹੋ ਸਕੇ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਉੱਚ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਸ਼ਿਕਾਇਤਕਰਤਾ ਮੌਜੂਦ ਸਨ।

# 80 ਫੁੱਟ ਹਾਈਡਰੌਲਿਕ ਨਿਸ਼ਾਨ ਸਾਹਿਬ ਸਥਾਪਤ



**ਯਮੁਨਾਨਗਰ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਯਮੁਨਾਨਗਰ ਦੇ ਪ੍ਰਸਿੱਧ ਧਾਰਮਿਕ ਅਸਥਾਨ ਡੇਰਾ ਸੰਤਪੁਰਾ ਵਿੱਚ ਅੱਜ ਭਾਰੀ ਧਾਰਮਿਕ ਉਤਸ਼ਾਹ ਅਤੇ ਸ਼ਰਧਾ ਭਾਵਨਾ ਨਾਲ ਦੋ ਵੱਡੇ ਸਮਾਗਮ ਕਰਵਾਏ ਗਏ। ਇਸ ਦੌਰਾਨ ਜਿੱਥੇ ਖਾਲਸਾ ਪੰਥ ਦੀ ਚੜ੍ਹਦੀ ਕਲਾ ਦੇ ਪ੍ਰਤੀਕ 80 ਫੁੱਟ ਉੱਚੇ ਆਧੁਨਿਕ ‘ਹਾਈਡਰੌਲਿਕ ਨਿਸ਼ਾਨ ਸਾਹਿਬ’ ਦੀ ਸਥਾਪਨਾ ਕੀਤੀ ਗਈ, ਉੱਥੇ ਹੀ ਮਾਨਵਤਾ ਦੀ ਸੇਵਾ ਨੂੰ ਸਮਰਪਿਤ ਸੰਤ ਤ੍ਰਿਲੋਚਨ ਸਿੰਘ ਟੈਸਟਿੰਗ ਸੈਂਟਰ ਦਾ ਉਦਘਾਟਨ ਵੀ ਕੀਤਾ ਗਿਆ। ਇਹ ਸੈਂਟਰ ਇੱਕ ਚੈਰੀਟੇਬਲ ਡਾਇਗਨੋਸਟਿਕ ਲੈਬਾਰਟਰੀ ਵਜੋਂ ਕੰਮ ਕਰੇਗਾ, ਜਿਸ ਦਾ ਲਾਭ ਸਮਾਜ ਦੇ ਹਰ ਵਰਗ ਅਤੇ ਭਾਈਚਾਰੇ ਦੇ ਲੋਕਾਂ ਨੂੰ ਮਿਲੇਗਾ।

ਇਸ ਮੌਕੇ ਡੇਰੇ ਦੇ ਮੁਖੀ ਮਹੰਤ ਕਰਮਜੀਤ ਸਿੰਘ ਨੇ ਅਰਦਾਸ ਕੀਤੀ ਅਤੇ ਚੜ੍ਹਦੀ ਕਲਾ ਲਈ ਆਸ਼ੀਰਵਾਦ ਲਿਆ। ਉਨ੍ਹਾਂ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਿੱਥੇ ਨਿਸ਼ਾਨ ਸਾਹਿਬ ਖਾਲਸਾ ਪੰਥ ਦੀ ਆਨ, ਬਾਨ ਅਤੇ ਸ਼ਾਨ ਦਾ ਪ੍ਰਤੀਕ ਹੈ, ਉੱਥੇ ਹੀ ਡੇਰੇ ਵੱਲੋਂ ਵਿਦਿਆ ਦੇ ਪ੍ਰਸਾਰ ਦੇ ਨਾਲ-ਨਾਲ ਸਿਹਤ ਸੰਭਾਲ ਦੇ ਖੇਤਰ ਵਿੱਚ ਇਹ ਨਵੀਂ ਚੈਰੀਟੇਬਲ ਲੈਬਾਰਟਰੀ ਇਲਾਕੇ ਦੇ ਲੋਕਾਂ ਲਈ ਬੇਹੱਦ ਸਹਾਈ ਸਿੱਧ ਹੋਵੇਗੀ। ਇਸ ਸੈਂਟਰ ਵਿੱਚ ਵੱਖ-ਵੱਖ ਤਰ੍ਹਾਂ ਦੇ ਖ਼ੂਨ ਦੇ ਟੈਸਟ ਅਤੇ ਹੋਰ ਮੈਡੀਕਲ ਜਾਂਚਾਂ ਬਹੁਤ ਹੀ ਰਿਆਇਤੀ ਦਰਾਂ ’ਤੇ ਕੀਤੀਆਂ ਜਾਣਗੀਆਂ। ਸਮਾਗਮ ਦੌਰਾਨ ਗੁਰੂ ਨਾਨਕ ਗਰਲਜ਼ ਕਾਲਜ ਦੇ ਡਾਇਰੈਕਟਰ ਡਾ. ਵਰਿੰਦਰ ਗਾਂਧੀ, ਪ੍ਰਿੰਸੀਪਲ ਡਾ. ਸੁਖਵਿੰਦਰ ਕੌਰ ਅਤੇ ਸ੍ਰੀ ਗੁਰੂ ਐੱਨ ਜੀ ਸੀਨੀਅਰ ਸੈਕੰਡਰੀ ਸਕੂਲ ਦੀ ਪ੍ਰਿੰਸੀਪਲ ਪਰਮਦੀਪਿਕਾ ਸੇਠੀ ਸਮੇਤ ਵੱਖ-ਵੱਖ ਵਿਦਿਅਕ ਸੰਸਥਾਵਾਂ ਦੇ ਸਟਾਫ਼ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਮੌਜੂਦ ਸਨ।

# ਸੀਬੀਆਈ ਵੱਲੋਂ ਹਰਿਆਣਾ ਦੇ ਆਈਏਐਸ ਅਧਿਕਾਰੀ ਆਰ.ਕੇ. ਸਿੰਘ ਗ੍ਰਿਫ਼ਤਾਰ

**ਚੰਡੀਗੜ੍ਹ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**




ਕੇਂਦਰੀ ਜਾਂਚ ਬਿਊਰੋ ਨੇ ਹਰਿਆਣਾ ਕੇਡਰ ਦੇ ਅਧਿਕਾਰੀ ਰਾਮ ਕੁਮਾਰ ਸਿੰਘ ਨੂੰ ਪੰਚਕੂਲਾ ਨਗਰ ਨਿਗਮ ਦੇ ਖਾਤੇ ਵਿੱਚੋਂ ਸਰਕਾਰੀ ਫੰਡਾਂ ਦੀ ਕਥਿਤ ਹੇਰਾਫੇਰੀ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਹੈ। ਇਹ ਕਾਰਵਾਈ ਉਸ ਦੌਰ ਦੀ ਕੀਤੀ ਗਈ ਹੈ ਜਦੋਂ ਰਾਮ ਕੁਮਾਰ ਸਿੰਘ ਨਗਰ ਨਿਗਮ ਪੰਚਕੂਲਾ ਦੇ ਕਮਿਸ਼ਨਰ ਸਨ।

CBI ਦੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਨਗਰ ਨਿਗਮ ਦਾ ਖਾਤਾ ਚੰਡੀਗੜ੍ਹ ਦੇ ਸੈਕਟਰ-32 ਸਥਿਤ 9463 ਸ਼ਾਖਾ ਵਿੱਚ ਹਰਿਆਣਾ ਸਰਕਾਰ ਦੇ ਵਿੱਤ ਵਿਭਾਗ ਦੀਆਂ ਮੌਜੂਦਾ ਹਦਾਇਤਾਂ ਦੀ ਉਲੰਘਣਾ ਕਰਕੇ ਖੋਲ੍ਹਿਆ ਗਿਆ ਸੀ। ਜਾਂਚ ਏਜੰਸੀ ਮੁਤਾਬਕ ਖਾਤਾ ਖੋਲ੍ਹਣ ਵਾਲੇ ਫਾਰਮ ਵਿੱਚ ਜਾਣਕਾਰੀ ਇਸ ਤਰੀਕੇ ਨਾਲ ਭਰੀ ਗਈ ਸੀ ਕਿ ਬਾਅਦ ਵਿੱਚ ਕੀਤੀਆਂ ਜਾਣ ਵਾਲੀਆਂ ਕਥਿਤ ਧੋਖਾਧੜੀ ਵਾਲੀਆਂ ਲੈਣ-ਦੇਣਾਂ ਨੂੰ ਲੁਕਾਇਆ ਜਾ ਸਕੇ।

CBI ਅਨੁਸਾਰ ਆਰ.ਕੇ. ਸਿੰਘ ਨੇ ਬੈਂਕ ਦੇ ਕੁਝ ਅਧਿਕਾਰੀਆਂ ਨਾਲ ਮਿਲੀਭੁਗਤ ਕਰਕੇ ਵਿਚੋਲਿਆਂ ਰਾਹੀਂ ਕਈ ਦਸਤਖ਼ਤਸ਼ੁਦਾ ਚੈੱਕ ਉਨ੍ਹਾਂ ਨੂੰ ਸੌਂਪੇ। ਇਹ ਚੈੱਕ ਫਿਕਸਡ ਡਿਪਾਜ਼ਿਟ (FD) ਬਣਾਉਣ ਦੇ ਬਹਾਨੇ ਦਿੱਤੇ ਗਏ ਸਨ। ਹਾਲਾਂਕਿ ਇਨ੍ਹਾਂ ਚੈੱਕਾਂ ਰਾਹੀਂ ਖਾਤੇ ਵਿੱਚੋਂ ਪੈਸਾ ਕੱਢ ਲਿਆ ਗਿਆ ਪਰ ਕੋਈ ਵੀ ਫਿਕਸਡ ਡਿਪਾਜ਼ਿਟ ਨਹੀਂ ਬਣਾਈ ਗਈ।

ਜਾਂਚ ਵਿੱਚ ਇਹ ਵੀ ਸਾਹਮਣੇ ਆਇਆ ਹੈ ਕਿ ਖਾਤੇ ਵਿੱਚੋਂ ਕੱਢੀ ਗਈ ਰਕਮ ਨੂੰ ਕਥਿਤ ਤੌਰ ’ਤੇ ਬੈਂਕ ਅਧਿਕਾਰੀਆਂ ਵੱਲੋਂ ਚਲਾਈਆਂ ਜਾ ਰਹੀਆਂ ਸ਼ੈੱਲ ਕੰਪਨੀਆਂ ਵਿੱਚ ਭੇਜਿਆ ਗਿਆ।

CBI ਦਾ ਦਾਅਵਾ ਹੈ ਕਿ ਇਹ ਹੇਰਾਫੇਰੀ ਉਸ ਸਮੇਂ ਦੇ ਕਮਿਸ਼ਨਰ ਅਤੇ ਨਗਰ ਨਿਗਮ ਦੇ ਸੀਨੀਅਰ ਅਕਾਊਂਟੈਂਟ ਦੀ ਜਾਣਕਾਰੀ ਅਤੇ ਸਰਗਰਮ ਭੂਮਿਕਾ ਨਾਲ ਕੀਤੀ ਗਈ। ਇਸ ਮਾਮਲੇ ਵਿੱਚ ਇੱਕ ਸੀਨੀਅਰ ਅਕਾਊਂਟੈਂਟ ਨੂੰ ਪਹਿਲਾਂ ਹੀ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ।

CBI ਨੇ ਆਰ.ਕੇ. ਸਿੰਘ ਦੇ ਚੰਡੀਗੜ੍ਹ ਅਤੇ ਕਰਨਾਲ ਸਥਿਤ ਘਰਾਂ ਦੀ ਤਲਾਸ਼ੀ ਵੀ ਲਈ, ਜਿੱਥੋਂ ਕਈ ਅਹਿਮ ਅਤੇ ਇਤਰਾਜ਼ਯੋਗ ਦਸਤਾਵੇਜ਼ ਬਰਾਮਦ ਹੋਣ ਦਾ ਦਾਅਵਾ ਕੀਤਾ ਗਿਆ ਹੈ।

ਜ਼ਿਕਰਯੋਗ ਹੈ ਕਿ ਹਰਿਆਣਾ ਸਰਕਾਰ ਦੀ ਸਿਫ਼ਾਰਸ਼ ’ਤੇ ਇਹ ਜਾਂਚ ਰਾਜ ਚੌਕਸੀ ਅਤੇ ਭ੍ਰਿਸ਼ਟਾਚਾਰ ਰੋਕੂ ਬਿਊਰੋ ਤੋਂ CBI ਨੂੰ ਸੌਂਪੀ ਗਈ ਸੀ। ਪੰਚਕੂਲਾ ਨਗਰ ਨਿਗਮ ਵਿੱਚ ਲਗਪਗ 79.46 ਕਰੋੜ ਰੁਪਏ ਦੀ ਹੇਰਾਫੇਰੀ ਦਾ ਦੋਸ਼ ਹੈ। ਇਹ ਮਾਮਲਾ ਇੱਕ ਹੋਰ ਵੱਡੇ ਘਪਲੇ ਦਾ ਹਿੱਸਾ ਦੱਸਿਆ ਜਾ ਰਿਹਾ ਹੈ, ਜਿਸ ਵਿੱਚ ਸੈਕਟਰ-32 ਸਥਿਤ 9463 ਫਰਸਟ ਬੈਂਕ ਸ਼ਾਖਾ ਰਾਹੀਂ ਹਰਿਆਣਾ ਸਰਕਾਰ ਦੇ ਅੱਠ ਵਿਭਾਗਾਂ ਦੇ ਕਰੀਬ 504 ਕਰੋੜ ਰੁਪਏ ਕਥਿਤ ਤੌਰ ’ਤੇ ਜਾਅਲੀ ਜਾਂ ਗੈਰ-ਮੌਜੂਦ ਫਿਕਸਡ ਡਿਪਾਜ਼ਿਟਾਂ ਅਤੇ ਡੈਬਿਟ ਨੋਟਾਂ ਦੇ ਜ਼ਰੀਏ ਸ਼ੈੱਲ ਕੰਪਨੀਆਂ ਤੱਕ ਪਹੁੰਚਾਏ ਗਏ।

CBI ਇਸ ਮਾਮਲੇ ਵਿੱਚ ਹੁਣ ਤੱਕ 17 ਮੁਲਜ਼ਮਾਂ ਖ਼ਿਲਾਫ਼ ਚਾਰਜਸ਼ੀਟ ਦਾਖ਼ਲ ਕਰ ਚੁੱਕੀ ਹੈ। ਇਨ੍ਹਾਂ ਵਿੱਚ 9463 ਦੇ ਛੇ ਬੈਂਕ ਅਧਿਕਾਰੀ, ਹਰਿਆਣਾ ਸਰਕਾਰ ਦੇ ਤਿੰਨ ਸਰਕਾਰੀ ਅਧਿਕਾਰੀ, ਦੋ ਕੰਪਨੀਆਂ ਅਤੇ ਛੇ ਨਿੱਜੀ ਵਿਅਕਤੀ ਸ਼ਾਮਲ ਹਨ।

CBI ਇਸ ਨਾਲ ਜੁੜੇ ਚੰਡੀਗੜ੍ਹ ਦੇ ਦੋ ਹੋਰ ਮਾਮਲਿਆਂ ਦੀ ਵੀ ਜਾਂਚ ਕਰ ਰਹੀ ਹੈ। ਇਨ੍ਹਾਂ ਵਿੱਚ ਇੱਕ ਮਾਮਲਾ ਅਤੇ ਚੰਡੀਗੜ੍ਹ ਨਗਰ ਨਿਗਮ ਨਾਲ ਸਬੰਧਿਤ ਹੈ, ਜਦਕਿ ਦੂਜਾ ਮਾਮਲਾ ਨਾਲ ਜੁੜਿਆ ਹੋਇਆ ਹੈ। ਦੋਵਾਂ ਮਾਮਲਿਆਂ ਵਿੱਚ 329 ਪਹਿਲਾਂ ਹੀ ਚਾਰਜਸ਼ੀਟਾਂ ਦਾਖ਼ਲ ਕਰ ਚੁੱਕੀ ਹੈ ਅਤੇ ਮਾਮਲੇ ਵਿੱਚ ਇੱਕ ਸੀਨੀਅਰ ਅਧਿਕਾਰੀ ਨੂੰ ਵੀ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ।

ਫਿਲਹਾਲ CBI ਵੱਲੋਂ ਮਾਮਲੇ ਦੀ ਜਾਂਚ ਜਾਰੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਜਾਂ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਰਾਮਾਇਣ ਪਾਠ ਕੈਂਪ ਦੌਰਾਨ ਗੂੰਜਿਆ ਮੰਗਲਾਚਾਰ, ਬਾਲਕ ਧੈਰਿਆ ਦੇ ਜਨਮਦਿਨ ’ਤੇ ਸਾਂਝੀਆਂ ਕੀਤੀਆਂ ਖ਼ੁਸ਼ੀਆਂ

**ਮਲੇਰਕੋਟਲਾ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਗਿਆਨਮ ਸੰਸਕ੍ਰਿਤੀ ਮਲੇਰਕੋਟਲਾ ਦੁਆਰਾ ਚਲਾਏ ਜਾ ਰਹੇ ਸ਼੍ਰੀ ਬਾਲਮੀਕੀ ਰਾਮਾਇਣ ਪਾਠ ਕੈਂਪ ਦੌਰਾਨ ਅੱਜ ਸ਼੍ਰੀ ਹਨੂੰਮਾਨ ਮੰਦਿਰ ਪਰਿਸਰ ਵਿਖੇ ਸ਼ਹਿਰ ਦੇ ਸਿਰਮੌਰ ਉਦਯੋਗਪਤੀ ਅਜੇ ਤਾਇਲ ਤੇ ਉਨ੍ਹਾਂ ਦੀ ਧਰਮ ਪਤਨੀ ਸੀਮਾ ਤਾਇਲ ਨੇ ਆਪਣੇ ਪੋਤੇ ‘ਧੈਰਿਆ’ ਦਾ ਪਾਵਨ ਵਰਸ਼ਵਰਧਨ ਸੰਸਕਾਰ (ਜਨਮਦਿਨ) ਰਾਮਾਇਣ ਪਾਠ ਕਲਾਸ ਦੇ ਨੰਨ੍ਹੇ ਵਿਦਿਆਰਥੀਆਂ ਨਾਲ ਅਤਿਅੰਤ ਹਰਸ਼ੋ ਉੱਲਾਸ ਨਾਲ ਮਨਾਇਆ।

?ਇਸ ਮਾਂਗਲਿਕ ਅਵਸਰ ’ਤੇ ਦਾਦਾ-ਦਾਦੀ ਅਜੇ ਤਾਇਲ ਤੇ ਸੀਮਾ ਤਾਇਲ ਨੇ ਪੂਰਨ ਵਿਧੀ-ਵਿਧਾਨ ਅਤੇ ਵੈਦਿਕ ਗੀਤੀ ਅਨੁਸਾਰ ਪੂਜਾ-ਅਰਚਨਾ ਸੰਪੰਨ ਕਰਵਾਈ।

ਇਸ ਤੋਂ ਬਾਅਦ ਕਲਾਸ ਦੇ ਸਮੂਹ ਬੱਚਿਆਂ ਨੇ ਦੇਵਬਾਣੀ ਸੰਸਕ੍ਰਿਤ ਵਿੱਚ ਮੰਗਲ ਸ਼ਲੋਕਾਂ ਦਾ ਗਾਇਨ ਕਰਦੇ ਹੋਏ ਬਾਲਕ ‘ਧੈਰਿਆ’ ਨੂੰ ਦੀਰਘਾਯੂ ਅਤੇ ਯਸ਼ਸਵੀ ਹੋਣ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।

ਉੱਥੇ ਹੀ ਬਾਲਕ ਦੇ ਮਾਤਾ-ਪਿਤਾ ਮੋਹਿਤ ਤਾਇਲ ਤੇ ਪਲਕ ਤਾਇਲ ਨੇ ਬੱਚਿਆਂ ਨੂੰ ਢੇਰ ਸਾਰੀਆਂ ਖਾਣ-ਪੀਣ ਵਾਲੀਆਂ ਵਸਤਾਂ/ਮਿਸ਼ਠਾਨ ਅਤੇ ਗਿਫਟ ਵੰਡ ਕੇ ਆਪਣੇ ਪਿਆਰ ਦਾ ਪ੍ਰਗਟਾਵਾ ਕੀਤਾ। ਸਪਤ ਸਿੰਧੂ ਡਾਕਟਰ ਭੀਮ ਰਾਓ ਅੰਬੇਦਕਰ ਸਟੱਡੀ ਸਰਕਲ ਚੰਡੀਗੜ੍ਹ ਦੇ ਸਹਿਯੋਗ ਨਾਲ ਅਤੇ ਸ਼੍ਰੀ ਸਨਾਤਨ ਧਰਮ ਸਭਾ (ਰਜਿ) ਮਲੇਰਕੋਟਲਾ ਦੀ ਸਰਪ੍ਰਸਤੀ ਹੇਠ ਪੰਡਿਤ ਵਰਿੰਦਰ ਜੀ ਦੇ ਦਿਵਿਆ ਆਸ਼ੀਰਵਾਦ ਨਾਲ ਚਲਾਏ ਜਾ ਰਹੇ।

# ਭਾਰਤੀ ਸੰਗੀਤ ’ਚ ਤਬਲੇ ਦਾ ਵਿਲੱਖਣ ਸਥਾਨ: ਮਮਤਾ

**ਸ਼ਾਹਬਾਦ ਮਾਰਕੰਡਾ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**




ਕੁਰੂਕਸ਼ੇਤਰ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਸੋਮਨਾਥ ਸਚਦੇਵਾ ਦੀ ਪਤਨੀ ਡਾ. ਮਮਤਾ ਸਚਦੇਵਾ ਨੇ ਸੰਗੀਤ ਅਤੇ ਨ੍ਰਿਤ ਵਿਭਾਗ ਦੇ ਸੀਨੀਅਰ ਤਬਲਾ ਇੰਸਟ੍ਰਕਟਰ ਅਤੇ ਆਲ ਇੰਡੀਆ ਰੇਡੀਓ ਦੇ ਬੀ ਹਾਈ ਗ੍ਰੇਡ ਕਲਾਕਾਰ ਡਾ. ਨਿਤਿਨ ਸ਼ਰਮਾ ਦੀ ਲਿਖੀ ਗਈ ਪੁਸਤਕ ‘ਤਬਲਾ ਸ਼ਾਸਤਰ ਏਵਮ ਅਭਿਵਿਅਕਤੀ’ ਰਿਲੀਜ਼ ਕੀਤੀ। ਪੁਸਤਕ ਰਿਲੀਜ਼ ਕਰਨ ਮੌਕੇ ਉਨ੍ਹਾਂ ਕਿਹਾ ਕਿ ਭਾਰਤੀ ਸੰਗੀਤ ਵਿੱਚ ਤਬਲੇ ਦਾ ਵਿਲੱਖਣ ਅਤੇ ਬਹੁਤ ਹੀ ਅਹਿਮ ਸਥਾਨ ਹੈ। ਇਸ ਸਾਜ਼ ਦੇ ਵਾਦਨ ਵਿੱਚ ਤਾਲ, ਗਣਨਾ, ਸੁੰਦਰਤਾ ਦਾ ਪ੍ਰਗਟਾਵਾ ਅਤੇ ਰਚਨਾਤਮਕਤਾ ਦਾ ਬਹੁਤ ਹੀ ਖ਼ੂਬਸੂਰਤ ਸੁਮੇਲ ਦੇਖਣ ਨੂੰ ਮਿਲਦਾ ਹੈ, ਜੋ ਸਰੋਤਿਆਂ ਨੂੰ ਮੰਤਰ-ਮੁਗਧ ਕਰ ਦਿੰਦਾ ਹੈ।

ਉਨ੍ਹਾਂ ਭਾਰਤੀ ਸੰਗੀਤ ਦੇ ਇਤਿਹਾਸ ਬਾਰੇ ਚਰਚਾ ਕਰਦਿਆਂ ਕਿਹਾ ਕਿ ਸਦੀਆਂ ਦੇ ਸੰਗੀਤਕ ਵਿਕਾਸ, ਵੱਖ-ਵੱਖ ਘਰਾਣਿਆਂ ਦੀਆਂ ਅਮੀਰ ਪਰੰਪਰਾਵਾਂ, ਗੁਰੂ-ਚੇਲੇ ਦੇ ਪਵਿੱਤਰ ਰਿਸ਼ਤੇ ਅਤੇ ਮਹਾਨ ਕਲਾਕਾਰਾਂ ਦੇ ਅਥਾਹ ਸਮਰਪਣ ਨੇ ਤਬਲੇ ਨੂੰ ਵਿਸ਼ਵ ਪੱਧਰ ’ਤੇ ਮਾਨਤਾ ਦਿਵਾਈ ਹੈ। ਰਾਜ ਦਰਬਾਰਾਂ, ਮੰਦਰਾਂ, ਸੰਗੀਤ ਸਭਾਵਾਂ ਤੋਂ ਸ਼ੁਰੂ ਹੋ ਕੇ ਆਧੁਨਿਕ ਸਮੇਂ ਦੇ ਅੰਤਰਰਾਸ਼ਟਰੀ ਮੰਚਾਂ ਤੱਕ ਤਬਲੇ ਦੀ ਗੂੰਜਦੀ ਆਵਾਜ਼ ਭਾਰਤੀ ਸਭਿਆਚਾਰਕ ਵਿਰਾਸਤ ਦੇ ਨਿਰੰਤਰ ਪ੍ਰਵਾਹ ਦਾ ਇੱਕ ਜਿਉਂਦਾ-ਜਾਗਦਾ ਪ੍ਰਮਾਣ ਹੈ। ਇਹ ਸਾਜ਼ ਸਾਡੀ ਕਲਾਤਮਕ ਅਮੀਰੀ ਨੂੰ ਦਰਸਾਉਂਦਾ ਹੈ।

ਲੇਖਕ ਨੂੰ ਵਧਾਈ ਦਿੰਦਿਆਂ ਡਾ. ਮਮਤਾ ਸਚਦੇਵਾ ਨੇ ਕਿਹਾ ਕਿ ਇਹ ਪੁਸਤਕ ਬਿਨਾਂ ਕਿਸੇ ਸ਼ੱਕ ਭਾਰਤੀ ਸੰਗੀਤ ਦੀ ਅਮੀਰ ਪਰੰਪਰਾ ਨੂੰ ਸੰਭਾਲਣ ਅਤੇ ਇਸ ਨੂੰ ਅੱਗੇ ਉਤਸ਼ਾਹਿਤ ਕਰਨ ਵਿੱਚ ਇੱਕ ਅਹਿਮ ਭੂਮਿਕਾ ਨਿਭਾਏਗੀ। ਉਨ੍ਹਾਂ ਨੇ ਇਸ ਕਿਤਾਬ ਵਿੱਚ ਤਬਲਾ ਵਜਾਉਣ ਦੀਆਂ ਸਿਧਾਂਤਕ ਅਤੇ ਵਿਹਾਰਕ ਪਰੰਪਰਾਵਾਂ, ਇਸ ਦੇ ਪ੍ਰਗਟਾਵੇ ਦੇ ਵੱਖ-ਵੱਖ ਪਹਿਲੂਆਂ ਅਤੇ ਇਸ ਦੇ ਵਿਦਿਅਕ ਮਹੱਤਵ ਨੂੰ ਸਮਰਪਿਤ ਇੱਕ ਮਹਾਨ ਕਾਰਜ ਦੱਸਿਆ। ਉਨ੍ਹਾਂ ਉਮੀਦ ਪ੍ਰਗਟਾਈ ਕਿ ਇਹ ਕਿਤਾਬ ਸੰਗੀਤ ਦੇ ਵਿਦਿਆਰਥੀਆਂ, ਖੋਜਕਰਤਾਵਾਂ ਅਤੇ ਸੰਗੀਤ ਪ੍ਰੇਮੀਆਂ ਲਈ ਬਹੁਤ ਉਪਯੋਗੀ ਅਤੇ ਮਾਰਗਦਰਸ਼ਕ ਸਾਬਤ ਹੋਵੇਗੀ।ਸਮਾਗਮ ਦੌਰਾਨ ਸੰਗੀਤ ਤੇ ਨ੍ਰਿਤ ਵਿਭਾਗ ਦੇ ਮੁਖੀ ਡਾ. ਅਸ਼ੋਕ ਸ਼ਰਮਾ, ਸੀਨੀਅਰ ਪ੍ਰੋਫੈਸਰ ਡਾ. ਸ਼ੁਚਿਸਮਿਤਾ ਸ਼ਰਮਾ ਅਤੇ ਡੀਨ ਪ੍ਰੋ. ਕ੍ਰਿਸ਼ਨਾ ਦੇਵੀ ਨੇ ਪੁਸਤਕ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ‘ਤਬਲਾ ਸ਼ਾਸਤਰ ਏਵਮ ਅਭਿਵਿਅਕਤੀ’ ਤਬਲੇ ਦੇ ਅਧਿਐਨ, ਅਧਿਆਪਨ ਅਤੇ ਖੋਜ ਦੇ ਖੇਤਰ ਵਿੱਚ ਇੱਕ ਮਹੱਤਵਪੂਰਨ ਸੰਦਰਭ ਪਾਠ ਵਜੋਂ ਆਪਣੇ ਆਪ ਨੂੰ ਸਥਾਪਿਤ ਕਰੇਗੀ। ਪੁਸਤਕ ਦੇ ਲੇਖਕ ਡਾ ਨਿਤਿਨ ਸ਼ਰਮਾ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਇਸ ਕਿਤਾਬ ਨੂੰ ਲਿਖਣ ਦਾ ਮੁੱਖ ਉਦੇਸ਼ ਤਬਲਾ ਕਲਾ ਦੇ ਸ਼ਾਸਤਰੀ, ਤਕਨੀਕੀ ਅਤੇ ਭਾਵਪੂਰਨ ਪਹਿਲੂਆਂ ਨੂੰ ਇੱਕ ਸਾਂਝੇ ਮੰਚ ’ਤੇ ਲਿਆਉਣਾ ਹੈ।

# ਹਰਿਆਣਾ ਵਿੱਚ ਗ੍ਰਹਿ ਵਿਭਾਗ ਦੀਆਂ 33 ਸੇਵਾਵਾਂ ਰਾਈਟ ਟੂ ਸਰਵਿਸ ਦੇ ਦਾਇਰੇ ਵਿੱਚ

**ਚੰਡੀਗੜ੍ਹ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਸਰਕਾਰ ਨੇ ਨਾਗਰਿਕਾਂ ਨੂੰ ਵੱਧ ਪਾਰਦਰਸ਼ੀ, ਜਵਾਬਦੇਹ ਅਤੇ ਸਮਾਂਬੱਧ ਸੇਵਾਵਾਂ ਉਪਲਬਧ ਕਰਵਾਉਣ ਦੀ ਦਿਸ਼ਾ ਵਿੱਚ ਮਹੱਤਵਪੂਰਨ ਕਦਮ ਚੁੱਕਦਿਆਂ ਗ੍ਰਹਿ ਵਿਭਾਗ ਦੀਆਂ 33 ਸੇਵਾਵਾਂ ਨੂੰ ਹਰਿਆਣਾ ਸੇਵਾ ਦਾ ਅਧਿਕਾਰ ਐਕਟ, 2014 ਦੇ ਤਹਿਤ ਨੋਟੀਫਾਈ ਕੀਤਾ ਹੈ।

ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਵੱਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ ਇਨ੍ਹਾਂ ਸੇਵਾਵਾਂ ਲਈ ਸਮਾਂ-ਸੀਮਾ ਨਿਰਧਾਰਤ ਕੀਤੀ ਗਈ ਹੈ। ਇਸ ਨਾਲ ਨਾਗਰਿਕਾਂ ਨੂੰ ਵੱਖ-ਵੱਖ ਪ੍ਰਵਾਨਗੀਆਂ, ਵੈਰੀਫਿਕੇਸ਼ਨ ਅਤੇ ਲਾਇਸੰਸ ਨਾਲ ਸਬੰਧਤ ਸੇਵਾਵਾਂ ਨਿਰਧਾਰਤ ਸਮੇਂ ’ਤੇ ਮਿਲ ਸਕਣਗੀਆਂ।

ਨੋਟੀਫਿਕੇਸ਼ਨ ਅਨੁਸਾਰ, ਜੇਕਰ ਹਥਿਆਰ ਲਾਇਸੰਸ ਉਸੇ ਜ਼ਿਲ੍ਹੇ ਵਿੱਚ ਨਵੀਨੀਕਰਣ ਲਈ ਪੇਸ਼ ਕੀਤਾ ਜਾਂਦਾ ਹੈ ਅਤੇ ਲਾਇਸੰਸ ਦੀ ਮਿਆਦ ਖ਼ਤਮ ਨਹੀਂ ਹੋਈ ਹੈ, ਤਾਂ ਉਸ ਦਾ ਨਵੀਨੀਕਰਨ 15 ਦਿਨਾਂ ਦੇ ਅੰਦਰ ਕੀਤਾ ਜਾਵੇਗਾ। ਉੱਥੇ ਹੀ ਛੇ ਸਾਲਾਂ ਦੇ ਚੱਕਰ ਤੋਂ ਬਾਅਦ, ਜਿੱਥੇ ਪੁਲਿਸ ਵੈਰੀਫਿਕੇਸ਼ਨ ਦੀ ਲੋੜ ਹੋਵੇਗੀ, ਹਥਿਆਰ ਲਾਇਸੰਸ ਦੇ ਨਵੀਨੀਕਰਨ ਲਈ ਪੁਲਿਸ ਵੈਰੀਫਿਕੇਸ਼ਨ ਦੀ ਪ੍ਰਕਿਰਿਆ 22 ਦਿਨਾਂ ਵਿੱਚ ਪੂਰੀ ਕੀਤੀ ਜਾਵੇਗੀ।

ਹਥਿਆਰ ਲਾਇਸੰਸ ਵਿੱਚ ਹਥਿਆਰ ਜੋੜਨ ਜਾਂ ਹਟਾਉਣ, ਹਥਿਆਰ ਖਰੀਦਣ ਦੀ ਮਿਆਦ ਵਧਾਉਣ ਅਤੇ ਵਿਰੋਧ ਪ੍ਰਦਰਸ਼ਨ/ਹੜਤਾਲ, ਜਲੂਸ ਅਤੇ ਪ੍ਰੋਗਰਾਮ/ਸੱਭਿਆਚਾਰਕ ਪੇਸ਼ਕਾਰੀ ਦੇ ਆਯੋਜਨ ਦੀ ਪ੍ਰਵਾਨਗੀ ਨਾਲ ਸਬੰਧਤ ਸੇਵਾਵਾਂ 7 ਦਿਨਾਂ ਦੇ ਅੰਦਰ ਪ੍ਰਦਾਨ ਕੀਤੀਆਂ ਜਾਣਗੀਆਂ।

ਵਿਦੇਸ਼ੀਆਂ ਦੀ ਰਜਿਸਟ੍ਰੇਸ਼ਨ (ਆਗਮਨ ਅਤੇ ਪ੍ਰਸਥਾਨ) ਦੀ ਸੇਵਾ ਤੁਰੰਤ ਉਪਲਬਧ ਕਰਵਾਈ ਜਾਵੇਗੀ। ਇਸੇ ਤਰ੍ਹਾਂ ਐਫ.ਆਈ.ਆਰ. ਜਾਂ ਡੀ.ਡੀ.ਰ. ਦੀ ਕਾਪੀ ਵੀ ਤੁਰੰਤ ਜਾਂ ਆਨਲਾਈਨ ਉਪਲਬਧ ਕਰਵਾਈ ਜਾਵੇਗੀ।ਵਿਦੇਸ਼ੀਆਂ ਦੇ ਰਿਹਾਇਸ਼ੀ ਪਰਮਿਟ ਦੇ ਵਿਸਤਾਰ, ਲਾਊਡਸਪੀਕਰ ਦੀ ਵਰਤੋਂ ਦੀ ਪ੍ਰਵਾਨਗੀ, ਮੇਲੇ, ਪ੍ਰਦਰਸ਼ਨੀ, ਖੇਡ ਸਮਾਗਮਾਂ ਆਦਿ ਲਈ ਨੋ ਆਬਜੈਕਸ਼ਨ ਸਰਟੀਫਿਕੇਟ, ਅਣਜਾਣ ਵਿਅਕਤੀ ਦੀ ਵੈਰੀਫਿਕੇਸ਼ਨ ਅਤੇ ਪੁਰਾਣੇ ਵਾਹਨਾਂ ਲਈ ਐਨ.ਓ.ਸੀ. ਜਾਰੀ ਕਰਨ ਦੀਆਂ ਸੇਵਾਵਾਂ 5 ਦਿਨਾਂ ਦੀ ਸਮਾਂ-ਸੀਮਾ ਵਿੱਚ ਉਪਲਬਧ ਕਰਵਾਈਆਂ ਜਾਣਗੀਆਂ।

ਘਰੇਲੂ ਸਹਾਇਕ ਵੈਰੀਫਿਕੇਸ਼ਨ, ਕਿਰਾਏਦਾਰ ਵੈਰੀਫਿਕੇਸ਼ਨ, ਚਰਿੱਤਰ ਸਰਟੀਫਿਕੇਟ, ਪੁਲਿਸ ਕਲੀਅਰੈਂਸ ਸਰਟੀਫਿਕੇਟ, ਕਰਮਚਾਰੀ ਵੈਰੀਫਿਕੇਸ਼ਨ ਅਤੇ ਰਜਿਸਟਰਡ ਗੁੰਮ ਹੋਈ ਜਾਇਦਾਦ ਦੇ ਨਿਪਟਾਰੇ ਨਾਲ ਸਬੰਧਤ ਸੇਵਾਵਾਂ 21 ਦਿਨਾਂ ਦੇ ਅੰਦਰ ਪ੍ਰਦਾਨ ਕੀਤੀਆਂ ਜਾਣਗੀਆਂ।

ਪੈਟਰੋਲ ਪੰਪ, ਸਿਨੇਮਾ ਹਾਲ ਆਦਿ ਦੀ ਸਥਾਪਨਾ ਲਈ ਐਨ.ਓ.ਸੀ. 15 ਦਿਨਾਂ ਦੇ ਅੰਦਰ ਜਾਰੀ ਕੀਤੀ ਜਾਵੇਗੀ। ਉੱਥੇ ਹੀ ਸਿਨੇਮਾ ਲਾਇਸੰਸ ਜਾਰੀ ਕਰਨ ਦੀ ਪ੍ਰਕਿਰਿਆ 30 ਦਿਨਾਂ ਵਿੱਚ ਅਤੇ ਉਸ ਦੇ ਨਵੀਨੀਕਰਨ ਦੀ ਪ੍ਰਕਿਰਿਆ 25 ਦਿਨਾਂ ਵਿੱਚ ਪੂਰੀ ਕੀਤੀ ਜਾਵੇਗੀ।ਪੈਟਰੋਲੀਅਮ ਨਿਯਮ, 2002 ਦੇ ਤਹਿਤ ਪੈਟਰੋਲ ਦੇ ਆਯਾਤ ਅਤੇ ਭੰਡਾਰਨ ਲਈ ਐਨ.ਓ.ਸੀ., ਵਿਸਫੋਟਕ ਨਿਯਮ, 2008 ਦੇ ਤਹਿਤ ਆਤਿਸ਼ਬਾਜ਼ੀ ਦੇ ਭੰਡਾਰਨ ਅਤੇ ਵਿਕਰੀ ਦੀ ਪ੍ਰਵਾਨਗੀ, ਆਤਿਸ਼ਬਾਜ਼ੀ ਲਾਇਸੰਸ ਦਾ ਨਵੀਨੀਕਰਨ ਅਤੇ ਆਤਿਸ਼ਬਾਜ਼ੀ ਦੀ ਦੁਕਾਨ ਤੇ ਗੋਦਾਮ ਲਈ ਐਨ.ਓ.ਸੀ. ਵਰਗੀਆਂ ਸੇਵਾਵਾਂ 30 ਦਿਨਾਂ ਦੀ ਨਿਰਧਾਰਤ ਮਿਆਦ ਵਿੱਚ ਉਪਲਬਧ ਕਰਵਾਈਆਂ ਜਾਣਗੀਆਂ।

ਆਨਲਾਈਨ ਸ਼ਿਕਾਇਤਾਂ ਦੇ ਨਿਪਟਾਰੇ ਅਤੇ ਨਿੱਜੀ ਸੁਰੱਖਿਆ ਏਜੰਸੀ ਵੈਰੀਫਿਕੇਸ਼ਨ ਦੀ ਪ੍ਰਕਿਰਿਆ 60 ਦਿਨਾਂ ਵਿੱਚ ਪੂਰੀ ਕੀਤੀ ਜਾਵੇਗੀ।

ਇਸ ਤੋਂ ਇਲਾਵਾ, ਸਾਈਬਰ ਕੈਫੇ ਸੰਚਾਲਕਾਂ ਦੀ ਰਜਿਸਟ੍ਰੇਸ਼ਨ ਦੀ ਵੈਰੀਫਿਕੇਸ਼ਨ, ਹੋਟਲ ਸੰਚਾਲਕਾਂ ਅਤੇ ਗਾਹਕਾਂ ਦੀ ਰਜਿਸਟ੍ਰੇਸ਼ਨ ਦੀ ਵੈਰੀਫਿਕੇਸ਼ਨ ਅਤੇ ਕਮਿਊਨਿਟੀ ਲਾਇਜ਼ਨ ਗਰੁੱਪ ਲਈ ਬਿਨੈਕਾਰਾਂ ਦੀ ਵੈਰੀਫਿਕੇਸ਼ਨ ਦੀਆਂ ਸੇਵਾਵਾਂ 30 ਦਿਨਾਂ ਵਿੱਚ ਪ੍ਰਦਾਨ ਕੀਤੀਆਂ ਜਾਣਗੀਆਂ।

ਨੋਟੀਫਿਕੇਸ਼ਨ ਵਿੱਚ ਹਰੇਕ ਸੇਵਾ ਲਈ ਨਾਮਜ਼ਦ ਅਧਿਕਾਰੀ, ਪਹਿਲਾ ਸ਼ਿਕਾਇਤ ਨਿਵਾਰਨ ਅਥਾਰਟੀ ਅਤੇ ਦੂਜਾ ਸ਼ਿਕਾਇਤ ਨਿਵਾਰਨ ਅਥਾਰਟੀ ਵੀ ਨਿਰਧਾਰਤ ਕੀਤੇ ਗਏ ਹਨ। ਜੇਕਰ ਕਿਸੇ ਨਾਗਰਿਕ ਨੂੰ ਨਿਰਧਾਰਤ ਸਮਾਂ-ਸੀਮਾ ਵਿੱਚ ਸੇਵਾ ਪ੍ਰਾਪਤ ਨਹੀਂ ਹੁੰਦੀ ਹੈ, ਤਾਂ ਉਹ ਐਕਟ ਦੇ ਉਪਬੰਧਾਂ ਤਹਿਤ ਸਬੰਧਤ ਸ਼ਿਕਾਇਤ ਨਿਵਾਰਨ ਅਥਾਰਟੀ ਦੇ ਸਾਹਮਣੇ ਅਪੀਲ ਕਰ ਸਕੇਗਾ।

# ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਮੀਂਹ ਦੀ ਪੇਸ਼ੀਨਗੋਈ

**ਚੰਡੀਗੜ੍ਹ, 22 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਭਾਰਤੀ ਮੌਸਮ ਵਿਭਾਗ ਮੁਤਾਬਕ ਆਉਣ ਵਾਲੇ ਦਿਨਾਂ ਵਿੱਚ ਪੱਛਮੀ ਗੜਬੜੀ ਦਾ ਇੱਕ ਨਵਾਂ ਦੌਰ ਸ਼ੁਰੂ ਹੋਣ ਜਾ ਰਿਹਾ ਹੈ। ਇਸ ਦੇ ਪ੍ਰਭਾਵ ਕਾਰਨ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ 22 ਜੂਨ ਤੋਂ ਲੈ ਕੇ 22 ਜੂਨ ਤੱਕ ਰੁਕ-ਰੁਕ ਕੇ ਮੀਂਹ ਪੈਣ ਦੀ ਸੰਭਾਵਨਾ ਹੈ।

ਚੰਡੀਗੜ੍ਹ ਮੌਸਮ ਵਿਭਾਗ (9$4) ਦੇ ਡਾਇਰੈਕਟਰ ਸੁਰਿੰਦਰ ਪਾਲ ਨੇ ਦੱਸਿਆ ਕਿ ਪੱਛਮੀ ਗੜਬੜੀ ਦਾ ਇਹ ਦੌਰ ਹਲਕੇ ਤੋਂ ਦਰਮਿਆਨੇ ਪੱਧਰ ਦਾ ਹੋਵੇਗਾ। ਉਨ੍ਹਾਂ ਮੁਤਾਬਕ ਇਸ ਦਾ ਅਸਰ ਪੰਜਾਬ ਦੇ ਮੁਕਾਬਲੇ ਹਰਿਆਣਾ ਵਿੱਚ ਜ਼ਿਆਦਾ ਦੇਖਣ ਨੂੰ ਮਿਲੇਗਾ ਅਤੇ ਪੂਰੇ ਖੇਤਰ ਵਿੱਚ 22 ਜੂਨ ਤੋਂ 22 ਜੂਨ ਤੱਕ ਰੁਕ-ਰੁਕ ਕੇ ਮੀਂਹ ਪਵੇਗਾ।

ਮੌਸਮ ਵਿਭਾਗ ਦੇ ਬਿਆਨ ਮੁਤਾਬਕ 22 ਜੂਨ ਤੋਂ ਉੱਤਰ-ਪੱਛਮੀ ਭਾਰਤ ਵਿੱਚ ਇੱਕ ਨਵੀਂ ਪੱਛਮੀ ਗੜਬੜੀ ਸਰਗਰਮ ਹੋਣ ਦੀ ਸੰਭਾਵਨਾ ਹੈ। ਇਸ ਦੇ ਅਸਰ ਨਾਲ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਦਿੱਲੀ ਦੇ ਕੁਝ ਇਲਾਕਿਆਂ ਵਿੱਚ ਰੁਕ-ਰੁਕ ਕੇ ਜਾਂ ਖਿੰਡਵਾਂ ਮੀਂਹ ਪੈ ਸਕਦਾ ਹੈ। ਇਸ ਦੇ ਨਾਲ ਹੀ, ਕੁਝ ਥਾਵਾਂ ’ਤੇ 40 ਤੋਂ 50 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣ ਦੇ ਵੀ ਆਸਾਰ ਹਨ।

ਹਰਿਆਣਾ ਅਤੇ ਪੰਜਾਬ ਵਿੱਚ ਮਾਨਸੂਨ ਦੇ ਆਉਣ ਦੀ ਤਰੀਕ 30 ਜੂਨ ਹੈ। ਹਾਲਾਂਕਿ, 1 ਜੂਨ ਤੋਂ 17 ਜੂਨ ਤੱਕ ਕਈ ਜ਼ਿਲ੍ਹਿਆਂ ਵਿੱਚ ਘੱਟ ਮੀਂਹ ਪਿਆ ਹੈ।

# ਪੰਜ ਸਿੰਘ ਸਾਹਿਬਾਨ ਵੱਲੋਂ ਮੁੱਖ ਮੰਤਰੀ ਮਾਨ ਪੰਥ ਦੋਖੀ ਕਰਾਰ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 22 ਜੂਨ। ਸ੍ਰੀ ਅਕਾਲ ਤਖ਼ਤ ਸਾਹਿਬ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਗੁਰੂ ਦੋਖੀ ਅਤੇ ਖਾਲਸਾ ਪੰਥ ਵਿਰੋਧੀ ਐਲਾਨ ਦਿੱਤਾ ਹੈ। ਪੰਜ ਸਿੰਘ ਸਾਹਿਬਾਨਾਂ ਦੀ ਇਕੱਤਰਤਾ ਵਿਚ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਫਸੀਲ ਤੋਂ ਇਹ ਐਲਾਨ ਕੀਤਾ ਕਿ ਗੁਰੂ ਖਾਲਸਾ ਪੰਥ, ਸਮੂਹ ਨਾਨਕ ਨਾਮ ਲੇਵਾ ਸੰਗਤ ਇਨ੍ਹਾਂ ਨੂੰ ਮੂੰਹ ਨਾ ਲਗਾਉਣ। ਜਥੇਦਾਰ ਨੇ ਕਿਹਾ ਕਿ ਜਦੋਂ ਮੁੱਖ ਮੰਤਰੀ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਤਲਬ ਕੀਤਾ ਗਿਆ ਸੀ ਤਾਂ ਉਨ੍ਹਾਂ ਨੇ ਖੁਦ ਮੁੱਖ ਮੰਤਰੀ ਨੂੰ ਪੁੱਛਿਆ ਸੀ ਕਿ ਇਹ ਵੀਡੀਓ ਉਨ੍ਹਾਂ ਦੀ ਹੈ ਤਾਂ ਉਸ ਨੇ ਕਿਹਾ ਕਿ ਇਹ ਨਕਲੀ ਹੈ ਅਤੇ ਏ. ਆਈ. ਨਾਲ ਤਿਆਰ ਕੀਤੀ ਗਈ ਹੈ। ਫਿਰ ਅਸੀਂ ਕਿਹਾ ਕਿ ਤੁਸੀਂ ਦੋ ਲੈਬਾਂ ਸਾਨੂੰ ਦੱਸੋ ਜਿਸ ਤੋਂ ਜਾਂਚ ਕਰਵਾਈ ਜਾ ਸਕੇ ਤਾਂ ਉਨ੍ਹਾਂ ਕਿਹਾ ਕਿ ਦੱਸ ਦੇਵਾਂਗੇ ਜਾਂ ਤੁਸੀਂ ਆਪ ਕਰਵਾ ਲਵੋ। ਇਸ ਉਪਰੰਤ ਪੱਤਰਕਾਰਾਂ ਸਾਹਮਣੇ ਵੀ ਮਾਨ ਨੇ ਕਿਹਾ ਕਿ ਵੀਡੀਓ ਨਕਲੀ ਹੈ, ਸਿੰਘ ਸਾਹਿਬ ਜਿੱਥੋਂ ਮਾਰਜ਼ੀ ਜਾਂਚ ਕਰਵਾ ਲੈਣ। ਅਸੀਂ ਅਕਾਲ ਤਖਤ ਤੋਂ 27 ਜਨਵਰੀ 2026 ਨੂੰ ਪੰਜਾਬ ਸਰਕਾਰ ਨੂੰ ਚਿੱਠੀ ਭੇਜ ਕੇ ਲੈਬਾਂ ਬਾਰੇ ਦੱਸਣ ਦੀ ਮੰਗ ਕੀਤੀ ਪਰ ਅੱਜ ਤੱਕ ਸਰਕਾਰ ਨੇ ਜਵਾਬ ਨਹੀਂ ਦਿੱਤਾ ਤੇ ਨਾ ਹੀ ਲੈਬ ਦਾ ਨਾਮ ਦੱਸਿਆ। ਜਥੇਦਾਰ ਨੇ ਕਿਹਾ ਕਿ ਦੁਨੀਆ ਦੀ ਕੋਈ ਸਰਕਾਰ ਹੋਵੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਝੁਕਾਅ ਨਹੀਂ ਸਕਦੀ। ਗੁਰੂ ਸਾਹਿਬ ਦੇ ਇਸ ਤਖਤ ਲਈ ਅਸੀਂ ਸਿਰ ਕਟਵਾ ਤਾਂ ਸਕਦੇ ਹਾਂ ਪਰ ਝੁਕਾਅ ਨਹੀਂ ਸਕਦੇ। ਜਥੇਦਾਰ ਨੇ ਕਿਹਾ ਕਿ ਮੇਰੇ ਬਾਰੇ ਕਿਹਾ ਗਿਆ ਕਿ ਇੰਨਾ ਸਮਾਂ



ਹੋ ਗਿਆ ਵੀਡੀਓ ਦੀ ਜਾਂਚ ਦਾ ਕੀ ਬਣਿਆ, ਮੁੱਖ ਮੰਤਰੀ ਆ ਗਿਆ ਜਥੇਦਾਰ ਨਾਲ ਮੀਟਿੰਗ ਹੋਈ ਤੇ ਬਦਲ ਗਏ ਪਰ ਅਸੀਂ ਭਾਰਤ ਦੀਆਂ ਵੱਡੀਆਂ ਲੈਬਾਂ ਤੋਂ ਜਾਂਚ ਕਰਵਾਈ। ਜਾਂਚ ਆਖ ਰਹੀ ਹੈ ਕਿ ਇਹ ਏ. ਆਈ. ਵੀਡੀਓ ਨਹੀਂ, ਸਗੋਂ ਅਸਲੀ ਹੈ। ਜਥੇਦਾਰ ਨੇ ਕਿਹਾ ਕਿ ਅੱਜ ਪੰਥ ਦੀ ਇਕੱਤਰਤਾ ਵਿਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵਿਰੁੱਧ ਸ਼ਿਕਾਇਤ ਵਿਚ ਪੁੱਜੀ ਇਤਰਾਜ਼ਯੋਗ ਵੀਡੀਓ ਦਾ ਮਾਮਲਾ ਗੰਭੀਰਤਾ ਨਾਲ ਵਿਚਾਰਿਆ। ਵੀਡੀਓ ਵਿਚ ਨਜ਼ਰ ਰਿਹਾ ਸ਼ਖਸ ਅਤਿ ਨਿੰਦਣਯੋਗ ਹਰਕਤਾਂ ਕਰਦਾ ਦਿਖਾਈ ਦੇ ਰਿਹਾ ਹੈ। ਗੁਰੂ ਖਾਲਸਾ ਪੰਥ ਅਜਿਹੀਆਂ ਹਰਕਤਾਂ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰ ਸਕਦਾ। ਅੱਜ ਪੰਥਕ ਤੇ ਧਾਰਮਿਕ ਜਥੇਬੰਦੀਆਂ ਨੂੰ ਸੱਦਿਆ ਗਿਆ, ਜਿਸ ਵਿਚ ਕਾਨੂੰਨੀ ਮਾਹਿਰ ਵੀ ਸ਼ਾਮਲ ਹੋਏ। ਜਿਸ ਵਿਚ ਫੈਸਲਾ ਕੀਤਾ ਗਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਨੂੰ ਗੁਰੂ ਦੋਖੀ ਤੇ ਪੰਥ ਵਿਰੋਧੀ ਐਲਾਨਿਆ ਜਾਵੇ। ਇਕ ਮੁੱਖ ਮੰਤਰੀ ਦਾ ਅਹੁਦਾ ਬਹੁਤ ਹੀ ਸਤਿਕਾਰਤ ਹੁੰਦਾ ਹੈ, ਜਿਸ ਨੇ ਸੂਬੇ ਦੇ ਹਰ ਨਾਗਿਰਕ ਦੀ ਨੁਮਾਇੰਦਗੀ ਕਰਨੀ ਹੁੰਦੀ ਹੈ, ਮੁੱਖ ਮੰਤਰੀ ਨੇ ਸ੍ਰੀ ਅਕਾਲ ਤਖ਼ਤ ਵਿਖੇ ਆ ਕੇ ਝੂਠ ਬੋਲਿਆ ਹੈ, ਇਸ ਤੋਂ ਇਹ ਆਸ ਨਹੀਂ ਕੀਤੀ ਜਾ ਸਕਦੀ ਕਿ ਇਹ ਸਿੱਖ ਹਿਤੈਸ਼ੀ ਫੈਸਲੇ ਲਵੇਗਾ। ਸਿੱਖਾਂ ਦੀ ਤਰਜਮਾਨੀ ਕਰਦਿਆਂ ਸ੍ਰੀ ਅਕਾਲ ਤਖ਼ਤ ਵਿਖੇ ਭਗਵੰਤ ਮਾਨ ਨੂੰ ਗੁਰੂ ਦੋਖੀ ਅਤੇ ਖਾਲਸਾ ਪੰਥ ਵਿਰੋਧੀ ਕਰਾਰ ਦਿੱਤਾ ਜਾਂਦਾ ਹੈ। ਬੇਅਦਬੀ ਐਕਟ ਮਾਮਲੇ ਵਿਚ ਪੰਜਾਬ ਦੇ ਸਾਰੇ ਸਿੱਖ ਵਿਧਾਇਕਾਂ ਨੂੰ 29 ਜੂਨ ਨੂੰ ਅਕਾਲ ਤਖਤ ਸਾਹਿਬ ਉਤੇ ਤਲਬ ਕੀਤਾ ਕੀਤਾ ਗਿਆ ਹੈ। ਸਾਰੇ ਸਿੱਖ ਵਿਧਾਇਕਾਂ ਭਾਵੇਂ ਉਹ ਕਿਸੇ ਵੀ ਪਾਰਟੀ ਨਾਲ ਸਬੰਧਤ ਹੋਣ ਜਿਨ੍ਹਾਂ ਨੇ ਇਸ ਕਾਨੂੰਨ ਨੂੰ ਬਿਨਾਂ ਪੜ੍ਹੇ ਜਾਂ ਪੰਥ ਨਾਲ ਸਲਾਹ ਕੀਤੇ ਬਿਨਾਂ ਦਸਤਖਤ ਕੀਤੇ, ਪੂਰੀ ਕੈਬਨਿਟ ਸਮੇਤ 29 ਜੂਨ ਨੂੰ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋਣ ਲਈ ਸੰਮਨ ਭੇਜਿਆ ਗਿਆ ਹੈ। ਦੱਸਣਯੋਗ ਹੈ ਕਿ ਪੰਜਾਬ ਸਰਕਾਰ ਨੇ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ ਪੇਸ਼ ਕੀਤਾ ਸੀ, ਜਿਸ ਨੂੰ ਵਿਧਾਨ ਸਭਾ ਵਿਚ ਪਾਸ ਕਰ ਦਿੱਤਾ ਗਿਆ ਪਰ ਕਿਸੇ ਵੀ ਸਿੱਖ ਸੰਗਠਨ ਦੀ ਰਾਏ ਨਹੀਂ ਲਈ ਗਈ। ਜਦੋਂ ਇਸ ਮਾਮਲੇ ’ਤੇ ਪੰਥ ਦੇ ਅੰਦਰ ਵਿਚਾਰ-ਵਟਾਂਦਰਾ ਕੀਤਾ ਗਿਆ ਤਾਂ ਸਾਰਿਆਂ ਨੇ ਸਹਿਮਤੀ ਪ੍ਰਗਟ ਕੀਤੀ ਕਿ ਪੰਥ ਦੀ ਸਹਿਮਤੀ ਤੋਂ ਬਿਨਾਂ ਕੋਈ ਵੀ ਕਾਨੂੰਨ ਨਹੀਂ ਬਣਾਇਆ ਜਾਵੇਗਾ। ਪੰਜਾਬ ਸਰਕਾਰ ਵੱਲੋਂ ਲਿਆਂਦੇ ਗਏ ਬੇਅਦਬੀ ਕਾਨੂੰਨ ’ਤੇ ਬੋਲਦਿਆਂ ਜਥੇਦਾਰ ਨੇ ਕਿਹਾ ਕਿ ਸਾਰੇ ਹੀ ਲੋਕ ਚਾਹੁੰਦੇ ਹਨ ਕਿ ਬੇਅਦਬੀ ਕਰਨ ਵਾਲਿਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਮਿਲੇ ਪਰ ਇਸ ਕਾਨੂੰਨ ਵਿਚ ਗੁਰੂ ਘਰ ਦੇ ਪ੍ਰਬੰਧਕਾਂ ਅਤੇ ਗ੍ਰੰਥੀ ਸਿੰਘਾਂ ਦੀ ਜ਼ਿੰਮੇਵਾਰੀ ਸਪੱਸ਼ਟ ਨਹੀਂ ਕੀਤੀ ਗਈ। ਇਹ ਮਸਲਾ ਪੰਥ ਨਾਲ ਜੁੜਿਆ ਹੋਇਆ ਹੈ ਅਤੇ ਇਸ ਬਾਰੇ ਫ਼ੈਸਲੇ ਪੰਥਕ ਅਧਾਰ ’ਤੇ ਹੀ ਹੋਣੇ ਚਾਹੀਦੇ ਹਨ, ਨਾ ਕਿ ਸਰਕਾਰਾਂ ਵੱਲੋਂ ਇਕੱਲੇ ਤੌਰ ’ਤੇ ਲਏ ਜਾਣੇ ਚਾਹੀਦੇ ਹਨ। ਪੰਜਾਬ ਸਰਕਾਰ ਵੱਲੋਂ ਸਿੱਖ ਪੰਥ ਦੀ ਪ੍ਰਵਾਨਗੀ ਬਿਨ੍ਹਾਂ ਇਹ ਕਾਨੂੰਨ ਕਿਉਂ ਬਣਾਇਆ ਗਿਆ। ਸਿੱਖ ਪੰਥ ਨੂੰ ਖ਼ੁਦ ਪਤਾ ਹੈ ਕਿ ਗੁਰੂ ਸਾਹਿਬ ਦਾ ਅਦਬ-ਸਤਿਕਾਰ ਕਿਵੇਂ ਕਰਨਾ ਹੈ ਅਤੇ ਕੁਝ ਵਿਅਕਤੀ ਇਕੱਠੇ ਹੋ ਕੇ ਇਸ ਤਰ੍ਹਾਂ ਦੇ ਫ਼ੈਸਲੇ ਨਹੀਂ ਲੈ ਸਕਦੇ। ਦੂਜੇ ਪਾਸੇ ਆਮ ਆਦਮੀ ਪਾਰਟੀ ਦੇ ਮੁੱਖ ਬੁਲਾਰੇ ਬਲਤੇਜ ਪੰਨੂ ਨੇ ਸਾਰੇ ਦੋਸ਼ਾਂ ਨੂੰ ਨਿਰ ਆਧਾਰ ਦੱਸਿਆ ਹੈ। ਉਨ੍ਹਾਂ ਕਿਹਾ ਕਿ ਮੰਨਿਆ ਕਿ ਵੀਡੀਓ ਅਸਲੀ ਹੈ

## ਉਜਸਵੀ ਨੇ ਨਗਰ ਨਿਗਮ ਲੁਧਿਆਣਾ ਦੇ ਕਮਿਸ਼ਨਰ ਵਜੋਂ ਸੰਭਾਲਿਆ ਅਹੁਦਾ

ਲੁਧਿਆਣਾ 22 ਜੂਨ। ਪੰਜਾਬ ਸਰਕਾਰ ਵੱਲੋਂ ਨਿਯੁਕਤ ਕੀਤੇ ਗਏ ਆਈ. ਏ. ਐੱਸ. ਅਫ਼ਸਰ ਉਜਸਵੀ ਨੇ ਸੋਮਵਾਰ ਨੂੰ ਲੁਧਿਆਣਾ ਨਗਰ ਨਿਗਮ ਦੇ ਨਵੇਂ ਕਮਿਸ਼ਨਰ ਵਜੋਂ ਅਹੁਦਾ ਸੰਭਾਲ ਲਿਆ ਹੈ। ਉਨ੍ਹਾਂ ਨੇ ਲੁਧਿਆਣਾ ਡਿਪਟੀ ਕਮਿਸ਼ਨਰ ਦੇ ਨਾਲ ਅਹੁਦਾ ਸੰਭਾਲਿਆ। ਉਹ 2020 ਬੈਚ ਦੇ ਆਈ. ਏ. ਐੱਸ. ਅਫ਼ਸਰ ਹਨ ਤੇ ਨਗਰ ਨਿਗਮ ਵਿਚ ਨੀਰੂ ਕਤਿਆਲ ਦੀ ਜਗ?ਹਾ ਆਏ ਹਨ। ਅਹੁਦਾ ਸੰਭਾਲਣ ਮਗਰੋਂ ਨਵੇਂ ਕਮਿਸ਼ਨਰ ਉਜਸਵੀ ਨੇ ਨਗਰ ਨਿਗਮ ਦੇ ਸੀਨੀਅਰ ਅਫ਼ਸਰਾਂ ਦੇ ਨਾਲ ਪਹਿਲੀ ਸਮੀਖਿਆ ਮੀਟਿੰਗ



ਕੀਤੀ। ਬੈਠਕ ਦੌਰਾਨ ਸ਼ਹਿਰ ਦੇ ਵਿਕਾਸ ਕਾਰਜਾਂ, ਸਫ਼ਾਈ ਪ੍ਰਬੰਧਾਂ, ਪੈਂਡਿੰਗ ਪ੍ਰਾਜੈਕਟਾਂ ਤੇ ਪ੍ਰਸ਼ਾਸਕੀ ਕਾਰਜਪ੍ਰਣਾਲੀ ਸਮੇਤ ਕਈ ਮਹੱਤਵਪੂਰਨ ਮੁੱਦਿਆਂ ’ਤੇ ਚਰਚਾ ਕੀਤੀ ਗਈ। ਅਫ਼ਸਰਾਂ ਨੂੰ ਜਨਹਿਤ ਨਾਲ ਜੁੜੇ ਕੰਮਾਂ ਵਿਚ ਤੇਜ਼ੀ ਲਿਆਉਣ ਅਤੇ ਸਮਾਂਬੱਧ ਤਰੀਕੇ ਨਾਲ ਯੋਜਨਾਵਾਂ ਨੂੰ ਪੂਰਾ ਕਰਨ ਦੇ ਨਿਰਦੇਸ਼ ਵੀ ਦਿੱਤੇ ਗਏ। ਇਸ ਤੋਂ ਪਹਿਲਾਂ ਉਜਸਵੀ ਗ੍ਰੇਟਰ ਲੁਧਿਆਣਾ ਏਰੀਆ ਡਿਵਲਪਮੈਂਟ ਅਥਾਰਟੀ ਵਿਚ ਚੀਫ਼ ਐਡਮੀਨਿਸਟ?ਰੇਟਰ ਦੇ ਅਹੁਦੇ ’ਤੇ ਤਾਇਨਾਤ ਸਨ। ਪ੍ਰਸ਼ਾਸਕੀ ਕੰਮਾਂ ਦਾ ਉਨ੍ਹਾਂ ਦਾ ਤਜ਼ਰਬਾ ਹੁਣ ਨਗਰ ਨਿਗਮ ਦੇ ਕੰਮਕਾਰ ਨੂੰ ਨਵੀਂ ਦਿਸ਼ਾ ਦੇਣ ਵਿਚ ਅਹਿਮ ਭੂਮਿਕਾ ਨਿਭਾਅ ਸਕਦਾ ਹੈ। ਨਗਰ ਨਿਗਮ ਵਿਚ ਨਵੇਂ ਕਮਿਸ਼ਨਰ ਦੀ ਨਿਯੁਕਤੀ ਦੇ ਨਾਲ ਪ੍ਰਸ਼ਾਸਕੀ ਪੱਧਰ ’ਤੇ ਵੀ ਬਦਲਾਅ ਦੀ ਸੰਭਾਵਨਾ ਜਤਾਈ ਜਾ ਰਹੀ ਹੈ। ਮੰਨਿਆ ਜਾ ਰਿਹਾ ਹੈ ਕਿ ਆਉਣ ਵਾਲੇ ਦਿਨਾਂ ਵਿਚ ਵਿਭਾਗਾਂ ਵਿਚ ਫੇਰਬਦਲ, ਕਾਰਜਪ੍ਰਣਾਲੀ ਵਿਚ ਸੁਧਾਰ ਤੇ ਸ਼ਹਿਰ ਦੇ ਵਿਕਾਸ ਨਾਲ ਜੁੜੇ ਕਈ ਨਵੇਂ ਫ਼ੈਸਲੇ ਲਏ ਜਾ ਸਕਦੇ ਹਨ।

## ਸਮੇਂ ’ਤੇ ਕਬਜ਼ਾ ਨਾ ਦੇਣ ’ਤੇ ਕਮਿਸ਼ਨ ਨੇ ਬਿਲਡਰ ’ਤੇ ਲਾਇਆ 30 ਹਜ਼ਾਰ ਹਰਜਾਨਾ

ਚੰਡੀਗੜ੍ਹ 22 ਜੂਨ। ਜ਼ਿਲ੍ਹਾ ਖ਼ਪਤਕਾਰ ਝਗੜਾ ਨਿਵਾਰਣ ਕਮਿਸ਼ਨ ਦੇ ਚੰਡੀਗੜ੍ਹ ਬੈਂਚ ਨੇ ਰਿਹਾਇਸ਼ੀ ਪਲਾਟ ਦਾ 60 ਦਿਨਾਂ ’ਚ ਅਸਲ ਕਬਜ਼ਾ ਸੌਂਪਣ ਦਾ ਹੁਕਮ ਦਿੱਤਾ ਹੈ। ਨਾਲ ਹੀ ਕਮਿਸ਼ਨ ਨੇ ਸ਼ਿਕਾਇਤਕਰਤਾ ਨੂੰ ਮੁਆਵਜ਼ੇ ਤੇ ਮੁਕੱਦਮੇਬਾਜ਼ੀ ਖ਼ਰਚ ਵਜੋਂ 30 ਹਜ਼ਾਰ ਰੁਪਏ ਦਾ ਭੁਗਤਾਨ ਕਰਨ ਦੇ ਨਿਰਦੇਸ਼ ਦਿੱਤੇ ਹਨ। ਸ਼ਿਕਾਇਤਕਰਤਾ ਅਮਰਪਾਲ ਨੇ ਕਮਿਸ਼ਨ ’ਚ ਦਾਇਰ ਕੀਤੀ ਸ਼ਿਕਾਇਤ ’ਚ ਦੱਸਿਆ ਕਿ ਉਸਨੇ ਮੋਹਾਲੀ ਦੇ ਸੈਕਟਰ-112 ’ਚ ਆਰ. ਕੇ. ਐੱਮ. ਹਾਊਸਿੰਗ ਲਿ. ਵਲੋਂ ਸ਼ੁਰੂ ਕੀਤੇ ਰਿਹਾਇਸ਼ੀ ਟਾਊਨਸ਼ਿਪ ਪ੍ਰਾਜੈਕਟ ’ਚ 2 ਜਨਵਰੀ 2011 ਨੂੰ ਪਲਾਟ ਬੁੱਕ ਕਰਵਾਇਆ ਸੀ। ਸ਼ਿਕਾਇਤਕਰਤਾ ਮੁਤਾਬਕ ਬਿਲਡਰ ਨੇ ਉਸ ਤੋਂ ਵੱਡੀ ਰਕਮ ਲੈਣ ਦੇ ਬਾਵਜੂਦ ਨਾ ਤਾਂ ਅਲਾਟਮੈਂਟ ਪੱਤਰ ਜਾਰੀ ਕੀਤਾ ਤੇ ਨਾ ਹੀ ਪਲਾਟ ਖ਼ਰੀਦਦਾਰ ਸਮਝੌਤਾ ਕੀਤਾ। ਉਸਨੇ ਦੋਸ਼ ਲਾਇਆ ਕਿ ਕੰਪਨੀ ਨੇ ਕਬਜ਼ਾ ਸੌਂਪਣ ਦੀ ਕੋਈ ਤੈਅ ਸਮਾਂ-ਸੀਮਾ ਨਹੀਂ ਦੱਸੀ ਤੇ ਸਿਰਫ਼ ਜਲਦੀ ਕਬਜ਼ਾ ਦੇਣ ਦਾ ਭਰੋਸਾ ਦਿੰਦਾ ਰਿਹਾ। ਦੂਜੇ ਪਾਸੇ ਕੰਪਨੀ ਡਾਇਰੈਕਟਰਾਂ ਨੇ ਦੋਸ਼ਾਂ ਤੋਂ ਇਨਕਾਰ ਕਰਦਿਆਂ ਸ਼ਿਕਾਇਤ ਖਾਰਜ ਕਰਨ ਦੀ ਮੰਗ ਕੀਤੀ। ਬਿਲਡਰ ਦਾ ਵਿਵਹਾਰ ਸੇਵਾ ’ਚ ਕਮੀ ਤੇ ਅਨੁਚਿਤ ਵਪਾਰਕ ਵਿਵਹਾਰ ਦੀ ਸ਼?ਰੇਣੀ ’ਚ ਆਉਂਦਾ ਹੈ। ਦੋਵਾਂ ਧਿਰਾਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਕਮਿਸ਼ਨ ਨੇ ਪਾਇਆ ਕਿ ਬਿਲਡਰ ਨੇ ਲੋੜੀਂਦਾ ਭੁਗਤਾਨ ਪ੍ਰਾਪਤ ਕਰਨ ਤੇ ਵਿਸ਼ੇਸ਼ ਪਲਾਟ ਅਲਾਟ ਕਰਨ ਦੇ ਬਾਵਜੂਦ ਉੱਚਿਤ ਸਮੇਂ ਅੰਦਰ ਉਸ ਦਾ ਕਬਜ਼ਾ ਨਹੀਂ ਦਿੱਤਾ।



ਕਮਿਸ਼ਨ ਨੇ ਕਿਹਾ ਕਿ ਮਾਮਲੇ ਦੀ ਸੁਣਵਾਈ ਦੌਰਾਨ ਵੀ ਬਿਲਡਰ ਨੇ ਨਾ ਤਾਂ ਕਬਜ਼ਾ ਦੇਣ ਦੀ ਪੇਸ਼ਕਸ਼ ਕੀਤੀ ਅਤੇ ਨਾ ਦੇਰੀ ਦਾ ਕੋਈ ਜਾਇਜ਼ ਕਾਰਨ ਦੱਸਿਆ। ਕਮਿਸ਼ਨ ਨੇ ਹੁਕਮ ’ਚ ਕਿਹਾ ਕਿ ਬਿਲਡਰ ਦਾ ਵਿਵਹਾਰ ਸੇਵਾ ’ਚ ਕਮੀ ਤੇ ਅਨੁਚਿਤ ਵਪਾਰਕ ਵਿਵਹਾਰ ਦੀ ਸ਼?ਰੇਣੀ ’ਚ ਆਉਂਦਾ ਹੈ। ਕਮਿਸ਼ਨ ਨੇ ਬਿਲਡਰ ਨੂੰ ਨਿਰਦੇਸ਼ ਦਿੱਤਾ ਕਿ ਉਹ ਸ਼ਿਕਾਇਤਕਰਤਾ ਨੂੰ ਪਲਾਟ ਦਾ ਕਾਨੂੰਨੀ ਤੇ ਭੌਤਿਕ ਕਬਜ਼ਾ ਸਾਰੀਆਂ ਜ਼ਰੂਰੀ ਸਹੂਲਤਾਂ ਦੇ ਨਾਲ ਸੌਂਪੇ। ਹਾਲਾਂਕਿ ਸ਼ਿਕਾਇਤਕਰਤਾ ਨੂੰ ਐੱਮ. ਓ. ਯੂ. ਮੁਤਾਬਕ ਕੋਈ ਬਕਾਇਆ ਵਿਕਰੀ ਮੁੱਲ ਜਾਂ ਹੋਰ ਫ਼ੀਸ ਦੇਣੀ ਹੋਵੇ ਤਾਂ ਉਸ ਦਾ ਭੁਗਤਾਨ ਕਰਨਾ ਪਵੇਗਾ। ਇਸ ਤੋਂ ਇਲਾਵਾ ਕਮਿਸ਼ਨ ਨੇ ਮਾਨਸਿਕ ਪ੍ਰੇਸ਼ਾਨੀ ਤੇ ਮੁਕੱਦਮੇਬਾਜ਼ੀ ਦੇ ਖਰਚਿਆਂ ਲਈ ਸ਼ਿਕਾਇਤਕਰਤਾ ਨੂੰ 30 ਹਜ਼ਾਰ ਰੁਪਏ ਦੇਣ ਦਾ ਹੁਕਮ ਵੀ ਦਿੱਤਾ। ਇਹ ਹੁਕਮ ਬਿਲਡਰ ਨੂੰ 60 ਦਿਨਾਂ ਅੰਦਰ ਲਾਗੂ ਕਰਨਾ ਹੋਵੇਗਾ।

### ਪਾਵਰਕਾਮ ਨੇ ਖ਼ਪਤਕਾਰਾਂ ਨੂੰ ਦਿੱਤੀ ਵੱਡੀ ਰਾਹਤ !

ਡੇਰਾਬੱਸੀ 22 ਜੂਨ। ਇੱਥੋਂ ਦੇ ਸ਼ਕਤੀ ਨਗਰ ਇਲਾਕੇ ’ਚ ਗਰਮੀ ਅਤੇ ਓਵਰਲੋਡ ਕਾਰਨ ਪਿਘਲ ਚੁੱਕੇ ਬਿਜਲੀ ਦੇ ਮੀਟਰਾਂ ਦਾ ਮਾਮਲਾ ਸਾਹਮਣੇ ਆਉਣ ਤੋਂ ਬਾਅਦ ਬਿਜਲੀ ਵਿਭਾਗ ਦੇ ਅਧਿਕਾਰੀਆਂ ਨੇ ਤੁਰੰਤ ਕਾਰਵਾਈ ਕਰਦਿਆਂ ਨਵੇਂ ਮੀਟਰ ਲਗਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਹੈ। ਸ਼ਕਤੀ ਨਗਰ ਦੇ ਵਸਨੀਕ ਪਿਛਲੇ ਕੁੱਝ ਦਿਨਾਂ ਤੋਂ ਬਿਜਲੀ ਦੇ ਖ਼ਰਾਬ ਅਤੇ ਪਿਘਲੇ ਹੋਏ ਮੀਟਰਾਂ ਕਾਰਨ ਬੇਹੱਦ ਪਰੇਸ਼ਾਨ ਸਨ। ਇਸ ਨਾਲ ਨਾ ਸਿਰਫ਼ ਬਿਜਲੀ ਦੀ ਸਪਲਾਈ ਪ੍ਰਭਾਵਿਤ ਹੋ ਰਹੀ ਸੀ, ਸਗੋਂ ਸ਼ਾਰਟ ਸਰਕਟ ਹੋਣ ਕਾਰਨ ਕਿਸੇ ਵੱਡੇ ਹਾਦਸੇ ਦਾ ਡਰ ਵੀ ਬਣਿਆ ਹੋਇਆ ਸੀ। ਸਥਾਨਕ ਲੋਕਾਂ ਵੱਲੋਂ ਕੀਤੀ ਸ਼ਿਕਾਇਤ ਤੋਂ ਬਾਅਦ ਬਿਜਲੀ ਵਿਭਾਗ ਨੇ ਕਾਰਵਾਈ ਕਰਦੇ ਨਵੇਂ ਮੀਟਰ ਲਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਹੈ।

## FSSAI ਦੀ ਵੱਡੀ ਕਾਰਵਾਈ ! 8 ਫੂਡ ਕੰਪਨੀਆਂ ’ਤੇ ਕੰਪਨੀਆਂ ਭੇਜਿਆ ਨੋਟਿਸ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 22 ਜੂਨ। ਫੂਡ ਸੇਫਟੀ ਐਂਡ ਸਟੈਂਡਰਡ ਅਥਾਰਟੀ ਆਫ ਇੰਡੀਆਨੇ ਅੱਠ ਫੂਡ ਕੰਪਨੀਆਂ ਨੂੰ ਫੂਡ ਸੇਫਟੀ ਐਂਡ ਸਟੈਂਡਰਡ ਐਕਟ, 2006 ਦੀ ਉਲੰਘਣਾ ਕਰਨ ਲਈ ਨੋਟਿਸ ਜਾਰੀ ਕੀਤੇ ਹਨ, ਜਿਸ ’ਚ ਗੁੰਮਰਾਹਕੁੰਨ ਬ੍ਰਾਂਡ ਨਾਮ, ਵਪਾਰਕ ਨਾਮ ਅਤੇ ਉਤਪਾਦ ਦਾਅਵਿਆਂ ਦੀ ਵਰਤੋਂ ਕੀਤੀ ਗਈ ਹੈ। ਨੋਟਿਸ ਪ੍ਰਾਪਤ ਕਰਨ ਵਾਲੀਆਂ ਕੰਪਨੀਆਂ ਵਿੱਚ ਇਮਾਮੀ ਹੈਲਦੀ ਐਂਡ ਟੇਸਟੀ, ਹੈਲਥ ਏਡ, ਟਰੂਵੀ, ਦਿ ਹੈਲਥੀ ਫੈਕਟਰੀ, ਹੈਲਥੀ ਮਾਸਟਰ, ਹੈਲਥੀ ਚੁਆਇਸ, ਪਲਾਨ ਬੀ ਅਤੇ ਨੁਹਰਬਸ ਸ਼ਾਮਲ ਹਨ। ਰੈਗੂਲੇਟਰ ਨੇ ਆਪਣੇ ਅਧਿਕਾਰਤ ਸੋਸ਼ਲ ਮੀਡੀਆ ਪਲੇਟਫਾਰਮ ਰਾਹੀਂ ਇਸ ਕਾਰਵਾਈ ਦਾ ਐਲਾਨ ਕੀਤਾ। FSSAI ਦੇ ਅਨੁਸਾਰ ਇਮਾਮੀ ਹੈਲਦੀ ਐਂਡ ਟੇਸਟੀ ਦਾ ਵਪਾਰਕ ਨਾਮ ਖਪਤਕਾਰਾਂ ਨੂੰ ਗੁੰਮਰਾਹ ਕਰ ਸਕਦਾ ਹੈ ਅਤੇ ਲਾਗੂ ਨਿਯਮਾਂ ਦੀ ਉਲੰਘਣਾ ਕਰਦਾ ਜਾਪਦਾ ਹੈ। ਕੰਪਨੀ ਕੋਲਕਾਤਾ ਸਥਿਤ ਇਮਾਮੀ ਗਰੁੱਪ ਦੀ ਖਾਣਯੋਗ ਤੇਲ ਇਕਾਈ ਹੈ। ਇਸ ਦੌਰਾਨ ਪਲਾਨ ਬੀ ਆਪਣੇ ਉਤਪਾਦਾਂ ਨੂੰ ਪੌਦੇ-ਅਧਾਰਤ ਵੀਗਨ ਵਜੋਂ ਉਤਸ਼ਾਹਿਤ ਕਰਦੀ ਹੈ। FSSAI ਦਾ ਕਹਿਣਾ ਹੈ ਕਿ ਕੰਪਨੀ ਨੇ ਵੀਗਨ ਭੋਜਨ ਉਤਪਾਦਾਂ ਨੂੰ ਸਮਰਥਨ ਦੇਣ ਲਈ ਜ਼ਰੂਰੀ ਪ੍ਰਵਾਨਗੀਆਂ




ਪ੍ਰਾਪਤ ਕੀਤੇ ਬਿਨਾਂ ਆਪਣੇ ਉਤਪਾਦਾਂ ਨੂੰ ਵੀਗਨ ਵਜੋਂ ਪੇਸ਼ ਕੀਤਾ, ਜੋ ਖਪਤਕਾਰਾਂ ਵਿੱਚ ਗਲਤ ਪ੍ਰਭਾਵ ਪੈਦਾ ਕਰ ਸਕਦਾ ਹੈ। ਹੈਲਥੀ ਫੈਕਟਰੀ ਦੇ ਜ਼ੀਰੋ ਮੈਦਾ ਹੋਲ ਵੀਟ ਬ੍ਰੈੱਡ ਤੇ ਜ਼ੀਰੋ ਮੈਦਾ ਪੀਜ਼ਾ ਬੇਸ ਉਤਪਾਦਾਂ ਦੀ ਵੀ ਜਾਂਚ ਕੀਤੀ ਗਈ ਹੈ। ਅਥਾਰਟੀ ਦਾ ਕਹਿਣਾ ਹੈ ਕਿ ਇਨ੍ਹਾਂ ਉਤਪਾਦਾਂ ’ਤੇ ਕੀਤੇ ਗਏ ਦਾਅਵੇ ਖਪਤਕਾਰਾਂ ਨੂੰ ਗੁੰਮਰਾਹ ਕਰ ਸਕਦੇ ਹਨ ਅਤੇ ਨਿਯਮਾਂ ਦੇ ਵਿਰੁੱਧ ਜਾਪਦੇ ਹਨ। ਨੁਹਰਬਸ ਦੀ ਟਰੂ ਵਿਟਾਮਿਨ ਉਤਪਾਦ ਲਾਈਨ ਨੂੰ ਵੀ ਇੱਕ ਨੋਟਿਸ ਮਿਲਿਆ ਹੈ। FSSAI ਦੇ ਅਨੁਸਾਰ, ਵਪਾਰਕ ਨਾਮ ਟਰੂ ਵਿਟਾਮਿਨ ਇਸਦੇ ਨਿਯਮਾਂ ਵਿੱਚ ਪਰਿਭਾਸ਼ਿਤ ਜਾਂ ਮਾਨਤਾ ਪ੍ਰਾਪਤ ਨਹੀਂ ਹੈ ਅਤੇ ਇਸ ਲਈ ਇਹ ਖਪਤਕਾਰਾਂ ਨੂੰ ਗੁੰਮਰਾਹ ਕਰ ਸਕਦਾ ਹੈ। ਇਸੇ ਤਰ੍ਹਾਂ ਟਰੂਵੀ ਦੇ ਸਨੈਕ ਉਤਪਾਦ, ਜਿਵੇਂ ਕਿ ਹੈਲਦੀ ਮਿਕਸ ਵੈਜੀ ਚਿਪਸ, ਹੈਲਦੀ ਰਾਗੀ ਚਿਪਸ, ਅਤੇ ਹੈਲਦੀ ਮੂੰਗ ਦਾਲ ਚਿਪਸ, ’ਚ ਉਨ੍ਹਾਂ ਦੇ ਸਿਹਤਮੰਦ ਦਾਅਵਿਆਂ ਬਾਰੇ ਸਵਾਲ ਕੀਤੇ ਗਏ ਹਨ। ਰੈਗੂਲੇਟਰ ਦਾ ਕਹਿਣਾ ਹੈ ਕਿ ਇਨ੍ਹਾਂ ਉਤਪਾਦਾਂ ਵਿੱਚ ਕਈ ਹੋਰ ਸਮੱਗਰੀਆਂ ਹਨ, ਜਿਸ ਨਾਲ ਇਨ੍ਹਾਂ ਉਤਪਾਦਾਂ ਦੀ ਲੇਬਲਿੰਗ ਸਿਹਤਮੰਦ ਗੁੰਮਰਾਹਕੁੰਨ ਹੋ ਜਾਂਦੀ ਹੈ। FSSAI ਨੇ ਵਿਜ਼ਨ ਟੂ ਸਰਵ ਹੈਲਥੀ ਫਾਰ ਹੈਲਥੀ ਮਾਸਟਰ, ਹੈਲਦੀ ਫੂਡ ਫਾਰ ਏ ਹੈਲਥੀ ਲਾਈਫ ਪੋਹਾ ਫਾਰ ਹੈਲਥੀ ਚੁਆਇਸ, ਅਤੇ ਹੈਲਥ ਏਡ ਦੇ ਬ੍ਰਾਂਡ ਨਾਮ ’ਤੇ ਵੀ ਇਤਰਾਜ਼ ਜਤਾਇਆ ਹੈ। ਅਥਾਰਟੀ ਦਾ ਮੰਨਣਾ ਹੈ ਕਿ ਇਹ ਨਾਮ ਅਤੇ ਦਾਅਵੇ ਖਪਤਕਾਰਾਂ ਨੂੰ ਉਤਪਾਦਾਂ ਦੀ ਪ੍ਰਕਿਰਤੀ ਬਾਰੇ ਗੁੰਮਰਾਹ ਕਰ ਸਕਦੇ ਹਨ।

## ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਫਰੀਦਕੋਟ ਵਿਖੇ ਸਕਿੱਲ ਡਿਵੈਲਪਮੈਂਟ ਸੈਂਟਰ ਦਾ ਕੀਤਾ ਉਦਘਾਟਨ

**ਕੌਮੀ ਪਤ੍ਰਿਕਾ**

ਜੈਤੋਂ 22 ਜੂਨ। ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅੱਜ ਫਰੀਦਕੋਟ ਦੌਰੇ ਦੌਰਾਨ ਰੈੱਡ ਕਰਾਸ ਭਵਨ ਵਿਖੇ ਸਨ ਫਾਊਂਡੇਸ਼ਨ ਵੱਲੋਂ ਸਥਾਪਿਤ ਸਕਿੱਲ ਡਿਵੈਲਪਮੈਂਟ ਸੈਂਟਰ ਆਫ ਐਕਸੀਲੈਂਸ ਦਾ ਰਸਮੀਂ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਸਮੇਂ ਦੇ ਹਾਣ ਦਾ ਹੁਨਰ ਪ੍ਰਦਾਨ ਕਰਨਾ ਬਹੁਤ ਜ਼ਰੂਰੀ ਹੈ ਤਾਂ ਜੋ ਉਹ ਆਤਮ ਨਿਰਭਰ ਬਣ ਸਕਣ ਅਤੇ ਦੇਸ਼ ਦੀ ਤਰੱਕੀ ’ਚ ਆਪਣਾ ਯੋਗਦਾਨ ਪਾ ਸਕਣ। ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਇਹ ਸਕਿੱਲ ਡਿਵੈਲਪਮੈਂਟ ਸੈਂਟਰ ਨੌਜਵਾਨਾਂ ਲਈ ਵਰਦਾਨ ਸਾਬਤ ਹੋਵੇਗਾ, ਜਿੱਥੇ ਉਨ੍ਹਾਂ ਨੂੰ ਵੱਖ-ਵੱਖ ਕਿੱਤਾ ਮੁਖੀ ਕੋਰਸਾਂ ਦੀ ਸਿਖਲਾਈ ਮੁਫ਼ਤ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜਿੰਨਾ ਨੌਜਵਾਨਾਂ ਨੂੰ ਸਰਕਾਰੀ ਨੌਕਰੀ ਨਹੀਂ ਮਿਲਦੀ, ਉਨ੍ਹਾਂ ਲਈ ਇਹ ਸਕਿੱਲ ਸੈਂਟਰ ਵਰਦਾਨ ਸਾਬਤ ਹੋਵੇਗਾ, ਕਿਉਂਕਿ ਇਸ ਤੋਂ ਵੱਖ ਵੱਖ ਤਰ੍ਹਾਂ ਦੇ ਸਕਿੱਲ ਦੀ ਟ?ਰੇਨਿੰਗ ਲੈ ਕੇ ਨੌਜਵਾਨ ਆਪਣਾ ਰੁਜ਼ਗਾਰ ਖ਼ੁਦ ਸ਼ੁਰੂ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਬੇਰੁਜ਼ਗਾਰੀ ਨੂੰ ਘਟਾਉਣ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਇਸ ਤਰ੍ਹਾਂ ਦੇ ਸਕਿੱਲ ਸੈਂਟਰ ਮਦਦਗਾਰ ਸਾਬਤ ਹੋਣਗੇ। ਉਨ੍ਹਾਂ ਕਿਹਾ ਕਿ ਹੁਨਰ ਵਿਕਾਸ ਰਾਹੀਂ ਨੌਜਵਾਨਾਂ ਲਈ ਰੁਜ਼ਗਾਰ ਅਤੇ ਸਵੈ-ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ। ਸਥਾਨਕ ਸੱਭਿਆਚਾਰਕ ਕੇਂਦਰ ’ਚ ਸਮਾਗਮ ਨੂੰ ਸੰਬੋਧਨ ਕਰਦਿਆਂ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸਨ ਫਾਊਂਡੇਸ਼ਨ ਵੱਲੋਂ



ਸਿੱਖਿਆ, ਹੁਨਰ ਵਿਕਾਸ ਅਤੇ ਸਮਾਜਿਕ ਸੇਵਾ ਦੇ ਖੇਤਰ ’ਚ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੌਜਵਾਨਾਂ ਨੂੰ ਮਿਹਨਤ, ਅਨੁਸ਼ਾਸਨ ਅਤੇ ਸਮਰਪਣ ਨਾਲ ਆਪਣੇ ਟੀਚਿਆਂ ਦੀ ਪ੍ਰਾਪਤੀ ਲਈ ਪ੍ਰੇਰਿਤ ਕੀਤਾ। ਪੱਤਰਕਾਰਾਂ ਵੱਲੋਂ ਨਸ਼ਿਆਂ ਦੀ ਰੋਕਥਾਮ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ ’ਚ ਰਾਜਪਾਲ ਕਟਾਰੀਆ ਨੇ ਦੱਸਿਆ ਕਿ ਨਸ਼ਿਆਂ ਨੂੰ ਲੈ ਕੇ ਸਰਕਾਰ ਵੱਲੋਂ ਕਾਨੂੰਨ ਨੂੰ ਸਖ਼ਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਨਾਲੋਂ ਬਹੁਤ ਹੱਦ ਤੱਕ ਨਸ਼ੇ ਤੇ ਰੋਕਥਾਮ ਪਾਈ ਗਈ ਹੈ। ਉਨ੍ਹਾਂ ਕਿਹਾ ਕਿ ਨਸ਼ੇ ਨੂੰ ਰੋਕਣ ਲਈ ਜਨ ਅੰਦੋਲਨ ਬਣਾਇਆ ਗਿਆ ਹੈ, ਇਸ ਨਾਲ ਥਾਂ-ਥਾਂ ਵਿਕਣ ਵਾਲੇ ਨਸ਼ਿਆਂ ’ਤੇ ਰੋਕ ਲੱਗੀ ਹੈ। ਉਨ੍ਹਾਂ ਕਿਹਾ ਕਿ ਡਰੋਨ ਰਾਹੀਂ ਆਉਣ ਵਾਲੇ ਨਸ਼ੇ ਨੂੰ ਰੋਕਣ ਲਈ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਲਦ ਹੀ ਇਸ ’ਤੇ ਵੀ ਕਾਬੂ ਪਾ ਲਿਆ ਜਾਵੇਗਾ। ਸਨ ਫਾਊਂਡੇਸ਼ਨ ਦੇ ਚੇਅਰਮੈਨ ਡਾ. ਵਿਕਰਮਜੀਤ ਸਾਹਨੀ ਨੇ ਦੱਸਿਆ ਕਿ ਸਨ ਫਾਊਂਡੇਸ਼ਨ ਵੱਲੋਂ ਪੰਜਾਬ ’ਚ ਸਥਾਪਿਤ ਕੀਤਾ ਗਿਆ ਇਹ ਪੰਜਵਾਂ ਸਕਿੱਲ ਡਿਵੈਲਪਮੈਂਟ ਸੈਂਟਰ ਹੈ, ਜੋ ਹਰ ਸਾਲ ਕਰੀਬ 1,000 ਨੌਜਵਾਨਾਂ ਨੂੰ ਮੁਫ਼ਤ ਹੁਨਰ ਸਿਖਲਾਈ ਅਤੇ ਰੁਜ਼ਗਾਰ ਸਹਾਇਤਾ ਪ੍ਰਦਾਨ ਕਰੇਗਾ। ਇਹ ਸਕਿੱਲ ਡਿਵੈਲਪਮੈਂਟ ਸੈਂਟਰ ਆਫ ਐਕਸੀਲੈਂਸ ਫਰੀਦਕੋਟ ਦੇ ਨੌਜਵਾਨਾਂ ਨੂੰ ਸਮਰਪਿਤ ਹੈ। ਇਸ ਉਪਰੰਤ ਰਜਾਪਾਲ ਗੁਲਾਬ ਚੰਦ ਕਟਾਰੀਆ ਟਿੱਲਾ ਬਾਬਾ ਫਰੀਦ ਵਿਖੇ ਵੀ ਨਤਮਸਤਕ ਹੋਏ। ਇਸ ਮੌਕੇ ਪ੍ਰੋ. (ਡਾ.) ਰਾਜੀਵ ਸੂਦ, ਵਾਈਸ ਚਾਂਸਲਰ, ਡਿਪਟੀ ਕਮਿਸ਼ਨਰ ਰਾਹੁਲ ਚਾਬਾ, ਐਸ.ਐਸ.ਪੀ. ਸ. ਗੁਰਬੰਸ ਸਿੰਘ ਬੈਂਸ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਇਸ ਤੋਂ ਪਹਿਲਾਂ ਫਰੀਦਕੋਟ ਵਿਖੇ ਪਹਿਲੀ ਵਾਰ ਆਉਣ ਤੇ ਪੁਲਿਸ ਦੀ ਟੁੱਕੜੀ ਵੱਲੋਂ ਉਨ੍ਹਾਂ ਨੂੰ ਗਾਰਡ ਆਫ ਆਨਰ ਵੀ ਦਿੱਤਾ ਗਿਆ।

## ਪੰਜਾਬ ’ਚ ਜਲਦੀ ਹੋ ਸਕਦੀਆਂ ਹਨ ਵਿਧਾਨ ਸਭਾ ਚੋਣਾਂ ! ਭਾਜਪਾ ਪ੍ਰਧਾਨ ਨੇ ਦਿੱਤੇ ਸੰਕੇਤ

ਅਬੋਹਰ 22 ਜੂਨ। 2027 ਵਿਚ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਇਸੇ ਸਾਲ ਦੇ ਅਖ਼ੀਰ ਤਕ ਹੋ ਸਕਦੀਆਂ ਹਨ। ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਵੀ ਇਸ ਗੱਲ ਦੇ ਸੰਕੇਤ ਦਿੱਤੇ ਹਨ। ਅਬੋਹਰ ਵਿਖੇ ਇਕ ਸਮਾਗਮ ਨੂੰ ਸੰਬੋਧਨ ਕਰਦਿਆਂ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਇਸੇ ਸਾਲ ਨਵੰਬਰ ਮਹੀਨੇ ਪੰਜਾਬ ਵਿਚ ਵਿਧਾਨ ਸਭਾ ਚੋਣਾਂ ਹੋ ਸਕਦੀਆਂ ਹਨ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸੂਬੇ ਵਿਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਾਉਣ, ਤਾਂ ਜੋ ਪੰਜਾਬ ਨੂੰ ਮੁੜ ਤੋਂ ਨੰਬਰ 1 ਸੂਬਾ ਬਣਾਇਆ ਜਾ ਸਕੇ। ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਦੇ 12 ਸਾਲਾਂ ਦੇ ਕਾਰਜਕਾਲ ਦੌਰਾਨ 4 ਲੱਖ 13 ਹਜ਼ਾਰ ਕਰੋੜ ਰੁਪਏ ਪੰਜਾਬ ਆ ਚੁੱਕੇ ਹਨ, ਪਰ ਪਤਾ ਨਹੀਂ ਲੱਗਦਾ ਇਹ ਪੈਸਾ ਲੱਗਿਆ ਕਿੱਥੇ ਹੈ। ਉਨ੍ਹਾਂ ਕਿਹਾ ਕਿ ਨੀਤੀ ਆਯੋਗ ਦੇ ਅੰਕੜਿਆਂ ਮੁਤਾਬਕ ਪੰਜਾਬ ਪਹਿਲਾਂ ਨੰਬਰ ਸੂਬਾ ਹੁੰਦਾ ਸੀ, ਪਰ ਹੁਣ 18ਵੇਂ ਨੰਬਰ ’ਤੇ ਜਾ ਪਹੁੰਚਿਆ ਹੈ। ਉੱਥੇ ਹੀ ਉੱਤਰ ਪ੍ਰਦੇਸ਼ 18ਵੇਂ ਨੰਬਰ ’ਤੇ ਹੁੰਦਾ ਸੀ, ਉਹ ਨੰਬਰ 2 ’ਤੇ ਪਹੁੰਚ ਗਿਆ ਹੈ। ਉਨ੍ਹਾਂ ਨੇ ਲੋਕਾਂ ਨੂੰ ਵਾਅਦਾ ਕੀਤਾ ਸੂਬੇ ਵਿਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਨ ’ਤੇ ਪੰਜਾਬ ਨੂੰ ਫ਼?ਰ ਤੋਂ ਨੰਬਰ 1 ਸੂਬਾ ਬਣਾਇਆ ਜਾਵੇਗਾ ਤੇ ਨਸ਼ਿਆਂ ਨੂੰ ਖ਼ਤਮ ਕਰ ਕੇ ਪੰਜਾਬ ਨੂੰ ਮੁੜ ਤੋਂ ਖ਼ੁਸ਼ਹਾਲ ਕੀਤਾ ਜਾਵੇਗਾ। ਢਿੱਲੋਂ ਨੇ ਕਿਹਾ ਕਿ ਉਨ੍ਹਾਂ ਨੂੰ ਚੁਟਕਲੇ ਸੁਣਾਉਣੇ ਜਾਂ ਸ਼ੇਅਰੋ-ਸ਼ਾਇਰੀ ਕਰਨੀ ਨਹੀਂ ਆਉਂਦੀ, ਸਗੋਂ ਕੰਮ ਕਰਨਾ ਆਉਂਦਾ ਹੈ। ਇਸ ਮੌਕੇ ਪੰਜਾਬ ਭਾਜਪਾ ਪ੍ਰਧਾਨ ਨੇ ਅਬੋਹਰ ਦੀਆਂ ਨਗਰ ਨਿਗਮ ਚੋਣਾਂ ਦੌਰਾਨ ਭਾਜਪਾ ਨੂੰ ਜਿਤਾਉਣ ਲਈ ਇੱਥੋਂ ਦੇ ਲੋਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਨੇ ਪੰਜਾਬ ਭਾਜਪਾ ਦੇ ਸਾਬਕਾ ਪ੍ਰਧਾਨ ਸੁਨੀਲ ਜਾਖੜ, ਵਿਧਾਇਕ ਸੰਦੀਪ ਜਾਖੜ ਅਤੇ ਪਾਰਟੀ ਦੇ ਵਰਕਰਾਂ ਦੀ ਪਿੱਠ ਵੀ ਥਾਪੜੀ ਤੇ ਕਿਹਾ ਕਿ ਅਬੋਹਰ ਵਿਚ ਭਾਜਪਾ ਨੇ ਪਹਿਲੀ ਝੰਡੀ ਗੱਡ ਦਿੱਤੀ ਹੈ ਤੇ ਅਗਲੀਆਂ ਵਿਧਾਨ ਸਭਾ ਚੋਣਾਂ ਵਿਚ ਲੋਕ ਭਾਜਪਾ ਦੀ ਸਰਕਾਰ ਬਣਾਉਣਗੇ। ਉਨ੍ਹਾਂ ਸਟੇਜ ’ਤੇ ਮੌਜੂਦ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਕੰਮਾਂ ਦੀ ਰੱਜ ਕੇ ਤਾਰੀਫ਼ ਕੀਤੀ ਤੇ ਕਿਹਾ ਕਿ ਹਰਿਆਣਾ ਵਿਚ ਭਾਜਪਾ ਦੀ ਸਰਕਾਰ 24 ਫ਼ਸਲਾਂ ’ਤੇ ਐੱਮ. ਐੱਸ. ਪੀ. ਦੇ ਰਹੀ ਹੈ। ਪੰਜਾਬ ਵਿਚ 2 ਮੁੱਖ ਫ਼ਸਲਾਂ, ਕਣਕ ਤੇ ਝੋਨਾ ਵੀ ਕੇਂਦਰ ਦੇ ਪੈਸਿਆਂ ਨਾਲ ਹੀ ਚੁੱਕਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ 22 ਸੂਬਿਆਂ ਵਿਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਹੈ, ਜਿੱਥੇ ਤੇਜ਼ੀ ਨਾਲ ਵਿਕਾਸ ਕਾਰਜ ਅਤੇ ਲੋਕ ਭਲਾਈ ਦੇ ਕੰਮ ਹੋ ਰਹੇ ਹਨ।

### ਜਲੰਧਰ ਪੁਲਸ ਦਾ ‘ਗੈਂਗਸਟਰਾਂ ਤੇ ਵਾਰ’: ਫਾਇਰਿੰਗ ਮਾਮਲੇ ’ਚ ਇੱਕ ਮੁਲਜ਼ਮ ਕਾਬੂ

ਜਲੰਧਰ 22 ਜੂਨ। ਕਮਿਸ਼ਨਰੇਟ ਪੁਲਸ ਜਲੰਧਰ ਨੇ “ਗੈਂਗਸਟਰਾਂ ਤੇ ਵਾਰ”ਮੁਹਿੰਮ ਤਹਿਤ ਇੱਕ ਵੱਡੀ ਸਫਲਤਾ ਹਾਸਲ ਕਰਦਿਆਂ ਫਾਇਰਿੰਗ ਅਤੇ ਧਮਕੀ ਦੇ ਮਾਮਲੇ ਨੂੰ ਕੁਝ ਹੀ ਸਮੇਂ ਵਿੱਚ ਸੁਲਝਾ ਲਿਆ ਹੈ। ਪੁਲਸ ਨੇ ਇਸ ਮਾਮਲੇ ਵਿੱਚ ਇੱਕ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ, ਜਦਕਿ ਦੂਜੇ ਫਰਾਰ ਮੁਲਜ਼ਮ ਦੀ ਪਛਾਣ ਕਰਕੇ ਉਸ ਦੀ ਗ੍ਰਿਫ਼ਤਾਰੀ ਲਈ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ। ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਦਿਸ਼ਾ-ਨਿਰਦੇਸ਼ਾਂ ਹੇਠ ਇਨਵੈਸਟੀਗੇਸ਼ਨ ਮਨਪ੍ਰੀਤ ਸਿੰਘ ਢਿਲੋਂ, ਜੇਅੰਤ ਪੁਰੀ ਅਤੇ ਹੋਰ ਉੱਚ ਅਧਿਕਾਰੀਆਂ ਦੀ ਨਿਗਰਾਨੀ ਹੇਠ ਵਿਸ਼ੇਸ਼ ਰੇਡ ਟੀਮਾਂ ਦਾ ਗਠਨ ਕੀਤਾ ਗਿਆ ਸੀ। 391 ਸਟਾਫ਼ ਅਤੇ ਥਾਣਾ ਰਾਮਾ ਮੰਡੀ ਦੀ ਪੁਲਸ ਨੇ ਸਾਂਝੀ ਕਾਰਵਾਈ ਕਰਦਿਆਂ ਤਕਨੀਕੀ ਅਤੇ ਮਨੁੱਖੀ ਸੂਚਨਾ ਦੇ ਆਧਾਰ ’ਤੇ ਇਸ ਮਾਮਲੇ ਨੂੰ ਬਹੁਤ ਘੱਟ ਸਮੇਂ ਵਿੱਚ ਟਰੇਸ ਕਰ ਲਿਆ। ਪੁਲਸ ਰਿਕਾਰਡ ਅਨੁਸਾਰ, 12 ਜੂਨ 2026 ਨੂੰ ਦੁਪਹਿਰ ਕਰੀਬ 03:00 ਵਜੇ ਦੋ ਮੋਟਰਸਾਈਕਲ ਸਵਾਰ ਵਿਅਕਤੀਆਂ ਵੱਲੋਂ ਫਾਇਰਿੰਗ ਕੀਤੀ ਗਈ ਸੀ। ਇਸ ਸਬੰਧੀ ਥਾਣਾ ਰਾਮਾ ਮੰਡੀ ਵਿੱਚ ਬੀ.ਐਨ.ਐਸ ਦੀਆਂ ਵੱਖ-ਵੱਖ ਧਾਰਾਵਾਂ ਅਤੇ ਆਰਮਜ਼ ਐਕਟ ਤਹਿਤ ਮੁਕੱਦਮਾ ਨੰਬਰ 130 ਦਰਜ ਕੀਤਾ ਗਿਆ ਸੀ। ਪੁਲਸ ਦੀ ਮੁੱਢਲੀ ਜਾਂਚ ਵਿੱਚ ਇਹ ਗੱਲ ਸਾਹਮਣੇ ਆਈ ਹੈ ਕਿ ਇਸ ਫਾਇਰਿੰਗ ਪਿੱਛੇ ਇੱਕ ਸੰਗਠਿਤ ਅਪਰਾਧਿਕ ਨੈੱਟਵਰਕ ਦਾ ਹੱਥ ਹੋ ਸਕਦਾ ਹੈ। ਪੁਲਸ ਹੁਣ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ ਤਾਂ ਜੋ ਇਸ ਨੈੱਟਵਰਕ ਨਾਲ ਜੁੜੇ ਹਰ ਵਿਅਕਤੀ ਦੀ ਪਹਿਚਾਣ ਕਰਕੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾ ਸਕੇ।

## ਵਿਦੇਸ਼ ’ਚ ਬੈਠੇ ਆਕਾ ਦੇ ਇਸ਼ਾਰੇ ’ਤੇ ਫਿਰੌਤੀ ਦੀ ਵੱਡੀ ਸਾਜ਼ਿਸ਼ ਨਾਕਾਮ, ਗੈਂਗ ਦੇ 4 ਖ਼ਤਰਨਾਕ ਗੁਰਗੇ ਗ੍ਰਿਫਤਾਰ

**ਕੌਮੀ ਪਤ੍ਰਿਕਾ**

ਲੁਧਿਆਣਾ 22 ਜੂਨ। ਮਹਾਨਗਰ ਵਿੱਚ ਵੱਡੀਆਂ ਵਾਰਦਾਤਾਂ ਨੂੰ ਅੰਜਾਮ ਦੇ ਕੇ ਦਹਿਸ਼ਤ ਫੈਲਾਉਣ ਵਾਲੇ ਇੱਕ ਅੰਤਰਰਾਜੀ ਅਪਰਾਧਿਕ ਸਿੰਡੀਕੇਟ ਦਾ ਪਰਦਾਫਾਸ਼ ਕਰਦਿਆਂ ਲੁਧਿਆਣਾ ਪੁਲਸ ਦੀ ਕ੍ਰਾਈਮ ਬ੍ਰਾਂਚ ਨੇ ਵੱਡੀ ਸਫਲਤਾ ਹਾਸਲ ਕੀਤੀ ਹੈ। ਪੁਲਸ ਨੇ ਵਿਦੇਸ਼ ਵਿੱਚ ਬੈਠ ਕੇ ਗੈਂਗ ਚਲਾ ਰਹੇ ਗੈਂਗਸਟਰ ਦੇ ਇਸ਼ਾਰੇ ’ਤੇ ਪੰਜਾਬ ਵਿੱਚ ਫਿਰੌਤੀ (ਰੰਗਦਾਰੀ) ਅਤੇ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਨਿਮਿਤ ਗੈਂਗ ਦੇ 4 ਮੁੱਖ ਗੁਰਗਿਆਂ ਨੂੰ ਭਾਰੀ ਮਾਤਰਾ ਵਿੱਚ ਨਾਜਾਇਜ਼ ਅਸਲਾ, ਜ਼ਿੰਦਾ ਕਾਰਤੂਸ ਅਤੇ ਕਰੋੜਾਂ ਰੁਪਏ ਦੀ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਹ ਸ਼ਾਤਰ ਅਪਰਾਧੀ ਲੁਧਿਆਣਾ ਦੇ ਇੱਕ ਵੱਡੇ ਕਾਰੋਬਾਰੀ ’ਤੇ ਗੋਲੀਆਂ ਚਲਾ ਕੇ ਮੋਟੀ ਰਕਮ ਵਸੂਲਣ ਦੀ ਤਾਕ ਵਿੱਚ ਸਨ, ਪਰ ਇਸ ਤੋਂ ਪਹਿਲਾਂ ਹੀ ਪੁਲਸ ਨੇ ਜਾਲ ਵਿਛਾ ਕੇ ਇਨ੍ਹਾਂ ਨੂੰ ਦਬੋਚ ਲਿਆ। ਪੁਲਸ ਕਮਿਸ਼ਨਰ ਕੁਲਦੀਪ ਸਿੰਘ ਚਾਹਲ (ਆਈ.ਪੀ.ਐੱਸ.) ਵੱਲੋਂ ਸਮਾਜ ਵਿਰੋਧੀ ਅਨਸਰਾਂ ਅਤੇ ਨਸ਼ਾ ਤਸਕਰਾਂ ਵਿਰੁੱਧ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਡੀ.ਸੀ.ਪੀ. (ਇਨਵੈਸਟੀਗੇਸ਼ਨ) ਹਰਪਾਲ ਸਿੰਘ, ਏ.ਡੀ.ਸੀ.ਪੀ. (ਇਨਵੈਸਟੀਗੇਸ਼ਨ) ਅਮਨਦੀਪ ਸਿੰਘ ਬਰਾੜ ਅਤੇ ਏ.ਸੀ.ਪੀ. (ਡਿਟੈਕਟਿਵ-2) ਦੀਪਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ’ਤੇ ਕ੍ਰਾਈਮ ਬ੍ਰਾਂਚ ਦੇ ਇੰਚਾਰਜ ਇੰਸਪੈਕਟਰ ਨਵਦੀਪ ਸਿੰਘ ਦੀ ਅਗਵਾਈ ਹੇਠ ਪੁਲਸ ਪਾਰਟੀ ਪੱਖੋਵਾਲ ਰੋਡ ’ਤੇ ਓਮੈਕਸ ਫਲੈਟਸ ਕੋਲ ਗਸ਼ਤ ਅਤੇ ਚੈਕਿੰਗ ’ਤੇ ਤਾਇਨਾਤ ਸੀ। ਇਸ ਦੌਰਾਨ ਇੰਸਪੈਕਟਰ



ਨਵਦੀਪ ਸਿੰਘ ਨੂੰ ਇਕ ਬਹੁਤ ਖਾਸ ਮੁਖ਼ਬਰ ਨੇ ਗੁਪਤ ਸੂਚਨਾ ਦਿੱਤੀ ਕਿ ਅਭਿਜੀਤ ਸਿੰਘ ਉਰਫ਼ ਮੰਡ, ਮਾਨੀਆ ਸਾਹਨੀ, ਅੰਕੁਸ਼ ਯਾਦਵ, ਸੁਖਮਨ ਸਿੰਘ, ਯੁਵਰਾਜ ਸਿੰਘ ਉਰਫ਼ ਹਰਮਨ ਅਤੇ ਨਿਮਿਤ ਸ਼ਰਮਾ ਨੇ ਮਿਲ ਕੇ ਆਪਣਾ ਇੱਕ ਖ਼ਤਰਨਾਕ ਅਪਰਾਧਿਕ ਸੰਗਠਨ (ਗੈਂਗ) ਬਣਾਇਆ ਹੋਇਆ ਹੈ। ਪੁੱਛਗਿੱਛ ਦੌਰਾਨ ਹੈਰਾਨ ਕਰਨ ਵਾਲਾ ਖੁਲਾਸਾ ਹੋਇਆ ਹੈ ਕਿ ਇਸ ਗੈਂਗ ਦਾ ਸਰਗਣਾ ਨਿਮਿਤ ਸ਼ਰਮਾ ਇਸ ਵੇਲੇ ਵਿਦੇਸ਼ (ਵਿਦੇਸ਼ ਦੀ ਧਰਤੀ) ਵਿੱਚ ਬੈਠ ਕੇ ਇੰਟਰਨੈੱਟ ਰਾਹੀਂ ਗੈਂਗ ਨੂੰ ਆਪਰੇਟ ਕਰ ਰਿਹਾ ਹੈ। ਨਿਮਿਤ ਦੇ ਇਸ਼ਾਰੇ ’ਤੇ ਇਹ ਸਾਰੇ ਮੁਲਜ਼ਮ ਲੁਧਿਆਣਾ ਅਤੇ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਵੱਡੇ ਕਾਰੋਬਾਰੀਆਂ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਕੇ ਮੋਟੀ ਫਿਰੌਤੀ ਵਸੂਲਦੇ ਹਨ ਅਤੇ ਖੌਫ ਪੈਦਾ ਕਰਨ ਲਈ ਉਨ੍ਹਾਂ ਦੇ ਘਰਾਂ ਜਾਂ ਦਫਤਰਾਂ ’ਤੇ ਫਾਇਰਿੰਗ ਵੀ ਕਰਦੇ ਹਨ। ਇਸ ਤੋਂ ਇਲਾਵਾ, ਇਹ ਗੈਂਗ ਸਰਹੱਦੀ ਖੇਤਰ (ਅੰਮ੍ਰਿਤਸਰ ਸਰਹੱਦ) ਤੋਂ ਭਾਰੀ ਮਾਤਰਾ ਵਿੱਚ ਨਾਜਾਇਜ਼ ਹਥਿਆਰ ਅਤੇ ਹੈਰੋਇਨ ਮੰਗਵਾ ਕੇ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਸਪਲਾਈ ਕਰਦਾ ਹੈ। ਗੈਂਗ ਨੇ ਆਪਣਾ ਨਾਂ ਨਿਮਿਤ ਗੈਂਗ ਰੱਖਿਆ ਹੋਇਆ ਹੈ। ਪੁਲਸ ਨੂੰ ਪੁਖਤਾ ਇਨਪੁਟ ਮਿਲਿਆ ਸੀ ਕਿ ਇਹ ਮੁਲਜ਼ਮ ਕਿਸੇ ਵੱਡੇ ਕਾਰੋਬਾਰੀ ’ਤੇ ਜਾਨਲੇਵਾ ਹਮਲਾ ਕਰਨ ਦੀ ਫਿਰਾਕ ’ਚ ਹਨ ਤੇ ਇਨ੍ਹਾਂ ਦੇ ਕੁਝ ਸਾਥੀ ਅੰਮ੍ਰਿਤਸਰ ਬਾਰਡਰ ਤੋਂ ਹਥਿਆਰਾਂ ਦੀ ਖੇਪ ਲੈ ਕੇ ਆਏ ਹਨ, ਜੋ ਅੱਜ ਰਾਤ ਲੁਧਿਆਣਾ ’ਚ ਇਕੱਠੇ ਹੋ ਕੇ ਕਿਸੇ ਵੱਡੀ ਖ਼ੂਨੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਹਨ। ਇਨ੍ਹਾਂ ਸਾਰੇ ਮੁਲਜ਼ਮਾਂ ’ਤੇ ਪਹਿਲਾਂ ਵੀ ਕਈ ਗੰਭੀਰ ਅਪਰਾਧਿਕ ਮਾਮਲੇ ਦਰਜ ਹਨ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਇੰਸਪੈਕਟਰ ਨਵਦੀਪ ਸਿੰਘ ਨੇ ਤੁਰੰਤ ਕਾਰਵਾਈ ਕੀਤੀ ਅਤੇ ਥਾਣਾ ਸਦਰ ਲੁਧਿਆਣਾ ਵਿਖੇ ਨਵੇਂ ਕਾਨੂੰਨ ਭਾਰਤੀ ਨਿਆ ਸੰਹਿਤਾ ਦੀ ਧਾਰਾ 111(1), 111(2) [ਸੰਗਠਿਤ ਅਪਰਾਧ], 351(3), 308(2), ਐੱਨ.ਡੀ.ਪੀ.ਐੱਸ. ਐਕਟ ਦੀ ਧਾਰਾ 21/29-61-85 ਅਤੇ ਅਸਲਾ ਐਕਟ ਤਹਿਤ ਮੁਕੱਦਮਾ ਨੰਬਰ 149 ਦਰਜ ਕਰਕੇ ਜਾਲ ਵਿਛਾਇਆ। ਕ੍ਰਾਈਮ ਬ੍ਰਾਂਚ ਦੀ ਟੀਮ ਨੇ ਮੁਸਤੈਦੀ ਦਿਖਾਉਂਦੇ ਹੋਏ ਘੇਰਾਬੰਦੀ ਕਰਕੇ ਗੈਂਗ ਦੇ 4 ਮੁਲਜ਼ਮਾਂ—ਅਭਿਜੀਤ ਸਿੰਘ ਉਰਫ਼ ਮੰਡ (ਨਿਵਾਸੀ ਦੁੱਗਰੀ), ਮਾਨੀਆ ਸਾਹਨੀ (ਨਿਵਾਸੀ ਜਵਾਹਰ ਨਗਰ ਕੈਂਪ), ਸੁਖਮਨ ਸਿੰਘ ਉਰਫ਼ ਮਿੱਠੂ (ਨਿਵਾਸੀ ਦੁੱਗਰੀ) ਅਤੇ ਅੰਕੁਸ਼ ਯਾਦਵ (ਨਿਵਾਸੀ ਦੁੱਗਰੀ) ਨੂੰ ਗ੍ਰਿਫ਼ਤਾਰ ਕਰ ਲਿਆ। ਪੁਲਸ ਨੇ ਮੁਲਜ਼ਮਾਂ ਦੇ ਕਬਜ਼ੇ ’ਚੋਂ ਇਕ .32 ਬੋਰ ਦੀ ਪਿਸਤੌਲ, 3 ਜ਼ਿੰਦਾ ਕਾਰਤੂਸ, ਮੈਗਜ਼ੀਨ, 300 ਗ੍ਰਾਮ ਵਪਾਰਕ ਮਾਤਰਾ ਦੀ ਹੈਰੋਇਨ ਅਤੇ ਵਾਰਦਾਤ ਵਿੱਚ ਵਰਤੀ ਜਾਣ ਵਾਲੀ ਇੱਕ ਚਿੱਟੇ ਰੰਗ ਦੀ ਸਵਿਫਟ ਕਾਰ ਬਰਾਮਦ ਕੀਤੀ ਹੈ। ਪੁਲਸ ਹੁਣ ਇਨ੍ਹਾਂ ਚਾਰਾਂ ਮੁਲਜ਼ਮਾਂ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕਰ ਰਹੀ ਹੈ ਤਾਂ ਜੋ ਉਨ੍ਹਾਂ ਤੋਂ ਪੁੱਛਗਿੱਛ ਕਰਕੇ ਵਿਦੇਸ਼ ਬੈਠੇ ਨਿਮਿਤ ਸ਼ਰਮਾ ਅਤੇ ਉਨ੍ਹਾਂ ਦੇ ਹੋਰ ਸਾਥੀਆਂ (ਯੁਵਰਾਜ ਉਰਫ਼ ਹਰਮਨ) ਦੇ ਟਿਕਾਣਿਆਂ ਦਾ ਪਤਾ ਲਗਾਇਆ ਜਾ ਸਕੇ।